ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 11 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਇੰਮੀਗ੍ਰੇਸ਼ਨ ਏਜੰਟਾਂ ਦੀ ਖੁੱਲ੍ਹੀ ਪੋਲ! ਪੰਜਾਬ 'ਚ 92 ਪ੍ਰਤੀਸ਼ਤ ਏਜੰਟ ਗੈਰ-ਕਾਨੂੰਨੀ ਤੌਰ 'ਤੇ ਕਰ ਰਹੇ ਕੰਮ, 8 ਜ਼ਿਲ੍ਹਿਆਂ 'ਚ ਇੱਕ ਕੋਲ ਵੀ ਲਾਇਸੰਸ ਨਹੀਂ

**ਚੰਡੀਗੜ੍ਹ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਲੋਕਾਂ ਵਿੱਚ ਵਿਦੇਸ਼ ਜਾਣ ਦਾ ਬਹੁਤ ਕ੍ਰੇਜ਼ ਹੈ। ਇਹੀ ਕਾਰਨ ਹੈ ਕਿ ਸੂਬੇ ਵਿੱਚ ਇਮੀਗ੍ਰੇਸ਼ਨ ਏਜੰਟਾਂ ਦੀ ਗਿਣਤੀ ਵੀ ਲਗਾਤਾਰ ਵੱਧ ਰਹੀ ਹੈ। ਇਨ੍ਹਾਂ ਏਜੰਟਾਂ ਨੇ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਆਪਣੇ ਦਫ਼ਤਰ ਖੋਲ੍ਹੇ ਹਨ, ਪਰ ਜਾਣ ਕੇ ਹੈਰਾਨੀ ਹੋਏਗੀ ਕਿ ਇਨ੍ਹਾਂ ਵਿੱਚੋਂ 92 ਪ੍ਰਤੀਸ਼ਤ ਗੈਰ-ਕਾਨੂੰਨੀ ਤੌਰ 'ਤੇ ਕੰਮ ਕਰ ਰਹੇ ਹਨ। ਜੀ ਹਾਂ, ਪੰਜਾਬ ਵਿੱਚ ਸਿਰਫ਼ 8 ਪ੍ਰਤੀਸ਼ਤ ਏਜੰਟ ਰਜਿਸਟਰਡ ਹਨ। ਵਿਦੇਸ਼ ਮੰਤਰਾਲੇ ਦੇ ਰਿਕਾਰਡ ਅਨੁਸਾਰ ਪੰਜਾਬ ਵਿੱਚ ਸਿਰਫ਼ 212 ਏਜੰਟਾਂ ਨੇ ਆਪਣੇ ਆਪ ਨੂੰ ਰਜਿਸਟਰ ਕਰਵਾਇਆ ਹੈ, ਪਰ ਉਨ੍ਹਾਂ ਵਿੱਚੋਂ 65 ਦੇ ਲਾਇਸੈਂਸ ਐਕਸਪਾਇਰ, ਰੱਦ ਜਾਂ ਅਕਿਰਿਆਸ਼ੀਲ ਹੋ ਚੁੱਕੇ ਹਨ। ਹਾਲਾਤ ਇਹ ਹਨ ਕਿ ਅੱਠ ਜ਼ਿਲ੍ਹਿਆਂ ਵਿੱਚ ਇੱਕ ਵੀ ਏਜੰਟ ਰਜਿਸਟਰਡ ਨਹੀਂ, ਜਦੋਂ ਕਿ ਵੱਡੀ ਗਿਣਤੀ ਵਿੱਚ ਏਜੰਟ ਗੈਰ-ਕਾਨੂੰਨੀ ਤੌਰ 'ਤੇ ਕੰਮ ਕਰ ਰਹੇ ਹਨ। ਇਹੀ ਕਾਰਨ ਹੈ ਕਿ ਬਹੁਤ ਸਾਰੇ ਲੋਕ ਇਨ੍ਹਾਂ ਗੈਰ ਕਾਨੂੰਨੀ ਏਜੰਟਾਂ ਦੀ ਠੱਗੀ ਦਾ ਸ਼ਿਕਾਰ ਹੋ ਰਹੇ ਹਨ ਹਾਸਲ ਜਾਣਕਾਰੀ ਮੁਤਾਬਕ ਸੂਬੇ ਵਿੱਚ ਕੁੱਲ 2730 ਤੋਂ ਵੱਧ ਇਮੀਗ੍ਰੇਸ਼ਨ ਏਜੰਟ ਗੈਰ-ਕਾਨੂੰਨੀ ਤੌਰ 'ਤੇ ਕੰਮ ਕਰ ਰਹੇ ਹਨ, ਜੋ ਲੋਕਾਂ ਨੂੰ ਵਿਦੇਸ਼ ਭੇਜਣ ਲਈ ਭਾਰੀ ਰਕਮ ਵਸੂਲ ਰਹੇ ਹਨ। ਸੂਚੀ ਮੁਤਾਬਕ ਜਿਨ੍ਹਾਂ ਜ਼ਿਲ੍ਹਿਆਂ ਵਿੱਚ ਇੱਕ ਵੀ ਰਜਿਸਟਰਡ ਇਮੀਗ੍ਰੇਸ਼ਨ ਏਜੰਟ ਨਹੀਂ, ਉਨ੍ਹਾਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਤਰਨ ਤਾਰਨ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਮਲੇਰਕੋਟਲਾ ਤੇ ਮਾਨਸਾ ਸ਼ਾਮਲ ਹਨ।

### ਬੰਬ ਸਕੁਐਡ ਨੂੰ ਬੁਲਾਇਆ, ਫੌਜ ਨੂੰ ਵੀ ਕੀਤਾ ਸੂਚਿਤ

# ਪਟਿਆਲਾ 'ਚ ਕੂੜੇ ਦੇ ਡੰਪ 'ਚੋਂ ਮਿਲੇ ਰਾਕੇਟ

**ਪਟਿਆਲਾ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਪਟਿਆਲਾ ਵਿੱਚ ਇੱਕ ਸਕੂਲ ਨੇੜੇ 8 ਰਾਕੇਟ ਬਰਾਮਦ ਕੀਤੇ ਗਏ ਹਨ। ਟ੍ਰੈਫਿਕ ਪੁਲਿਸ ਨੇ ਸਭ ਤੋਂ ਪਹਿਲਾਂ ਉਨ੍ਹਾਂ ਨੂੰ ਦੇਖਿਆ। ਪੁਲਿਸ ਨੇ ਬੰਬ ਸਕੁਐਡ ਨੂੰ ਬੁਲਾਇਆ ਤੇ ਉਨ੍ਹਾਂ ਨੂੰ ਕਬਜੇ ਵਿੱਚ ਲੈ ਲਿਆ। ਇਸ ਬਾਬਤ ਐਸਐਸਪੀ ਨਾਨਕ ਸਿੰਘ ਨੇ ਕਿਹਾ ਕਿ ਇਨ੍ਹਾਂ ਰਾਕੇਟ ਸ਼ੈੱਲਾਂ ਵਿੱਚ ਕੋਈ ਵਿਸਫੋਟਕ ਨਹੀਂ ਹੈ।



ਇਹ ਕਿੱਥੋਂ ਆਇਆ, ਇਹ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ। ਇਸ ਬਾਰੇ ਫੌਜ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਫੌਜ ਦੀ ਇੱਕ ਟੀਮ ਵੀ ਜਾਂਚ ਲਈ ਆ ਰਹੀ ਹੈ, ਜੋ ਪਤਾ ਲਗਾਏਗੀ ਕਿ ਇਹ ਰਾਕੇਟ ਗੋਲੇ ਕਿੰਨੇ ਪੁਰਾਣੇ ਹਨ। ਹਾਲਾਂਕਿ, ਅਜਿਹਾ ਲੱਗਦਾ ਹੈ ਜਿਵੇਂ ਕਿਸੇ ਕਬਾੜ ਵੇਚਣ ਵਾਲੇ ਜਾਂ ਕਿਸੇ ਵਿਅਕਤੀ ਨੇ ਇਸਨੂੰ ਸੁੱਟ ਦਿੱਤਾ ਹੋਵੇ ਤੇ ਚਲਾ ਗਿਆ ਹੋਵੇ। ਦੱਸ ਦਈਏ ਕਿ ਪਟਿਆਲਾ ਦੇ ਐਸਐਸਪੀ ਡਾ. ਨਾਨਕ ਸਿੰਘ ਨੇ ਰਾਕੇਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਾਣਕਾਰੀ ਮਿਲੀ ਸੀ ਕਿ ਪੀਆਰਟੀਸੀ ਵਰਕਸ਼ਾਪ ਦੇ ਨਾਲ ਕੂੜੇ ਦੇ ਢੇਰ ਦੇ ਵਿੱਚੋਂ ਰਾਕੇਟ ਮਿਲੇ ਹਨ ਤੇ ਬੰਬ ਦਸਤੇ ਦੀ ਟੀਮ ਦੀ ਮੁਢਲੀ ਜਾਂਚ ਤੋਂ ਉਨ੍ਹਾਂ ਦੇ ਵਿੱਚੋਂ ਕੁਝ ਵੀ ਧਮਾਕੇ ਵਾਲਾ ਮਟੀਰੀਅਲ ਨਹੀਂ ਮਿਲਿਆ। ਇਸ ਤੋਂ ਇਲਾਵਾ ਫੌਜੀ ਅਧਿਕਾਰੀਆਂ ਨਾਲ ਰਾਬਤਾ ਕਰਕੇ ਟੀਮ ਨੂੰ ਬੁਲਾਇਆ ਜਾ ਰਿਹਾ ਹੈ। ਐਸਐਸਪੀ ਡਾਕਟਰ ਨਾਨਕ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੋ ਸਕਦਾ ਹੈ ਕਿ ਕਿਸੇ ਕਬਾੜੀਏ ਨੇ ਇਸ ਨੂੰ ਖਾਲੀ ਜਗ੍ਹਾ ਉੱਤੇ ਸੁੱਟਿਆ ਹੋਵੇ ਪਰ ਅਸੀਂ ਇਸ ਦੀ ਹਰ ਐਂਗਲ ਨਾਲ ਜਾਂਚ ਕਰ ਰਹੇ ਹਾ।

**ਚੰਡੀਗੜ੍ਹ ਵਿੱਚ ਵੀ ਬੰਬ ਦਾ ਸ਼ੈੱਲ ਮਿਲਿਆ**

ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਚੰਡੀਗੜ੍ਹ ਦੇ ਕੰਬਵਾਲਾ ਵਿੱਚ ਵੀ ਇੱਕ ਬੰਬ ਸ਼ੈੱਲ ਮਿਲਿਆ ਸੀ। ਇਹ ਇੱਕ ਸਰਗਰਮ ਬੰਬ ਸ਼ੈੱਲ ਸੀ। ਇਸ ਤੋਂ ਬਾਅਦ, ਚੰਡੀਗੜ੍ਹ ਪੁਲਿਸ ਨੇ ਉਸ ਇਲਾਕੇ ਨੂੰ ਖਾਲੀ ਕਰਵਾ ਲਿਆ। ਨਾਲ ਹੀ ਚੰਡੀ ਮੰਦਿਰ ਵਿਖੇ ਸਥਿਤ ਫੌਜ ਨੂੰ ਸੂਚਿਤ ਕੀਤਾ ਗਿਆ। ਫੌਜ ਦੀ ਟੀਮ ਪਹੁੰਚੀ ਅਤੇ ਬੰਬ ਨੂੰ ਜ਼ਬਤ ਕਰ ਲਿਆ। ਇਸ ਤੋਂ ਪਹਿਲਾਂ ਸਾਲ 2022 ਵਿੱਚ, ਪਟਿਆਲਾ ਸਮਾਣਾ ਵਿੱਚ ਬੰਬ ਦੇ ਗੋਲੇ ਮਿਲੇ ਸਨ।

## ਭਾਰਤੀ ਪ੍ਰਵਾਸੀਆਂ 'ਤੇ ਅਮਰੀਕਾ ਦਾ ਮੁੜ ਐਕਸ਼ਨ, ਭਾਰਤ ਸਰਕਾਰ ਨੂੰ ਭੇਜੀ ਨਵੀਂ ਲਿਸਟ

**ਨਵੀਂ ਦਿੱਲੀ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਤੋਂ ਗੈਰ-ਕਾਨੂੰਨੀ ਪਰਵਾਸੀਆਂ ਦੀ ਦੂਜੀ ਖੇਪ ਭਾਰਤ ਪਹੁੰਚ ਰਹੀ ਹੈ। ਭਾਰਤੀ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਅਮਰੀਕਾ ਨੇ ਭਾਰਤ ਭੇਜਣ ਲਈ 487 ਗੈਰ-ਕਾਨੂੰਨੀ ਭਾਰਤੀ ਪ੍ਰਵਾਸੀਆਂ ਦੀ ਪਛਾਣ ਕੀਤੀ ਹੈ। ਇਨ੍ਹਾਂ ਵਿੱਚੋਂ 298 ਲੋਕਾਂ ਬਾਰੇ ਜਾਣਕਾਰੀ ਦਿੱਤੀ ਗਈ ਹੈ। ਇਸ ਤੋਂ ਪਹਿਲਾਂ 4 ਫਰਵਰੀ ਨੂੰ 104 ਗੈਰ-ਕਾਨੂੰਨੀ ਪ੍ਰਵਾਸੀ ਭਾਰਤੀਆਂ ਨੂੰ ਭਾਰਤ ਭੇਜਿਆ ਗਿਆ ਸੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਭਾਰਤੀਆਂ ਨੂੰ ਭੇਜਦੇ ਸਮੇਂ ਕੋਈ ਦੁਰਵਿਵਹਾਰ ਨਾ ਹੋਵੇ, ਇਸ ਗੱਲ ਦਾ ਧਿਆਨ ਰੱਖਿਆ ਜਾਵੇਗਾ। ਜੇਕਰ ਅਜਿਹਾ ਕੋਈ ਮਾਮਲਾ ਸਾਡੇ ਧਿਆਨ ਵਿੱਚ ਆਉਂਦਾ ਹੈ, ਤਾਂ ਅਸੀਂ ਇਸ ਨੂੰ ਅਮਰੀਕਾ ਦੇ ਸਾਹਮਣੇ ਉਠਾਵਾਂਗੇ। ਮਿਸਰੀ ਨੇ ਕਿਹਾ ਕਿ 4 ਫਰਵਰੀ ਨੂੰ ਭਾਰਤੀਆਂ ਨੂੰ ਭਾਰਤ ਭੇਜਦੇ ਸਮੇਂ ਉਨ੍ਹਾਂ ਨਾਲ ਕੀਤੇ ਗਏ ਦੁਰਵਿਵਹਾਰ ਦਾ ਮੁੱਦਾ ਅਮਰੀਕੀ ਅਧਿਕਾਰੀਆਂ ਕੋਲ ਉਠਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮਾਸੂਮ ਲੋਕਾਂ ਨੂੰ ਗੁੰਮਰਾਹ ਕਰਕੇ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ਭੇਜਣਾ ਕੈਂਸਰ ਵਰਗੀ ਬਿਮਾਰੀ ਹੈ। ਅਜਿਹਾ ਕਰਨ ਵਾਲਿਆਂ ਵਿਰੁੱਧ ਮਾਮਲਾ ਦਰਜ ਹੋਣਾ ਚਾਹੀਦਾ ਹੈ। ਵਿਦੇਸ਼ ਸਕੱਤਰ ਨੇ ਕਿਹਾ ਕਿ ਦੇਸ਼ ਨਿਕਾਲਾ ਕੋਈ ਨਵੀਂ ਗੱਲ ਨਹੀਂ। ਵਿਦੇਸ਼ ਮੰਤਰੀ ਨੇ 6 ਫਰਵਰੀ ਨੂੰ ਸੰਸਦ ਵਿੱਚ ਇਸ ਸਬੰਧ ਵਿੱਚ ਬਿਆਨ ਵੀ ਦਿੱਤਾ ਸੀ। ਜੇਕਰ ਦੁਨੀਆ ਦਾ ਕੋਈ ਵੀ ਦੇਸ਼ ਆਪਣੇ ਨਾਗਰਿਕਾਂ ਨੂੰ ਵਾਪਸ ਸਵੀਕਾਰ ਕਰਨਾ ਚਾਹੁੰਦਾ ਹੈ, ਤਾਂ ਉਸ ਨੂੰ ਇਹ ਯਕੀਨੀ ਬਣਾਉਣ ਦੀ ਜ਼ਰੂਰਤ ਹੈ ਕਿ ਜੋ ਵੀ ਵਾਪਸ ਆ ਰਿਹਾ ਹੈ, ਉਹ ਉਸ ਦਾ ਨਾਗਰਿਕ ਹੈ, ਕਿਉਂਕਿ ਇਸ ਵਿੱਚ ਸੁਰੱਖਿਆ ਮੁੱਦੇ ਸ਼ਾਮਲ ਹਨ। ਦੱਸ ਦਈਏ ਕਿ ਅਮਰੀਕਾ ਤੋਂ ਦੇਸ਼ ਨਿਕਾਲਾ ਦਿੱਤੇ ਗਏ 104 ਭਾਰਤੀਆਂ ਨੂੰ ਲੈ ਕੇ ਇੱਕ ਅਮਰੀਕੀ ਫੌਜੀ ਸੀ-17 ਜਹਾਜ਼ 5 ਫਰਵਰੀ ਨੂੰ ਪੰਜਾਬ ਦੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ ਸੀ। ਇਨ੍ਹਾਂ ਲੋਕਾਂ ਦੇ ਪੈਰਾਂ ਵਿੱਚ ਬੇੜੀਆਂ ਬੰਨ੍ਹੀਆਂ ਹੋਈਆਂ ਸਨ, ਜਦੋਂਕਿ ਉਨ੍ਹਾਂ ਦੇ ਹੱਥ ਵੀ ਜ਼ੰਜੀਰਾਂ ਨਾਲ ਬੰਨ੍ਹੇ ਹੋਏ ਸਨ। ਯੂਐਸ ਬਾਰਡਰ ਪੈਟਰੋਲ ਚੀਫ ਮਾਈਕਲ ਬੈਂਕਸ ਨੇ ਆਪਣੇ ਐਕਸ ਹੈਂਡਲ 'ਤੇ ਇਸ ਦਾ ਵੀਡੀਓ ਸਾਂਝਾ ਕੀਤਾ ਸੀ। ਇਸ ਵੀਡੀਓ ਵਿੱਚ ਭਾਰਤੀਆਂ ਦੇ ਹੱਥਾਂ ਤੇ ਪੈਰਾਂ ਵਿੱਚ ਬੇੜੀਆਂ ਸਾਫ਼ ਦਿਖਾਈ ਦੇ ਰਹੀਆਂ ਸਨ।

## ਕੇਜਰੀਵਾਲ ਇੱਕ ਚੰਗਾ ਬੰਦਾ, ਇਸ ਨੂੰ ਬਣਾਇਆ ਜਾਵੇ ਮੁੱਖ ਮੰਤਰੀ, ਪੰਜਾਬ ਦੇ ਵਿਧਾਇਕਾਂ ਨੂੰ ਕਹਿਣ ਲਈ ਕੀਤਾ ਜਾਵੇਗਾ ਮਜ਼ਬੂਰ, ਸਿਰਸਾ ਦਾ ਦਾਅਵਾ

**ਨਵੀਂ ਦਿੱਲੀ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਹਾਰ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਵਿਧਾਇਕਾਂ ਦੀ ਮੀਟਿੰਗ ਬੁਲਾਈ ਹੈ। ਇਹ ਮੀਟਿੰਗ 11 ਫਰਵਰੀ ਨੂੰ ਸਵੇਰੇ 11 ਵਜੇ ਕਪੂਰਥਲਾ ਭਵਨ, ਦਿੱਲੀ ਵਿੱਚ ਹੋਵੇਗੀ। ਮੀਟਿੰਗ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਸਾਰੇ ਵਿਧਾਇਕ ਅਤੇ ਮੰਤਰੀ ਸ਼ਾਮਲ ਹੋਣਗੇ।



ਇਸ ਤੋਂ ਬਾਅਦ ਹੁਣ ਭਾਰਤੀ ਜਨਤਾ ਪਾਰਟੀ ਵੱਲੋਂ ਵੱਡਾ ਖੁਲਾਸਾ ਕੀਤਾ ਗਿਆ ਹੈ। ਦਿੱਲੀ ਦੇ ਰਾਜੌਰੀ ਗਾਰਡਨ ਤੋਂ ਭਾਰਤੀ ਜਨਤਾ ਪਾਰਟੀ ਦੇ ਵਿਧਾਇਕ ਮਨਜਿੰਦਰ ਸਿੰਘ ਸਿਰਸਾ ਨੇ ਵੀਡੀਓ ਸਾਂਝੀ ਕਰਦਿਆਂ ਕਿਹਾ, ਦਿੱਲੀ ਚੋਣਾਂ ਹਾਰਨ ਤੋਂ ਬਾਅਦ ਅਰਵਿੰਦ ਕੇਜਰੀਵਾਲ ਨੇ ਦਿੱਲੀ ਵਿੱਚ ਪੰਜਾਬ ਦੇ ਵਿਧਾਇਕਾਂ ਦੀ ਮੀਟਿੰਗ ਬੁਲਾਈ ਹੈ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਉਹ ਭਗਵੰਤ ਮਾਨ ਨੂੰ ਅਯੋਗ ਦੱਸ ਕੇ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਿਰਸਾ ਨੇ ਕਿਹਾ ਕਿ ਔਰਤਾਂ ਨੂੰ ?1000 ਦੇਣ ਦੇ ਆਪਣੇ ਵਾਅਦੇ ਨੂੰ ਪੂਰਾ ਕਰਨ ਵਿੱਚ ਅਸਫਲ ਰਹਿਣ, ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਵਿੱਚ ਅਸਫਲ ਰਹਿਣ ਦੇ ਮੁੱਦੇ ਉੱਤੇ ਕੇਜਰੀਵਾਲ ਸਾਰੀਆਂ ਅਸਫਲਤਾਵਾਂ ਭਗਵੰਤ ਮਾਨ 'ਤੇ ਪਾਉਣਾ ਚਾਹੁੰਦੇ ਹਨ। ਉਹ ਆਪ ਪੰਜਾਬ ਦੇ ਵਿਧਾਇਕਾਂ ਨੂੰ ਇਹ ਕਹਿਣ ਲਈ ਮਜਬੂਰ ਕਰ ਰਹੇ ਹਨ ਕਿ ਕੇਜਰੀਵਾਲ ਇੱਕ 'ਚੰਗਾ ਆਦਮੀ' ਹੈ ਅਤੇ ਉਨ੍ਹਾਂ ਨੂੰ ਮੁੱਖ ਮੰਤਰੀ ਬਣਾਇਆ ਜਾਣਾ ਚਾਹੀਦਾ ਹੈ! ਰਾਜਨੀਤਿਕ ਹਲਕਿਆਂ ਵਿੱਚ ਚਰਚਾ ਹੈ ਕਿ ਦਿੱਲੀ ਵਿੱਚ ਸੱਤਾ ਗੁਆਉਣ ਤੋਂ ਬਾਅਦ, ਕੇਜਰੀਵਾਲ ਪੰਜਾਬ ਦੇ ਮੁੱਖ ਮੰਤਰੀ ਬਣ ਸਕਦੇ ਹਨ। ਇਹ ਦਾਅਵਾ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਕਾਂਗਰਸ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕੀਤਾ। ਬਾਜਵਾ ਨੇ ਇਹ ਦਾਅਵਾ ਪੰਜਾਬ 'ਆਪ' ਮੁਖੀ ਅਮਨ ਅਰੋੜਾ ਦੇ ਪੰਜਾਬ ਵਿੱਚ ਹਿੰਦੂ ਮੁੱਖ ਮੰਤਰੀ ਦੀ ਸੰਭਾਵਨਾ ਬਾਰੇ ਬਿਆਨ ਦਾ ਹਵਾਲਾ ਦਿੰਦੇ ਹੋਏ ਕੀਤਾ। ਉਨ੍ਹਾਂ ਕਿਹਾ ਸੀ ਕਿ ਮੁੱਖ ਮੰਤਰੀ ਦੇ ਅਹੁਦੇ ਨੂੰ ਹਿੰਦੂ ਅਤੇ ਸਿੱਖ ਚਿਹਰਿਆਂ ਦੇ ਆਧਾਰ 'ਤੇ ਦੇਖਣ ਦੀ ਬਜਾਏ ਸਰਕਾਰ ਚਲਾਉਣ ਦੀ ਯੋਗਤਾ ਦੇ ਆਧਾਰ 'ਤੇ ਦੇਖਿਆ ਜਾਣਾ ਚਾਹੀਦਾ ਹੈ। ਇਹ ਵੀ ਦੱਸ ਦਈਏ ਕਿ ਇਸ ਤੋਂ ਪਹਿਲਾਂ, ਪਾਰਟੀ ਨੇ ਅੱਜ (10 ਫਰਵਰੀ) ਪੰਜਾਬ ਵਿੱਚ ਕੈਬਨਿਟ ਮੀਟਿੰਗ ਬੁਲਾਈ ਸੀ, ਪਰ ਐਤਵਾਰ ਦੇਰ ਸ਼ਾਮ ਨੂੰ ਕੈਬਨਿਟ ਮੀਟਿੰਗ ਰੱਦ ਕਰ ਦਿੱਤੀ ਗਈ। ਹੁਣ ਇਹ ਮੀਟਿੰਗ 13 ਫਰਵਰੀ ਨੂੰ ਦੁਪਹਿਰ 12 ਵਜੇ ਚੰਡੀਗੜ੍ਹ ਵਿੱਚ ਹੋਵੇਗੀ। ਇਸ ਤੋਂ ਪਹਿਲਾਂ ਵੀ ਇੱਕ ਵਾਰ ਕੈਬਨਿਟ ਮੀਟਿੰਗ ਦਾ ਸ਼ਿਡਊਲ ਬਦਲਿਆ ਜਾ ਚੁੱਕਾ ਹੈ। ਪਹਿਲਾਂ ਇਹ ਮੀਟਿੰਗ 5 ਫਰਵਰੀ ਨੂੰ ਹੋਣੀ ਸੀ।

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਕੀਤਾ ਫਾਰਗ

### ਤਖ਼ਤ ਸਾਹਿਬ ਵਿਖੇ ਫਿਲਹਾਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨਿਭਾਉਣਗੇ ਕਾਰਜਕਾਰੀ ਸੇਵਾਵਾਂ

**ਨਵੀਂ ਦਿੱਲੀ, 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਹੋਈ ਇਕੱਤਰਤਾ 'ਚ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਸਬੰਧ ਵਿਚ ਬਣਾਈ ਗਈ ਜਾਂਚ ਕਮੇਟੀ ਦੀ ਰਿਪੋਰਟ ਪ੍ਰਵਾਨ ਕਰਦਿਆਂ ਉਨ੍ਹਾਂ ਨੂੰ ਸੇਵਾਵਾਂ ਤੋਂ ਫਾਰਗ ਕਰ ਦਿੱਤਾ ਗਿਆ ਹੈ। ਫ਼ੈਸਲੇ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਜਾਂਚ ਕਮੇਟੀ ਦੀ ਰਿਪੋਰਟ 'ਤੇ ਬਹੁਸੰਮਤੀ ਨਾਲ ਇਹ ਫੈਸਲਾ ਲਿਆ ਗਿਆ ਹੈ। ਕੇਵਲ ਤਿੰਨ ਮੈਂਬਰਾਂ ਨੇ ਇਸ ਸਬੰਧ ਵਿਚ ਆਪਣਾ ਵਿਰੋਧੀ ਨੋਟ ਦਰਜ ਕਰਵਾਇਆ, ਜਦਕਿ ਬਾਕੀ ਹਾਜ਼ਰ ਅੰਤ੍ਰਿੰਗ ਕਮੇਟੀ ਮੈਂਬਰਾਂ ਨੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਜਾਂਚ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਫਾਰਗ ਕਰਨ ਬਾਰੇ ਸਹਿਮਤੀ ਪ੍ਰਗਟਾਈ। ਉਨ੍ਹਾਂ ਦੱਸਿਆ ਕਿ ਜਾਂਚ ਵਿਚ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ 'ਤੇ ਲੱਗੇ ਦੋਸ਼ ਸਾਬਤ ਹੋਣ ਅਤੇ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਨੂੰ ਠੇਸ ਪਹੁੰਚਾਉਣ ਕਾਰਨ ਅੰਤ੍ਰਿੰਗ ਕਮੇਟੀ ਵੱਲੋਂ ਇਹ ਕਾਰਵਾਈ ਕੀਤੀ ਗਈ ਹੈ। ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਥਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੂੰ ਫਿਲਹਾਲ ਆਪਣੇ ਕੰਮ ਦੇ ਨਾਲ-ਨਾਲ ਜਥੇਦਾਰ ਦੇ ਅਧਿਕਾਰ ਖੇਤਰ ਵਾਲੀਆਂ ਸੇਵਾਵਾਂ ਕਾਰਜਕਾਰੀ ਤੌਰ 'ਤੇ ਸੌਂਪੀਆਂ ਗਈਆਂ ਹਨ।







ਇਸ ਦੇ ਨਾਲ ਹੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਬੀਤੇ ਦਿਨੀਂ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ ਵਿਖੇ ਨਿਸ਼ਾਨ ਦੇ ਚੋਲੇ ਦੀ ਸੇਵਾ ਕਰਦਿਆਂ ਡਿੱਗ ਕੇ ਅਕਾਲ ਚਲਾਣਾ ਕਰ ਗਏ ਸ. ਸਤਨਾਮ ਸਿੰਘ ਦੇ ਪਰਿਵਾਰ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਵੀ ਫੈਸਲਾ ਕੀਤਾ ਹੈ। ਇਸ ਤੋਂ ਇਲਾਵਾ ਵੱਖ-ਵੱਖ ਗੁਰਦੁਆਰਾ ਸਾਹਿਬਾਨ, ਵਿਦਿਅਕ ਅਦਾਰਿਆਂ, ਟਰੱਸਟ ਵਿਭਾਗ ਅਤੇ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਹੋਰ ਕਾਰਜਾਂ ਦੇ ਮਾਮਲੇ ਵਿਚਾਰ ਗਏ ਅਤੇ ਉਨ੍ਹਾਂ ਦਾ ਸਰਲੀਕਰਨ ਕੀਤਾ ਗਿਆ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ, ਸ. ਪਰਮਜੀਤ ਸਿੰਘ ਰਾਏਪੁਰ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਆਦਿ ਸ਼ਾਮਲ ਸਨ।

# AWAZE QAUM TOUR & TRAVEL UK & SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ – YATRA SEWA SINCE 2010

# YATRA NANKANA SAHIB


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

**RAGHBIR SINGH**

**Tel: +44 7976 210161**

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

**CANADA. +1 647-231-1600 - USA. +1 716-342-6007**







**ਆਵਾਜ਼ਿ ਕੌਮ**
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ
ਮਹਾਨ ਨਗਰ ਕੀਰਤਨ
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
LIVE ON
Akaal
CHARDIKLA TIME TV
Mr. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal
ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 93560-60953
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ


ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ
ਟਿਕਾਣਾ ਭਾਈ ਜਗਤਾ ਜੀ ਸਾਹਿਬ ਗੋਨਿਆਣਾ ਮੰਡੀ (ਬਠਿੰਡਾ)
100 ਸਾਲਾ ਜਨਮ ਦਿਹਾੜਾ ਸ਼ਤਾਬਦੀ
ਮਿਤੀ 12 ਫਰਵਰੀ 2025
ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਮਹਾਨ ਕੀਰਤਨ ਦਰਬਾਰ ਤੇ ਸੰਤ ਸਮਾਗਮ
ਮਿਤੀ 10 ਫਰਵਰੀ 2025 ਦਿਨ ਸੋਮਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸਵੇਰੇ 9 ਵਜੇ ਹੋਵੇਗੀ।
ਮਿਤੀ 11 ਫਰਵਰੀ 2025 ਦਿਨ ਮੰਗਲਵਾਰ ਨੂੰ ਮਹਾਨ ਕੀਰਤਨ ਦਰਬਾਰ ਰਾਤ ਦੇ ਦੀਵਾਨ ਸਮਾਂ ਸ਼ਾਮ 6 ਵਜੇ ਤੋਂ 10.30 ਤੱਕ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸੱਚਖੰਡਵਾਸੀ ਸ੍ਰੀਮਾਨ 108 ਮਹੰਤ ਤੀਰਥ ਸਿੰਘ ਜੀ (ਸੇਵਾਪੰਥੀ)
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਸਮਾਪਤੀ ਸਵੇਰੇ 10 ਵਜੇ ਟਿਕਾਣਾ ਸਾਹਿਬ ਵਿਖੇ ਹੋਵੇਗੀ
ਮਿਤੀ 12 ਫਰਵਰੀ 2025 ਦਿਨ ਬੁੱਧਵਾਰ ਨੂੰ ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਅਤੇ ਸੰਤ ਸਮਾਗਮ ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਹੋਣਗੇ।
ਸਥਾਨ: ਮਹੰਤ ਤੀਰਥ ਸਿੰਘ ਸੇਵਾ ਪੰਥੀ ਜੀ ਦੇ ਯਾਦਗਾਰ ਅਸਥਾਨ ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਬਠਿੰਡਾ (ਪੰਜਾਬ)
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਭਾਈ ਜੋਗਿੰਦਰ ਸਿੰਘ ਜੀ (ਰਿਆੜ)
ਭਾਈ ਲਖਵਿੰਦਰ ਸਿੰਘ ਜੀ
ਭਾਈ ਸਰਬਜੀਤ ਸਿੰਘ ਜੀ (ਪਟਨਾ ਸਾਹਿਬ ਵਾਲੇ)
ਭਾਈ ਗੁਰਸੇਵਕ ਸਿੰਘ ਜੀ ਰੰਗੀਲਾ
LIVE
Mr. Singh Production
ਸੰਤ ਰਣਜੀਤ ਸਿੰਘ ਜੀ
ਸਮੂਹ ਸਾਧ ਸੰਗਤ ਇਸ ਸਮਾਗਮ ਵਿੱਚ ਹਾਜਰੀ ਲਵਾਕੇ ਆਪਣਾ ਜੀਵਨ ਸਫਲਾ ਕਰੋ ਜੀ।
ਨਾਮ ਸਿਮਰਨ ਅਭਿਆਸ 11 ਅਤੇ 12 ਫਰਵਰੀ 2025 ਸਵੇਰੇ 06:00 ਵਜੇ ਤੋਂ 07:00 ਵਜੇ ਤੱਕ
ਸੰਤ ਗਗਨਦੀਪ ਸਿੰਘ ਜੀ
ਮਿਤੀ: 12 ਫਰਵਰੀ ਨੂੰ ਅੱਖਾਂ ਦਾ ਫਰੀ ਚੈਕਅੱਪ ਅਤੇ ਅਪ੍ਰੇਸ਼ਨ ਕੈਂਪ ਲਗਾਇਆ ਜਾਵੇਗਾ
ਸਥਾਨ: ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਮੰਡੀ (ਬਠਿੰਡਾ)
ਸਟੇਜ ਦੀ ਸੇਵਾ: ਸੰਤ ਹਰਵਿੰਦਰ ਸਿੰਘ ਜੀ (ਟੀਟੂ) ਕਰਨਗੇ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: 98140-04503, 98140-35191
ਡਿਜ਼ਾਇਨ ਮਾਹੀ ਫਲੈਕਸ ਗੋਨਿਆਣਾ 99886-82100
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਤ ਜਗਜੀਤ ਸਿੰਘ ਜੀ
ਸਾਧ ਸੰਗਤ ਦੇ ਦਾਸ (ਮਹੰਤ) ਭਾਈ ਕਾਹਨ ਸਿੰਘ ਜੀ 'ਸੇਵਾ ਪੰਥੀ'


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਗਿਆਨੀ ਬਲਵਿੰਦਰ ਸਿੰਘ ਜੀ (ਰੋਡੇ) ਹੈੱਡ ਗ੍ਰੰਥੀ ਗੁ: ਸੰਤ ਖਾਲਸਾ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਗਿਆਨੀ ਚਰਨਜੀਤ ਸਿੰਘ ਮੋਹਾਲੀ
ਕਵੀਸ਼ਰ ਭਾਈ ਗੁਰਮੁਖ ਸਿੰਘ ਐੱਮ.ਏ.
ਗਿਆਨੀ ਨਿਰਮਲ ਸਿੰਘ ਜੀ (ਧੂਤਕੋਟ ਵਾਲੇ)
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ (ਰੋਡੇ)
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

### ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਵਾਂ ਤੋਂ ਫਾਰਗ ਕਰਕੇ

# ਬਾਦਕਿਆਂ ਨੇ ਆਪਣੇ ਪੈਰੀਂ ਇੱਕ ਹੋਰ ਕੁਹਾੜਾ ਮਾਰਿਆ : ਸੰਤ ਜੱਸੋਵਾਲ

**ਜਲੰਧਰ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਕਮੇਟੀ ਵੱਲੋਂ ਸਿੰਘ






ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਖਤਮ ਕੀਤੇ ਜਾਣ ਦਾ ਵਿਰੋਧ ਕਰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਫੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦੇ ਉਸ ਹੁਕਮ ਦੀ ਉਲੰਘਣਾ ਹੈ, ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਸ਼੍ਰੋਮਣੀ ਕਮੇਟੀ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਖਿਲਾਫ਼ ਜਾਂਚ ਲਈ ਕੋਈ ਪੜਤਾਲੀਆ ਕਮੇਟੀ ਕਾਇਮ ਨਹੀਂ ਕਰ ਸਕਦੀ। ਸਿੰਘ ਸਾਹਿਬ ਨੇ ਸ਼੍ਰੋਮਣੀ ਕਮੇਟੀ ਨੂੰ ਇਹ ਪੜਤਾਲੀਆ ਕਮੇਟੀ ਰੱਦ ਕਰਨ ਦੇ ਹੁਕਮ ਦਿੱਤੇ ਸਨ। ਅੱਜ ਉਸੇ ਕਮੇਟੀ ਦੀ ਜਾਂਚ ਰਿਪੋਰਟ ਦੇ ਆਧਾਰ 'ਤੇ ਸਿੰਘ ਸਾਹਿਬ ਨੂੰ ਸੇਵਾਵਾਂ ਤੋਂ ਫਾਰਗ ਕੀਤਾ ਗਿਆ ਹੈ। ਸੰਤ ਜੱਸੋਵਾਲ ਨੇ ਕਿਹਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲ ਸਿੱਖ ਪੰਥ ਦੀਆਂ ਨਜ਼ਰਾਂ ਹਨ ਕਿ ਉਹ ਕੀ ਫੈਸਲਾ ਲੈਂਦੇ ਹਨ ? ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਬਾਦਕਿਆਂ ਨੇ ਆਪਣੇ ਪੈਰੀਂ ਹੋਰ ਕੁਹਾੜਾ ਮਾਰ ਲਿਆ ਹੈ। ਉਨ੍ਹਾਂ ਸਿੱਖ ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਨਿਰਮਲੇ ਸੰਸਥਾਵਾਂ ਦੇ ਆਗੂਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਿਯਾਦਾ ਕਾਇਮ ਰੱਖਣ ਲਈ ਅੱਗੇ ਆਉਣ ਦੀ ਅਪੀਲ ਕੀਤੀ ਹੈ।

## ਗੰਭੀਰ ਸਿੱਟੇ ਭੁਗਤਣੇ ਪੈਣਗੇ : ਭਾਈ ਜਗਤਾਰ ਸਿੰਘ ਰੋਡੇ



ਸ਼੍ਰੋਮਣੀ ਕਮੇਟੀ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਨੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੀਆਂ ਸੇਵਾਵਾਂ ਖਤਮ ਕਰਨ ਮਾਮਲੇ ਵਿੱਚ ਕਿਹਾ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਆਪਣੇ ਸਿਆਸੀ ਲਾਲਚਾਂ ਲਈ ਚਲਾਅ ਰਹੇ ਬਾਦਲ ਅਕਾਲੀ ਦਲ ਦੇ ਆਗੂਆਂ ਨੂੰ ਗੰਭੀਰ ਸਿੱਟੇ ਭੁੱਗਤਣੇ ਪੈਣਗੇ। ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਸਾਰੀਆਂ ਜਥੇਬੰਦੀਆਂ ਇਕੱਠੀਆਂ ਹੋ ਕੇ ਜਥੇਦਾਰ ਨਿਯੁਕਤ ਕਰਨ ਅਤੇ ਹਟਾਉਣ ਦਾ ਵਿੱਧੀ-ਵਿਧਾਨ ਤਿਆਰ ਕਰਨ।

## ਸਿੰਘ ਸਾਹਿਬ ਦਾ ਅਪਮਾਨ ਬਰਦਾਸ਼ਤ ਨਹੀਂ : ਭਾਈ ਵਡਾਲਾ



ਅਕਾਲੀ ਦਲ ਸੁਧਾਰ ਲਹਿਰ ਦੇ ਮੁਖੀ ਜਥੇਦਾਰ ਭਾਈ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਹੈ ਕਿ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੀਆ ਸੇਵਾਵਾਂ ਖ਼ਤਮ ਕਰਕੇ ਸ਼੍ਰੋਮਣੀ ਕਮੇਟੀ ਨੇ ਜਥੇਦਾਰ ਅਕਾਲ ਤਖ਼ਤ ਅਤੇ ਹੋਰ ਸਿੰਘ ਸਾਹਿਬਾਨ ਦਾ ਅਪਮਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਅਕਾਲ ਤਖ਼ਤ ਦਾ ਅਪਮਾਨ ਸ਼੍ਰੋਮਣੀ ਕਮੇਟੀ ਅਤੇ ਬਾਦਲ ਦਲ ਦੇ ਮੌਜੂਦਾ ਆਗੂਆਂ ਨੂੰ ਲੈ ਡੁੱਬੇਗਾ।

# ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਵਾਂ ਤੋਂ ਫਾਰਗ ਕਰਨ ਨੂੰ ਸਿਆਸਤ ਤੋਂ ਪ੍ਰੇਰਿਤ : ਰਵੀਇੰਦਰ ਸਿੰਘ

**ਜਲੰਧਰ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਵਾਂ ਤੋਂ ਫਾਰਗ ਕਰਨ ਨੂੰ ਸਿਆਸਤ ਤੋਂ ਪ੍ਰੇਰਿਤ ਦੱਸਿਆ ਉਨਾ ਕਿਹਾ ਕਿ ਬਾਦਲ ਦਲ ਜੁੰਡਲੀ ਦੀਆਂ ਵਧੀਕੀਆਂ ਲਗਾਤਾਰ ਵੱਧ ਰਹੀਆਂ ਹਨ। ਗਿਆਨੀ ਹਰਪ੍ਰੀਤ ਸਿੰਘ ਵੱਖ-ਵੱਖ



ਸਿੱਖ ਮੁੱਦਿਆਂ ਉੱਪਰ ਆਪਣੀਆਂ ਬੇਬਾਕ ਟਿੱਪਣੀਆਂ ਕਾਰਨ ਵੀ ਸਿੱਖ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣੇ ਰਹਿੰਦੇ ਹਨ ਖਾਸਕਰ ਕੇ ਬਾਦਲਾਂ ਖਿਲਾਫ ਖੁੱਲ ਕੇ ਬੋਲਦੇ ਹਨ, ਜਦਕਿ ਸਿੱਖ ਸਿਆਸਤ ਉੱਪਰ ਖੁੱਲ੍ਹ ਕੇ ਬੋਲਣ ਕਾਰਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਉਨ੍ਹਾਂ ਨੂੰ ਨਿਸ਼ਾਨਾ ਬਣਾਉਂਦੇ ਰਹਿੰਦੇ ਹਨ। ਰਵੀਇੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਬਾਦਲ ਦਲ ਉਹ ਸਮਾਂ ਵੀ ਯਾਦ ਕਰਨ ਜਦ ਉਨ੍ਹਾਂ ਨੇ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ 'ਸਰਮਾਏਦਾਰਾਂ' ਦੀ ਪਾਰਟੀ ਵੀ ਕਹਿ ਦਿੱਤਾ ਸੀ,ਇਹ ਬਾਦਲਾਂ ਨੂੰ ਲਾਹਨਤਾਂ ਪਾਈਆਂ ਸਨ।

### ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਦੀ ਮਿੱਠੀ ਯਾਦ ਵਿੱਚ

# ਮਹਾਂਰਾਸ਼ਟਰ ਦੇ ਇਗਾਤਪੁਰੀ (ਨਾਸਿਕ) ਵਿਖੇ ਸਾਲਾਨਾ ਬਰਸੀ ਸਮਾਗਮ ਹੋਇਆ







**ਨਾਸਿਕ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਜੀ ਸਰਹਾਲੀ ਸਾਹਿਬ ਵੱਲੋਂ ਪੰਜਾਬ ਤੋਂ ਬਾਹਰਲੇ ਰਾਜਾਂ ਵਿਚ ਵੀ ਧਾਰਮਿਕ ਅਸਥਾਨਾਂ ਦੀ ਸੇਵਾ ਚੱਲ ਰਹੀ ਹੈ, ਇਨਾਂ ਸਥਾਨਾਂ 'ਤੇ ਸਮੇਂ-ਸਮੇਂ ਤੇ ਗੁਰਮਤਿ ਪ੍ਰਚਾਰ ਹਿੱਤ ਸਮਾਗਮ ਕਰਵਾਏ ਜਾਂਦੇ ਹਨ। ਸੰਪਰਦਾਇ ਦੇ ਮੌਜੂਦਾ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਵਲੋਂ ਇਹਨੀਂ ਦਿਨੀਂ ਮਹਾਂਰਾਸ਼ਟਰ ਵਿਚ ਗੁਰਮਤਿ ਪ੍ਰਚਾਰ ਫੇਰੀ ਚਲ ਰਹੀ ਹੈ। ਨਾਸਿਕ ਤੋਂ ਮੁੰਬਈ ਹਾਈਵੇ ਉੱਪਰ ਇਗਾਤਪੁਰੀ ਵਿਖੇ ਗੁਰਦੁਆਰਾ ਦਸ਼ਮੇਸ਼ ਦਰਬਾਰ ਸੁਸ਼ੋਭਿਤ ਹੈ, ਜੋ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਪ੍ਰਬੰਧ ਅਧੀਨ ਹੈ। ਸੱਚਖੰਡਵਾਸੀ ਮਹਾਂਪੁਰਖ ਸੰਤ ਬਾਬਾ ਤਾਰਾ ਸਿੰਘ ਜੀ ਅਤੇ ਸੱਚਖੰਡਵਾਸੀ ਮਹਾਂਪੁਰਖ ਸੰਤ ਬਾਬਾ ਚਰਨ ਸਿੰਘ ਜੀ ਦੀ ਮਿੱਠੀ ਯਾਦ ਵਿਚ ਗੁ. ਦਸ਼ਮੇਸ਼ ਦਰਬਾਰ, ਇਗਾਤਪੁਰੀ (ਨਾਸਿਕ, ਮਹਾਂਰਾਸ਼ਟਰ) ਵਿਖੇ ਐਤਵਾਰ ਨੂੰ ਸਾਲਾਨਾ ਬਰਸੀ ਸਮਾਗਮ ਹੋਇਆ, ਜਿਸ ਵਿਚ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤਕ ਧਾਰਮਿਕ ਦੀਵਾਨ ਸਜਾਇਆ ਗਿਆ। ਸੰਤ ਬਾਬਾ ਸੁੱਖਾ ਸਿੰਘ ਜੀ ਨੇ ਆਰਤੀ-ਆਰਤਾ ਦੇ ਕੀਰਤਨ ਨਾਲ ਨਾਲ ਦੀਵਾਨ ਦੀ ਆਰੰਭਤਾ ਕੀਤੀ। ਦੀਵਾਨ ਵਿਚ ਗੁਰਦੁਆਰਾ ਗੁਪਤਸਰ ਸਾਹਿਬ ਮਨਮਾੜ ਦਾ ਹਜ਼ੂਰੀ ਰਾਗੀ ਜਥਾ, ਗਿਆਨੀ ਜਸਵਿੰਦਰ ਸਿੰਘ ਪਾਰਸ ਜੀ ਦਾ ਢਾਡੀ ਜਥਾ ਅਤੇ ਹੋਰ ਪੰਥ ਪ੍ਰਸਿੱਧ ਕੀਰਤਨੀਆਂ, ਕਵੀਸ਼ਰਾਂ, ਢਾਢੀਆਂ ਤੇ ਕਥਾਵਾਚਕਾਂ ਨੇ ਸੰਗਤ ਨੂੰ ਹਰਿ ਜਸ ਸ੍ਰਵਣ ਕਰਾਇਆ। ਬਾਬਾ ਰਣਜੀਤ ਸਿੰਘ ( ਗੁ. ਗੁਪਤਸਰ ਸਾਹਿਬ ਮਨਮਾੜ ) ਵਾਲਿਆਂ ਨੇ ਸਟੇਜ ਸੈਕਟਰੀ ਦੀ ਸੇਵਾ ਨਿਭਾਈ। ਇਸ ਮੌਕੇ ਬਾਬਾ ਜੀ ਨੇ ਸੰਗਤਾਂ ਨਾਲ ਗੁਰਮਤਾ ਕੀਤਾ ਅਤੇ ਆਖਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਦਸ਼ਮੇਸ਼ ਦਰਬਾਰ ਇਗਾਤਪੁਰੀ ਵਿਖੇ ਪੰਜ ਮੰਜਿਲਾ ਸਰਾਂ ਦਾ ਨਿਰਮਾਣ ਕਰਵਾਇਆ ਜਾਵੇਗਾ, ਜਿਸ ਦੀ ਉਸਾਰੀ ਲਈ ਨੀਂਹ ਪੱਥਰ ਮਾਰਚ ਵਿਚ ਰੱਖੇ ਜਾਣ ਦੀ ਯੋਜਨਾ ਹੈ। ਇਸ ਸਮਾਗਮ ਦੌਰਾਨ ਨਵਜੀਵਨ ਬਲੱਡ ਬੈਂਕ ਨਾਸਿਕ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਡਾਕਟਰ ਸਾਹਿਬਾਨ ਦੀ ਟੀਮ ਵਿਚ ਸ੍ਰੀ ਸ਼ਰਧਾ ਰਾਵਲ, ਸਵਿਤਾ ਬਾਗੁਲ, ਸੰਕਰ ਸ਼ਿਵਸਾਗਰ, ਪ੍ਰਤਿਕਸ਼ਾ ਵੋਡਕਰ, ਕਲਿਆਣੀ ਅਤੇ ਸੌਰਵ ਸ਼ਿੰਦੇ ਜੀ ਨੇ ਸੇਵਾ ਨਿਭਾਈ। ਕੈਂਪ ਦੌਰਾਨ 25 ਯੂਨਿਟ ਤੋਂ ਵੱਧ ਖ਼ੂਨ ਦਾਨ ਹੋਇਆ। ਸ਼ਾਮ ਨੂੰ 4 ਵਜੇ ਪੰਜਾਬ ਅਤੇ ਮੁੰਬਈ ਦੀਆਂ ਕੁੱਲ ਚਾਰ ਕਬੱਡੀ ਟੀਮਾਂ ਵਿਚਕਾਰ 2 ਕਬੱਡੀ ਮੈਚ ਕਰਵਾਏ ਗਏ, ਜਿਸ ਵਿਚ ਸੰਤ ਬਾਬਾ ਤਾਰਾ ਸਿੰਘ ਜੀ ਕਬੱਡੀ ਕਲੱਬ ਦੁੱਬਲੀ, ਸੰਤ ਖਾਲਸਾ ਕਬੱਡੀ ਕਲੱਬ ਲਹੁਕਾ, ਮੁੰਬਈ ਅਤੇ ਨਵੀਂ ਮੁੰਬਈ ਦੀਆਂ ਟੀਮਾਂ ਸ਼ਾਮਲ ਸਨ। ਇਸ ਮੌਕੇ ਬਾਬਾ ਜੀ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਸੰਗਤ ਦੇ ਇਕੱਠ ਵਿਚ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਸਮੂਹ ਜਥੇਦਾਰਾਂ ਸਮੇਤ ਸੇਠ ਸਾਹਿਬ ਸਿੰਘ ਮੁੰਬਈ, ਸੇਠ ਹਰਬੰਸ ਸਿੰਘ ਮੁੰਬਈ, ਸੇਠ ਜੈਮਲ ਸਿੰਘ ਮੁਲੰਡ, ਸੇਠ ਗੋਰਾ ਵੀਰ ਲੋਧਾ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦੇ ਫੈਸਲੇ ਨੇ ਅੱਜ ਕਾਲਾ ਇਤਿਹਾਸ ਲਿਖਿਆ: ਹਰਮੀਤ ਕਾਲਕਾ, ਜਗਦੀਪ ਕਾਹਲੋਂ



## 2 ਦਸੰਬਰ ਦੇ ਫੈਸਲੇ ਦਾ ਬਦਲਾ ਲਿਆ ਗਿਆ



ਨਵੀਂ ਦਿੱਲੀ, 10 ਫਰਵਰੀ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅੱਜ ਗਿਆਨੀ ਹਰਪ੍ਰੀਤ ਸਿੰਘ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਫਾਰਗ ਕਰਨ ਦੇ ਫੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਇਸ ਫੈਸਲੇ ਨੂੰ ਬਦਲਾਖੋਰੀ ਦੇ ਇਤਿਹਾਸ ਵਿਚ ਕਾਲੇ ਦਿਵਸ ਵਜੋਂ ਯਾਦ ਰੱਖਿਆ ਜਾਵੇਗਾ।

ਅੱਜ ਇਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਜਿਹੜੇ ਹੁਕਮ 2 ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਰੀ ਕੀਤੇ ਗਏ, ਉਹਨਾਂ ਨੂੰ ਖੋਰਾ ਲਾਉਣ ਵਾਸਤੇ ਵਾਰ-ਵਾਰ ਯਤਨ ਕੀਤੇ ਗਏ। ਉਹਨਾਂ ਕਿਹਾ ਕਿ ਅੱਜ ਸ਼੍ਰੋਮਣੀ ਕਮੇਟੀ ਨੂੰ ਵਰਤ ਕੇ ਜੋ ਫੈਸਲਾ ਅਕਾਲੀ ਦਲ ਨੇ ਕਰਵਾਇਆ ਹੈ, ਉਸਦੀ ਜਿੰਨੀ ਨਿਖੇਧੀ ਕੀਤੀ ਜਾਵੇ ਥੋੜ੍ਹੀ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦੀ ਭਰਤੀ ਨੂੰ ਲੈ ਕੇ ਵੀ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਇਹ ਕਹਿੰਦੇ ਹਨ ਕਿ ਗਿਆਨੀ ਹਰਪ੍ਰੀਤ ਸਿੰਘ ਦੀ ਭਾਜਪਾ ਨਾਲ ਨੇੜਤਾ ਹੈ ਜਦੋਂ ਕਿ ਅਸਲੀਅਤ ਇਹ ਹੈ ਕਿ ਅਕਾਲੀ ਦਲ ਦੀ ਲੰਬੇ ਸਮੇਂ ਤੱਕ ਭਾਜਪਾ ਨਾਲ ਨੇੜਤਾ ਰਹੀ ਹੈ। ਉਹਨਾਂ ਕਿਹਾ ਕਿ ਅੱਜ ਸਮੁੱਚੀ ਕੌਮ ਨੂੰ ਲੋੜ ਹੈ ਕਿ ਜਥੇਦਾਰ ਸਾਹਿਬਾਨ ਨਾਲ ਖੜ੍ਹਾ ਹੋਇਆ ਜਾਵੇ। ਉਹਨਾਂ ਕਿਹਾ ਕਿ ਜੇਕਰ ਅਸੀਂ ਅੱਜ ਵੀ ਜਥੇਦਾਰ ਸਾਹਿਬਾਨ ਨਾਲ ਖੜ੍ਹੇ ਨਾ ਹੋਏ ਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਆਦਾ ਨੂੰ ਸੱਟ ਵੱਜੇਗੀ। ਉਹਨਾਂ ਕਿਹਾ ਕਿ ਹੁਣ ਅਗਲਾ ਕਦਮ ਕੀ ਚੁੱਕਣਾ ਹੈ, ਇਹ ਫੈਸਲਾ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਹੀ ਲੈ ਸਕਦੇ ਹਨ। ਉਹਨਾਂ ਕਿਹਾ ਕਿ ਸਿੰਘ ਸਾਹਿਬਾਨ ਨੂੰ ਹਟਾਉਣ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਕੋਲ ਨਹੀਂ ਹੈ ਤੇ ਇਹ ਅਧਿਕਾਰ ਸਿਰਫ ਤੇ ਸਿਰਫ ਸ੍ਰੀ ਅਕਾਲ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੋਲ ਹੈ। ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਨਿਸ਼ਚਿਤ 7 ਮੈਂਬਰੀ ਕਮੇਟੀ ਨੇ ਕਰਨੀ ਹੈ। ਉਹਨਾਂ ਕਿਹਾ ਕਿ ਜਦੋਂ ਤੱਕ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਨਹੀਂ ਹੁੰਦੀ, ਸੰਗਤ ਕੋਈ ਵੀ ਹੋਰ ਫੈਸਲਾ ਪ੍ਰਵਾਨ ਨਹੀਂ ਕਰੇਗੀ ਤੇ ਹਾਲਾਤ ਹੋਰ ਵੀ ਮਾੜੇ ਹੋਣਗੇ। ਉਹਨਾਂ ਨੇ ਇਹ ਵੀ ਕਿਹਾ ਕਿ ਭਾਵੇਂ ਜਥੇਦਾਰ ਸਾਹਿਬ ਦੀ ਨਿਯੁਕਤੀ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਕੋਲ ਹੈ ਪਰ ਸਮੁੱਚੀ ਕੌਮ ਜਥੇਦਾਰ ਦੀ ਨਿਯੁਕਤੀ ਦੇ ਮਾਮਲੇ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਨੂੰ ਕਬੂਲ ਕਰਦੀ ਹੈ। ਉਹਨਾਂ ਕਿਹਾ ਕਿ ਅੱਜ ਵੀ ਲੋਕ ਇਸ ਮਾਮਲੇ ਵਿਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵੱਲ ਵੇਖ ਰਹੇ ਹਨ ਕਿ ਉਹ ਕੀ ਹੁਕਮ ਕਰਦੇ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਕੌਮ ਦੀ ਚੜ੍ਹਦੀਕਲਾ ਵਾਸਤੇ ਸਿੰਘ ਸਾਹਿਬ ਦੇ ਕਿਸੇ ਵੀ ਫੈਸਲੇ ਨੂੰ ਖਿੜੇ ਮੱਥੇ ਪ੍ਰਵਾਨ ਕਰੇਗੀ।

# ਦਿੱਲੀ ਵਿਚ ਆਏ ਭੁਚਾਲ ਦੇ ਝਟਕੇ ਪੰਜਾਬ ਤੱਕ ਪਹੁੰਚੇ

## ☛ ਭਗਵੰਤ ਮਾਨ ਦੀ ਥਾਂ ਕੌਣ ਲਵੇਗਾ ? ਕੋਈ ਔਰਤ ਵੀ ਇਸ ਸਿੰਘਾਸਨ ਤੇ ਬੈਠ ਸਕਦੀ ਹੈ ? ☛ ਭਾਈ ਅੰਮ੍ਰਿਤਪਾਲ ਸਿੰਘ ਦੀ ਜੇਲ ਤਬਦੀਲੀ ਪੰਜਾਬ ਵਿਚ ?

**ਦਿੱਲੀ** ਵਿੱਚ ਆਏ ਭੁਚਾਲ ਦੇ ਝਟਕੇ ਪੰਜਾਬ ਤੱਕ ਵੀ ਪਹੁੰਚ ਰਹੇ ਹਨ। ਅਫਵਾਹਾਂ ਦਾ ਦੌਰ ਸ਼ੁਰੂ ਹੋ ਗਿਆ ਹੈ ਜਿਸ ਵਿੱਚ ਸੱਚੀਆਂ ਅਤੇ ਅੱਧ ਸੱਚੀਆਂ ਹਕੀਕਤਾਂ ਸ਼ਾਮਿਲ ਹਨ । ਕਾਂਗਰਸ ਦੇ ਪ੍ਰਤਾਪ ਸਿੰਘ ਬਾਜਵਾ ਦਾ ਕਹਿਣਾ ਹੈ ਕਿ ਆਪ ਦੇ ਘੱਟੋ ਘੱਟ 30 ਵਿਧਾਇਕ ਉਹਨਾਂ ਦੇ ਸੰਪਰਕ ਵਿੱਚ ਹਨ ਜਿਸ ਤੋਂ ਉਹਨਾਂ ਨੂੰ ਇਹ ਉਮੀਦ ਹੈ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ਦੀਆਂ ਸੰਭਾਵਨਾਵਾਂ ਹਨ। ਪਰ ਇਸ ਦਾਅਵੇ ਵਿੱਚ ਗੱਪ ਦੇ ਅੰਸ਼ ਜ਼ਿਆਦਾ ਜਾਪਦੇ ਹਨ।

ਪੱਕੀ ਖਬਰ ਇਹ ਹੈ ਭਗਵੰਤ ਮਾਨ ਨੇ ਚਲੇ ਜਾਣਾ ਹੈ ਪਰ ਉਸ ਦੀ ਥਾਂ ਕੌਣ ਲਵੇਗਾ, ਇਹ ਅਜੇ ਪੂਰੀ ਤਰ੍ਹਾਂ ਸਪਸ਼ਟ ਨਹੀਂ । ਕੇਜਰੀਵਾਲ ਦੇ ਮਨ ਵਿੱਚ ਤਿੰਨ ਨਾਂ ਹਨ-ਹਰਜੋਤ ਬੈਂਸ ਤੇ ਅਮਨ ਅਰੋੜਾ। ਅਮਨ ਅਰੋੜਾ ਦੀ ਗੁੰਜਾਇਸ਼ ਬਹੁਤ ਘੱਟ ਹੈ ਕਿਉਂਕਿ ਪੰਜਾਬ ਦਾ ਰਾਜਨੀਤਿਕ ਮਾਹੌਲ ਕਿਸੇ ਸਿੱਖ ਨੂੰ ਹੀ ਮੁੱਖ ਮੰਤਰੀ ਦੇਖਣਾ ਚਾਹੁੰਦਾ ਹੈ।

ਕੇਜਰੀਵਾਲ ਲੰਮੇ ਅਰਸੇ ਤੋਂ ਇਹ ਵੀ ਸੋਚ ਰਹੇ ਹਨ ਕਿ ਕਿਸੇ ਔਰਤ ਨੂੰ ਪੰਜਾਬ ਦੇ ਮੁੱਖ ਮੰਤਰੀ ਦਾ ਸਿੰਘਾਸਨ ਦਿੱਤਾ ਜਾਵੇ ।ਇਸ ਸਬੰਧੀ ਬਲਜਿੰਦਰ ਕੌਰ ਦਾ ਨਾਂ ਪ੍ਰਮੁੱਖ ਜਾਪ ਰਿਹਾ ਹੈ। ਅਮਨ ਅਰੋੜਾ ਨੂੰ ਉਪ ਮੁੱਖ ਮੰਤਰੀ ਬਣਾਉਣ ਦੀਆਂ ਸੰਭਾਵਨਾਵਾਂ ਹਨ। ਹਰਪਾਲ ਚੀਮਾ ਵੀ ਦਲਿਤ ਕੋਟੇ ਵਿੱਚੋਂ ਉਪ ਮੁੱਖ ਮੰਤਰੀ ਬਣ ਸਕਦੇ ਹਨ।

ਪਿਛਲੇ ਕਰੀਬ ਇੱਕ ਸਾਲ ਤੋਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਮੁੱਖ ਮੰਤਰੀ ਬਣਨ ਦੀ ਕਤਾਰ ਵਿੱਚ ਹਨ ਅਤੇ ਉਹ ਅਸਰ ਰਸੂਖ ਅਤੇ ਧੜਾ ਰੱਖਣ ਵਾਲੇ ਵਿਧਾਇਕਾਂ ਨੂੰ ਮਿਲ ਕੇ ਆਪਣੀ ਲਾਬੀ ਤਕੜੀ ਕਰ ਰਹੇ ਹਨ। ਪਰ ਕਿਉਂਕਿ ਉਨਾਂ ਦੇ ਕਰੀਬੀ ਰਿਸ਼ਤੇਦਾਰ ਕਾਂਗਰਸੀ ਹਨ ਇਸ ਲਈ ਉਨਾਂ ਉੱਤੇ ਕੇਜਰੀਵਾਲ ਨੂੰ ਪੱਕਾ ਯਕੀਨ ਨਹੀਂ ਕਿ ਉਹ ਕਿਸੇ ਵੀ ਸਮੇਂ ਪਲਟੀ ਮਾਰ ਸਕਦੇ ਹਨ। ਵੈਸੇ ਸਾਬਤ ਸੂਰਤ ਸਿੱਖ ਹੋਣ ਕਰਕੇ ਉਹ ਇਹ ਪ੍ਰਭਾਵ ਦੇ ਰਹੇ ਹਨ ਕਿ ਉਹ ਹੀ ਪੰਜਾਬ ਦੀ ਵਾਗ ਡੋਰ ਸੰਭਾਲ ਸਕਣ ਦੇ ਯੋਗ ਹਨ।

ਦਿਲਚਸਪ ਹਕੀਕਤ ?ਆਮ ਆਦਮੀ ਪਾਰਟੀ ਵਿੱਚ ਵੱਡੀ ਫੁੱਟ ਪੈ ਸਕਦੀ ਹੈਜਿਸ ਵਿੱਚ ਭਗਵੰਤ ਮਾਨ ਦਾ ਵੱਡਾ ਰੋਲ ਹੋਵੇਗਾ ?ਪਰ ਭਗਵੰਤ ਮਾਨ ਨੇ ਸ਼ਰਾਬ ਦੇ ਸੰਬੰਧ ਵਿੱਚ ਮਾਂ ਦੀ ਕਸਮ ਉੱਤੇ ਪਹਿਰਾ ਨਹੀਂ ਦਿੱਤਾ ਅਤੇ ਖੁਦ ਵੀ ਸੁਰੱਖਿਆ ਦਾ ਲੰਮਾ ਲਾਓ ਲਸ਼ਕਰ ਲੈ ਕੇ ਆਪਣੇ ਆਪ ਨੂੰ ਜਮੀਨੀ ਹਕੀਕਤ ਤੋਂ ਦੂਰ ਕਰ ਲਿਆ ਹੈ। ਉਸ ਦੇ ਅੰਦਰ ਕਲਾਕਾਰ ਦੀ ਰੂਹ ਮਰ ਚੁੱਕੀ ਹੈ। ਉਹ ਆਮ ਆਦਮੀ ਦੇ ਦਰਦ ਤੋਂ ਕੋਹਾਂ ਦੂਰ ਹੈ ਅਤੇ ਲਤੀਫੇ ਲੋਕਾਂ ਉੱਤੇ ਹੁਣ ਕੋਈ ਅਸਰ ਨਹੀਂ ਕਰਦੇ। ਇਸ ਲਈ ਬਗਾਵਤ ਵਿੱਚ ਬਹੁਤੇ ਵਿਧਾਇਕ ਉਸਦਾ ਸਾਥ ਨਹੀਂ ਦੇਣਗੇ। ਜਦੋਂ ਉਸਦੇ ਸਾਰੇ ਓਐਸਡੀ ਬਦਲੇ ਗਏ ਅਤੇ ਦਿੱਲੀ ਪੰਜਾਬ ਵਿੱਚ ਰਾਜ ਕਰਨ ਲੱਗੀ ਤਾਂ ਉਹ ਕੁਸਕਿਆ ਤੱਕ ਨਹੀਂ ਅਤੇ ਨਾ ਹੀ ਕੇਜਰੀਵਾਲ ਵਿਰੁੱਧ ਕੋਈ ਰੋਸ ਪ੍ਰਗਟ ਕੀਤਾ।

ਇੱਕ ਹੋਰ ਹਕੀਕਤ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ । ਕੇਜਰੀਵਾਲ ਦੇ ਖੁਦ ਹਾਰ ਜਾਣ ਕਾਰਨ ਉਹ ਇਖਲਾਕੀ ਤੇ ਜਿਸਮਾਨੀ ਤੌਰ ਤੇ ਪੂਰੀ ਤਰ੍ਹਾਂ ਡਿੱਗੇ ਹੋਏ ਹਨ। ਇਸ ਲਈ ਪੰਜਾਬ ਦੀ ਲੀਡਰਸ਼ਿਪ ਵਿੱਚ ਮਨ ਮਰਜ਼ੀ ਵਾਲੀ ਤਬਦੀਲੀ ਕਰਨ ਲਈ ਉਹਨਾਂ ਕੋਲ ਇਖਲਾਕੀ ਤਾਕਤ ਹੁਣ ਨਹੀਂ ਰਹਿ ਗਈ। ਭਾਈ ਅੰਮ੍ਰਿਤਪਾਲ ਸਿੰਘ ਦੀ ਐਨਐਸਏ 18 ਫਰਵਰੀ ਨੂੰ ਖਤਮ ਹੋਣ ਜਾ ਰਹੀ ਹੈ। ਇਹ ਖਬਰਾਂ ਮਿਲ ਰਹੀਆਂ ਹਨ ਕਿ ਉਹਨਾਂ ਨੂੰ ਪੰਜਾਬ ਦੀ ਕਿਸੇ ਜੇਲ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ ਅਤੇ ਜਾਂ ਫਿਰ ਜ਼ਮਾਨਤ ਲਈ ਭਗਵੰਤ ਮਾਨ ਜਾਂਦੀ ਵਾਰ ਹਰੀ ਝੰਡੀ ਦੇ ਸਕਦਾ ਹੈ ਤਾਂ ਜੋ ਭਵਿੱਖ ਵਿੱਚ ਹੋਣ ਵਾਲੀ ਬਦਨਾਮੀ ਤੋਂ ਬਚ ਸਕੇ।

**-ਕਰਮਜੀਤ ਸਿੰਘ ਚੰਡੀਗੜ੍ਹ**
**ਸੀਨੀਅਰ ਪੱਤਰਕਾਰ**

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

### ਸ੍ਰ. ਗੁਰਦਿਆਲ ਸਿੰਘ ਜੀ ਕਾਮੀ ਖੁਰਦ ਦੀ ਪੋਤਰੀ

# ਬੀਬੀ ਸਿਮਰਨਜੀਤ ਕੌਰ ਦਾ ਆਨੰਦ ਕਾਰਜ ਗੁਰਮਤਿ ਅਨੁਸਾਰ ਹੋਇਆ



(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਸ੍ਰ ਗੁਰਦਿਆਲ ਸਿੰਘ ਜੀ ਕਾਮੀ ਪੁਰਬ ਦੀ ਪੋਤਰੀ ਬੀਬੀ ਸਿਮਰਨਜੀਤ ਕੌਰ ਦਾ ਆਨੰਦ ਕਾਰਜ ਕਾਕਾ ਹਰਕਿਰਤ ਸਿੰਘ ਨਾਲ ਗੁਰਮਤਿ ਅਨੁਸਾਰ ਹੋਇਆ। ਜਿਸ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਦੋਨਾਂ ਪਰਿਵਾਰਾਂ ਨੂੰ ਬਹੁਤ ਸਾਰੀਆਂ ਵਧਾਈਆਂ ਦਿੱਤੀਆਂ ਅਤੇ ਬੋਲਦਿਆਂ ਦੱਸਿਆ ਕਿ ਸ੍ਰ ਗੁਰਦਿਆਲ ਸਿੰਘ ਕਾਮੀ ਖੁਰਦ ਮਹਾਂਪੁਰਖ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਜੀਵਨ ਤੋਂ ਬਹੁਤ ਪ੍ਰਭਾਵਿਤ ਸਨ ਤੇ ਉਹਨਾਂ ਨੇ ਮਹਾਂਪੁਰਖਾ ਦੇ ਪਾਏ ਪੂਰਨਿਆਂ ਦੇ ਚਲਦੇ ਸਨ। ਭਾਈ ਜੁਗਿੰਦਰ ਸਿੰਘ ਦੇ ਸਪੁੱਤਰ ਸ੍ਰ ਗੁਰਵਿੰਦਰ ਸਿੰਘ ਜੀ ਨੇ ਦੱਸਿਆ ਕਿ ਪਿਤਾ ਜੀ ਬਹੁਤ ਨਿਤਨੇਮੀ ਤੇ ਸੁਘੜ ਸਿਆਣੇ ਸਨ ਤੇ ਚੱਲ ਰਿਹੇ ਸੰਘਰਸ਼ ਦੌਰਾਨ ਮਹਾਂਪੁਰਖਾਂ ਦਾ ਉਹਨਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ।ਇਸ ਮੌਕੇ ਸ੍ਰ ਗੁਰਦਿਆਲ ਸਿੰਘ , ਸ੍ਰ ਸਤਿੰਦਰ ਸਿੰਘ, ਸ੍ਰ ਜੋਗਿੰਦਰ ਸਿੰਘ , ਸ੍ਰ ਰਣਜੀਤ ਸਿੰਘ, ਸ੍ਰ ਕਰਨੈਲ ਸਿੰਘ, ਸ੍ਰ ਗੁਰਮੀਤ ਸਿੰਘ, ਸ੍ਰ ਹਰਦੀਪ ਸਿੰਘ, ਸ੍ਰ ਗੁਰਵਿੰਦਰ ਸਿੰਘ, ਸ੍ਰ ਹਰਪ੍ਰੀਤ ਸਿੰਘ , ਸ੍ਰ ਹਰ ਸਿਮਰਨ ਸਿੰਘ, ਸ੍ਰ ਪ੍ਰਭ ਜੋਤ ਸਿੰਘ ਹਾਜ਼ਰ ਸਨ।

**ਬਾਬਾ ਸੱਜਣ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ**

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖ ਕੌਮ ਦੇ ਮਹਾਨ ਜਰਨੈਲ ਸ: ਸ਼ਾਮ ਸਿੰਘ ਅਟਾਰੀ ਦੀ ਸ਼ਹਾਦਤ ਤੋਂ ਨਵੀਂ ਪੀੜ੍ਹੀ ਨੂੰ ਸੇਧ ਲੈਣ ਦੀ ਲੋੜ -ਵਿਧਾਇਕ ਰਮਦਾਸ

# 179ਵੇਂ ਸ਼ਹੀਦੀ ਦਿਵਸ ਮੌਕੇ ਹੋਇਆ ਰਾਜ ਪੱਧਰੀ ਸਮਾਗਮ







ਜੰਡਿਆਲਾ ਗੁਰੂ 10 ਫਰਵਰੀ ( ਕੁਲਵੰਤ ਸਿੰਘ ਵਿਰਦੀ)-ਰਾਜ ਸਰਕਾਰ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦਾ 179ਵਾਂ ਸ਼ਹੀਦੀ ਦਿਹਾੜਾ ਅੱਜ ਅਟਾਰੀ ਸਮਾਧ 'ਤੇ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਰਾਜ ਪੱਧਰੀ ਸ਼ਹੀਦੀ ਸਮਾਗਮ ਮੌਕੇ ਸ: ਜਸਵਿੰਦਰ ਸਿੰਘ ਰਮਦਾਸ ਹਲਕਾ ਵਿਧਾਇਕ ਅਟਾਰੀ ਸ਼ਾਮਲ ਹੋਏ। ਇਸ ਮੌਕੇ ਅਟਾਰੀ ਵਿਖੇ ਮੇਅਰ ਨਗਰ ਨਿਗਮ ਸ੍ਰ: ਜਤਿੰਦਰ ਸਿੰਘ ਮੋਤੀ ਭਾਟੀਆ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਬ੍ਰਿਗੇਡੀਅਰ ਸ੍ਰੀ ਯੋਗੇਸ਼ ਸ਼ਰਮਾ, ਸ੍ਰੀ ਸੌਰਵ ਜਾਮਵਾਲ, ਕਰਨਲ ਆਰ.ਪੀ. ਜੋਸ਼ੀ, ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਮਜੀਤ ਕੌਰ, ਸਾਬਕਾ ਮੰਤਰੀ ਸ: ਗੁਲਜਾਰ ਸਿੰਘ ਰਣੀਕੇ, ਐਸ.ਡੀ.ਐਮ ਸ: ਗੁਰਸਿਮਰਨ ਸਿੰਘ ਢਿਲੋਂ, ਕਰਨਲ ਕੁਲਦੀਪ ਸਿੰਘ ਸਿੱਧੂ, ਕਰਨਲ ਹਰਿੰਦਰ ਸਿੰਘ ਅਟਾਰੀ ਨੇ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੇ ਆਦਮਕਦ ਬੁੱਤ ਉੱਤੇ ਫੁੱਲ ਮਾਲਾਵਾਂ ਚੜ੍ਹਾ ਕੇ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਜਰਨੈਲ ਸ਼ਾਮ ਸਿੰਘ ਅਟਾਰੀਵਾਲਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿਧਾਇਕ ਸ: ਜਸਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਸ. ਸ਼ਾਮ ਸਿੰਘ ਅਟਾਰੀਵਾਲਾ ਸਿੱਖ ਕੌਮ ਦੇ ਮਹਾਨ ਜਰਨੈਲ ਹੋਏ ਹਨ ਜਿਨ੍ਹਾਂ ਦੀ ਸ਼ਹਾਦਤ ਆਉਣ ਨਵੀਂ ਪੀੜ੍ਹੀ ਲਈ ਚਾਨਣ ਮੁਨਾਰਾ ਰਹੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਇਕ ਪਰਿਵਾਰ ਨਾਲ ਸਬੰਧਤ ਨਹੀਂ ਹੁੰਦੇ ਉਹ ਕੌਮ ਦਾ ਸਰਮਾਇਆ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸ. ਸ਼ਾਮ ਸਿੰਘ ਅਟਾਰੀਵਾਲਾ ਨੇ 10 ਫਰਵਰੀ 1846 ਨੂੰ ਸਭਰਾਵਾਂ ਦੀ ਜੰਗ ਵਿਚ ਜਿਸ ਬਹਾਦਰੀ ਨਾਲ ਅੰਗਰੇਜ਼ੀ ਫੌਜਾਂ ਦਾ ਮੁਕਾਬਲਾ ਕਰਕੇ ਸ਼ਹਾਦਤ ਦਾ ਜਾਮ ਪੀਤਾ ਉਹ ਆਪਣੇ ਆਪ ਵਿਚ ਮਿਸਾਲ ਹੈ। ਸ. ਰਮਦਾਸ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਇਸ ਮਹਾਨ ਸ਼ਹੀਦ ਦੀ ਸ਼ਹਾਦਤ ਨੂੰ ਸਿਜਦਾ ਕਰਦੀ ਹੈ ਜਿਨ੍ਹਾਂ ਨੇ ਆਪਣੀ ਜਾਨ ਨੂੰ ਦੇਸ਼- ਕੌਮ ਲਈ ਕੁਰਬਾਨ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜਰਨੈਲ ਸ਼ਾਮ ਸਿੰਘ ਅਟਾਰੀਵਾਲਾ ਦੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਬਣੀ, ਜਿਨ੍ਹਾਂ ਨੇ ਅੰਗਰੇਜ਼ ਹਕੂਮਤ ਨੂੰ ਦੇਸ਼ ਵਿਚੋਂ ਕੱਢ ਕੇ ਹੀ ਸਾਹ ਲਿਆ। ਉਨਾਂ ਕਿਹਾ ਕਿ ਅਟਾਰੀ ਪਿੰਡ ਨੂੰ ਨਵਾਂ ਰੂਪ ਦਿੱਤਾ ਜਾਵੇਗਾ ਤਾਂ ਜੋ ਰੀਟਰੀਟ ਦੇਖਣ ਆਉਣ ਵਾਲੇ ਯਾਤਰੂ ਅਟਾਰੀਵਾਲਾ ਦੀ ਸਮਾਧ ਤੇ ਆਉਣ ਅਤੇ ਆਪਣੇ ਬੱਚਿਆਂ ਨੂੰ ਉਨਾਂ ਦੀ ਸ਼ਹਾਦਤ ਬਾਰੇ ਦੱਸਣ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਤਰ੍ਹਾਂ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਅਤੇ ਆਪਣੇ ਬੱਚਿਆਂ ਨੂੰ ਵੀ ਇਤਿਹਾਸ ਤੋਂ ਜਾਣੂੰ ਕਰਾਉਣ। ਇਸੇ ਦੌਰਾਨ ਢਾਡੀ ਜੱਥਿਆਂ ਵੱਲੋਂ ਸ਼ਹੀਦ ਦੀ ਯਾਦ ਵਿੱਚ ਵਾਰਾਂ ਵੀ ਗਾਈਆਂ। ਅਟਾਰੀ ਸਮਾਧ ਵਿਖੇ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਧਾਰਮਿਕ ਦੀਵਾਨ ਸਜਾਏ ਗਏ। ਕੀਰਤਨੀ ਸਿੰਘਾਂ ਨੇ ਗੁਰੂ ਜਸ ਗਾਇਨ ਕੀਤਾ ਅਤੇ ਢਾਡੀ ਜਥਿਆਂ ਨੇ ਜਰਨੈਲ ਸ਼ਾਮ ਸਿੰਘ ਅਟਾਰੀ ਵਾਲਾ ਦੇ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਦਾ ਬਿਰਤਾਂਤ ਸੰਗਤਾਂ ਨਾਲ ਸਾਂਝਾ ਕੀਤਾ। ਵੱਡੀ ਗਿਣਤੀ 'ਚ ਲੋਕਾਂ ਨੇ ਅਟਾਰੀ ਵਿਖੇ ਪਹੁੰਚ ਕੇ ਮਹਾਨ ਜਰਨੈਲ ਸ਼ਾਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਨ੍ਹਾਂ ਸ. ਸ਼ਾਮ ਸਿੰਘ ਅਟਾਰੀਵਾਲਾ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ। ਇਸ ਤੋਂ ਪਹਿਲਾਂ ਇੰਡੀਆ ਗੇਟ ਤੋਂ ਅਦਾਕਾਰਾ ਗੁਲਪਨਾਗ ਵਲੋਂ ਅੰਮ੍ਰਿਤਸਰ ਤੋਂ ਅਟਾਰੀ ਤੱਕ ਸਾਈਕਲ ਰੈਲੀ ਕੱਢੀ ਗਈ, ਜਿਸਨੂੰ ਮੇਅਰ ਸ੍ਰ: ਜਤਿੰਦਰ ਸਿੰਘ ਮੋਤੀ ਭਾਟੀਆ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਬ੍ਰਿਗੇਡੀਅਰ ਸ੍ਰੀ ਯੋਗੇਸ਼ ਸ਼ਰਮਾ, ਸ੍ਰੀ ਸੌਰਵ ਜਾਮਵਾਲ ਨੇ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਮੇਅਰ ਸ੍ਰੀ ਭਾਟੀਆ ਨੇ ਸ਼ਹੀਦ ਅਟਾਰੀਵਾਲਾ ਜੀ ਦੇ ਜੀਵਨ ਉੱਤੇ ਵਿਸਥਾਰ ਵਿੱਚ ਚਾਨਣਾ ਪਾਇਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਵਲੋਂ ਇਕ ਯੋਜਨਾ ਤਿਆਰ ਕੀਤੀ ਜਾ ਰਹੀ ਹੈ ਜਿਸ ਤਹਿਤ ਵਾਹਗਾ ਬਾਰਡਰ ਵਿਖੇ ਜਾਣ ਵਾਲੇ ਯਾਤਰੂਆਂ ਨੂੰ ਸ਼ਹੀਦ ਸ਼ਾਮ ਸਿੰਘ ਅਟਾਰੀਵਾਲਾ ਦੇ ਸਮਾਰਕ ਬਾਰੇ ਜਾਣੂੰ ਕਰਵਾਇਆ ਜਾ ਸਕੇ ਤਾਂ ਜੋ ਨਵੀਂ ਆਉਣ ਵਾਲੀ ਪੀੜ੍ਹੀ ਨੂੰ ਇਸ ਸਬੰਧੀ ਵਧੇਰੇ ਜਾਣਕਾਰੀ ਮਿਲ ਸਕੇ। ਇਸ ਮੌਕੇ ਅਟਾਰੀ ਵਾਲਾ ਪਰਿਵਾਰ ਦੇ ਮੈਂਬਰ ਸ: ਬਰਿੰਦਰ ਸਿੰਘ, ਜਨਰਲ ਸਕੱਤਰ ਸ੍ਰੀ ਹਰਪ੍ਰੀਤ ਸਿੰਘ ਸਿੱਧੂ, ਬੀਬਾ ਅਮਿਤੇਸ਼ਵਰ ਕੌਰ, ਸ੍ਰੀ ਦਿਨੇਸ਼ ਸਿੰਘ ਸਿੱਧੂ, ਆਪ ਨੇਤਾ ਸ੍ਰੀ ਰਵਿੰਦਰ ਹੰਸ, ਸ: ਮੁਖਵਿੰਦਰ ਸਿੰਘ ਵਿਰਦੀ, ਜੱਗਾ ਮਜੀਠੀਆ, ਸ੍ਰੀ ਮੋਤੀ ਲਾਲ, ਪ੍ਰਿਤਪਾਲ ਸਿੰਘ, ਸ: ਦਵਿੰਦਰ ਸਿੰਘ ਸੰਧੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜਰ ਸਨ।

**ਮੇਅਰ ਨਗਰ ਨਿਗਮ ਨੇ ਝੰਡੀ ਦੇ ਕੇ ਸਾਈਕਲ ਰੈਲੀ ਨੂੰ ਕੀਤਾ ਰਵਾਨਾ**

ਆਵਾਜ਼ਿ ਕੌਮ AWAZE QAUM International Newspaper & WEB TV

# ਖ਼ੂਨ ਦੇ ਰਿਸ਼ਤੇ 'ਚ ਹੋਣ ਵਾਲੀ ਰਜਿਸਟਰੀ ਤੇ ਢਾਈ ਫ਼ੀਸਦ ਸਟੈਂਪ ਡਿਊਟੀ ਵਾਲੀ ਪ੍ਰੋਪੋਜ਼ਲ ਸੂਬਾ ਵਾਸੀਆਂ ਦੀ ਜੇਬ ਤੇ ਡਾਕਾ: ਢੀਂਡਸਾ/ ਵਡਾਲਾ



**ਨਵੀਂ ਦਿੱਲੀ 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):**-ਪੰਜਾਬ ਸਰਕਾਰ ਵਲੋਂ ਆਗਾਮੀ ਕੈਬਨਿਟ ਮੀਟਿੰਗ ਵਿੱਚ ਖ਼ੂਨ ਦੇ ਰਿਸ਼ਤੇ ਵਿੱਚ ਹੋਣ ਵਾਲੀ ਰਜਿਸਟਰੀ ਤੇ ਢਾਈ ਫ਼ੀਸਦ ਸਟੈਂਪ ਡਿਊਟੀ ਲਗਾਉਣ ਦੀ ਲਿਆਂਦੀ ਜਾ ਰਹੀ ਤਜ਼ਵੀਜ ਦਾ ਵਿਰੋਧ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਹਿਤੈਸ਼ੀ ਲੀਡਰਸ਼ਿਪ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ, ਪਰਮਿੰਦਰ ਸਿੰਘ ਢੀਂਡਸਾ ਨੇ ਸਖ਼ਤ ਇਤਰਾਜ਼ ਜਾਹਿਰ ਕੀਤਾ ਹੈ। ਆਗੂਆਂ ਨੇ ਆਪਣੇ ਜਾਰੀ ਆਪਣੇ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਗੈਰ ਮਿਆਰੀ ਨੀਤੀਆਂ ਕਾਰਣ ਸੂਬੇ ਦੀ ਵਿਗੜ ਚੁੱਕੀ ਆਰਥਿਕ ਸਥਿਤੀ ਦੀ ਭਰਪਾਈ ਆਮ ਲੋਕਾਂ ਦੀ ਜੇਬ ਤੋ ਕਰਨਾ ਚਾਹੁੰਦੀ ਹੈ, ਜਿਸ ਕਾਰਨ ਸੂਬੇ ਵਿਚ ਵੱਡੇ ਪੱਧਰ ਤੇ ਆਏ ਦਿਨ ਹੋਣ ਵਾਲੀਆਂ ਖ਼ੂਨੀ ਰਿਸ਼ਤਿਆਂ ਦੀ ਰਜਿਸਟਰੀ ਤੇ ਢਾਈ ਫ਼ੀਸਦ ਸਟੈਂਪ ਡਿਊਟੀ ਲਗਾਉਣ ਜਾ ਰਹੀ ਹੈ। ਸਰਦਾਰ ਪ੍ਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਸੂਬਾ ਵਾਸੀਆਂ ਨੂੰ ਖ਼ੂਨੀ ਰਿਸ਼ਤਿਆਂ ਵਿਚ ਹੋਣ ਵਾਲੀ ਰਜਿਸਟਰੀ ਤੇ ਅਸਟਾਮ ਡਿਊਟੀ ਤੇ ਤਤਕਾਲੀਨ ਅਕਾਲੀ ਸਰਕਾਰ ਨੇ ਵੱਡੀ ਰਾਹਤ ਦਿੱਤੀ ਸੀ। ਇਸ ਰਾਹਤ ਨਾਲ ਜੇਕਰ ਕੋਈ ਵਿਅਕਤੀ ਆਪਣੇ ਬੇਟਿਆਂ, ਬੇਟੀਆਂ ਜਾਂ ਫਿਰ ਤੀਜੀ ਪੀੜ੍ਹੀ ਵਿੱਚ ਰਜਿਸਟਰੀ ਕਰਵਾਉਂਦਾ ਸੀ ਤਾਂ ਉਸ ਨੂੰ ਕੋਈ ਸਟੈਂਪ ਡਿਊਟੀ ਨਹੀਂ ਦੇਣੀ ਪੈਂਦੀ ਸੀ, ਇਸ ਨਾਲ ਨਾ ਸਿਰਫ ਵਿੱਤੀ ਲਾਭ ਮਿਲਦਾ ਸੀ ਸਗੋਂ ਵਾਧੂ ਦੀ ਖੱਜਲ ਖੁਆਰੀ ਤੋਂ ਵੀ ਸੂਬਾ ਵਾਸੀਆਂ ਨੂੰ ਰਾਹਤ ਮਿਲੀ ਸੀ। ਮੀਡੀਆ ਨੂੰ ਜਾਰੀ ਕੀਤੇ ਬਿਆਨ ਵਿੱਚ ਆਗੂਆਂ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਪਣੇ ਆਪ ਨੂੰ ਲੋਕ ਹਿਤੈਸ਼ੀ ਕਹਾਉਣ ਵਾਲੀ ਆਪ ਸਰਕਾਰ ਦੀ ਕੈਬਨਿਟ ਮੀਟਿੰਗ ਵਿੱਚ ਇਸ ਤਜ਼ਵੀਜ ਤੇ ਮੋਹਰ ਲੱਗੀ ਤਾਂ ਸੂਬਾ ਵਾਸੀਆਂ ਨੂੰ ਮਜਬੂਰਨ ਸੜਕਾਂ ਤੇ ਆਉਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਕੀਤੇ ਗਏ ਸਲਾਘਾਯੋਗ ਕੰਮਾਂ ਕਰਕੇ ਜਿਲ੍ਹਾ ਵਿਖੇ ਤਾਇਨਾਤ ਅਧਿਕਾਰੀਆਂ/ਕਰਮਚਾਰੀਆਂ ਨੂੰ ਵੱਡੇ ਪੱਧਰ ਤੇ ਕੀਤਾ ਗਿਆ ਸਨਮਾਨਿਤ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸ੍ਰੀ ਮਨਦੀਪ ਸਿੰਘ ਸਿੱਧੂ IPS, ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਪਟਿਆਲਾ ਰੇਂਜ, ਪਟਿਆਲਾ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਸਰਤਾਜ ਸਿੰਘ ਚਾਹਲ IPS, ਸੀਨੀਅਰ ਕਪਤਾਨ ਪੁਲਿਸ, ਸੰਗਰੂਰ ਦੀ ਕਮਾਂਡ ਹੇਠ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਪਿਛਲੇ ਮਹੀਨਿਆਂ ਦੌਰਾਨ ਸ਼ਾਨਦਾਰ ਪੁਲਿਸ ਸੇਵਾਵਾਂ ਨਿਭਾਉਣ ਸਬੰਧੀ 11 ਗਜਟਿਡ ਅਫਸਰਾਨ ਨੂੰ ਐਪਰੀਸ਼ੀਏਸ਼ਨ ਲੈਟਰ, 72 ਅਧਿਕਾਰੀਆਂ/ਕਰਮਚਾਰੀਆਂ ਨੂੰ ਡੀ.ਜੀ.ਪੀ ਡਿਸਕਾਂ, 1800 ਕਰਮਚਾਰੀਆਂ ਨੂੰ ਪ੍ਰਸ਼ੰਸਾ ਪੱਤਰ ਦਰਜਾ ਪਹਿਲਾ ਸਮੇਤ 21,00,000/- ਰੁਪਏ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀ.ਆਈ.ਜੀ ਮਨਦੀਪ ਸਿੰਘ ਸਿੱਧੂ IPS ਅਤੇ ਸਰਤਾਜ ਸਿੰਘ ਚਾਹਲ IPS, ਐਸ.ਐਸ.ਪੀ ਸੰਗਰੂਰ ਨੇ ਕਿਹਾ ਕਿ ਸਾਡੇ ਅਧਿਕਾਰੀ ਅਤੇ ਕਰਮਚਾਰੀ ਵਧਾਈ ਦੇ ਪਾਤਰ ਹਨ ਜੋ ਕਿ ਪੂਰੀ ਮਿਹਨਤ, ਲਗਨ ਅਤੇ ਦ੍ਰਿੜਤਾ ਨਾਲ ਲੋਕਾਂ ਦੀ ਸੇਵਾ ਵਿੱਚ 24 ਘੰਟੇ ਜੁਟੇ ਰਹਿੰਦੇ ਹਨ। ਉਹਨਾਂ ਕਿਹਾ ਕਿ ਪੁਲਿਸ ਅਧਿਕਾਰੀਆਂ ਅਤੇ ਜਵਾਨਾਂ ਦੀ ਚੌਕਸੀ ਨਾਲ ਜ਼ਿਲ੍ਹਾ ਸੰਗਰੂਰ ਵਿੱਚ ਗੈਰ ਸਮਾਜਿਕ ਅਨਸਰਾਂ ਨੂੰ ਠੱਲ ਪਾਉਣ ਵਿੱਚ ਵੱਡੀ ਸਫਲਤਾ ਹਾਸਲ ਹੋਈ ਹੈ ਅਤੇ ਅਮਨ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਵਿੱਚ ਇਹਨਾਂ ਵੱਲੋਂ ਪਾਇਆ ਜਾ ਰਿਹਾ ਯੋਗਦਾਨ ਸ਼ਲਾਘਾਯੋਗ ਹੈ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਨਸ਼ਿਆਂ ਖਿਲਾਫ ਪੰਜਾਬ ਪੁਲਿਸ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਨੂੰ ਸਫਲਤਾ ਨਾਲ ਲਾਗੂ ਕਰਨ ਵਿੱਚ ਹੋਰ ਵੀ ਤਨਦੇਹੀ ਨਾਲ ਆਪਣਾ ਯੋਗਦਾਨ ਪਾਈ ਜਾਣ ਦੀ ਲੋੜ ਹੈ ਤਾਂ ਜੋ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਪਹੁੰਚਾਇਆ ਜਾ ਸਕੇ ਅਤੇ ਮਾੜੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ਿਆਂ ਦਾ ਸੇਵਨ ਕਰਨ ਵਾਲੇ ਲੋਕਾਂ ਦਾ ਸਹੀ ਇਲਾਜ ਕਰਵਾਇਆ ਜਾ ਸਕੇ। ਇਸ ਮੌਕੇ ਐਸ.ਐਸ.ਪੀ ਸੰਗਰੂਰ ਸਰਤਾਜ ਸਿੰਘ ਚਾਹਲ IPS ਨੇ ਡੀ.ਆਈ.ਜੀ ਮਨਦੀਪ ਸਿੰਘ ਸਿੱਧੂ IPS ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਸੰਗਰੂਰ ਪੁਲਿਸ ਦੇ ਸਾਰੇ ਅਧਿਕਾਰੀਆਂ/ਕਰਮਚਾਰੀਆਂ ਨੂੰ ਆਪਣੀ ਡਿਊਟੀ ਹੋਰ ਵੀ ਮਿਹਨਤ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦੇ ਨਾਲ-ਨਾਲ ਪਬਲਿਕ ਦੀਆਂ ਮੁਸ਼ਕਲਾਂ ਦਾ ਬਿਨ੍ਹਾਂ ਕਿਸੇ ਪੱਖਪਾਤ ਤੋਂ ਪਹਿਲ ਦੇ ਅਦਾਰ ਤੇ ਹੱਲ ਕਰਨ ਅਤੇ ਪਬਲਿਕ ਨਾਲ ਚੰਗਾ ਵਿਵਹਾਰ ਕਰਨ ਲਈ ਪ੍ਰੇਰਿਤ ਕੀਤਾ।

## ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ

# ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ ਬੜੀ ਧੂਮ ਧਾਮ ਤੇ ਸ਼ਰਧਾ ਪੂਰਵਕ ਮਨਾਇਆ ਗਿਆ

### ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਦੀਆਂ ਸੇਵਾਵਾਂ ਸ਼ਲਾਘਾ ਯੋਗ: ਜਥੇਦਾਰ ਗਿਆਨੀ ਸੁਲਤਾਨ ਸਿੰਘ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ










**ਅੰਮ੍ਰਿਤਸਰ 10 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਤਰਨ ਤਾਰਨ ਰੋਡ ਦੇ ਪਿੰਡ ਚੱਬਾ ਵਿਖੇ ਸਥਿਤ ਸ਼ਹੀਦੀ ਅਸਥਾਨ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ ਵਿਖੇ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਦੀ ਅਗਵਾਈ ਵਿੱਚ ਬੜੀ ਸ਼ਰਧਾ, ਧੂਮ ਧਾਮ ਅਤੇ ਖ਼ਾਲਸਾਈ ਚੜ੍ਹਦੀਕਲਾ ਦੇ ਵਿਚ ਮਨਾਇਆ ਗਿਆ। ਇਸ ਮੌਕੇ ਸਿੰਘ ਸਾਹਿਬਾਨ, ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ,ਮਿਸਲ

ਆਵਾਜ਼ਿ ਕੌਮ AWAZE QAUM
International Newspaper & WEB TV

ਸ਼ਹੀਦਾਂ ਤਰਨਾ ਦਲ, ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ, ਸ਼੍ਰੋਮਣੀ ਕਮੇਟੀ ਅਤੇ ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਅਤੇ ਸਮੂਹ ਸ਼ਹੀਦਾਂ ਮੁਰੀਦਾਂ ਨੂੰ ਸਿੱਜਦਾ ਕੀਤਾ।

ਤਖ਼ਤ ਸ੍ਰੀ ਕੇਸਗੜ੍ਹ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਸਾਰ ਅਤੇ ਸਿੱਖ ਇਤਿਹਾਸ ਵਿੱਚ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਭੂਮਿਕਾ ਅਤੇ ਯੋਗਦਾਨ 'ਤੇ ਰੌਸ਼ਨੀ ਪਾਈ ਅਤੇ ਕਿਹਾ ਕਿ ਸੀਸ ਤਲੀ ਉੱਤੇ ਰੱਖ ਕੇ ਜ਼ਾਲਮਾਂ ਦੇ ਛੱਕੇ ਛੁਡਾਉਣ ਦਾ ਮਹਾਨ ਕਾਰਜ ਕੇਵਲ ਬਾਬਾ ਦੀਪ ਸਿੰਘ ਜੀ ਦੇ ਹਿੱਸੇ ਆਇਆ। ਉਨ੍ਹਾਂ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵੱਲੋਂ ਸ਼ਹੀਦੀ ਅਸਥਾਨ 'ਤੇ ਚੱਲ ਰਹੀਆਂ ਸੇਵਾਵਾਂ ਅਤੇ ਪੰਥ ਦੀ ਚੜ੍ਹਦੀਕਲਾ ਲਈ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖੀ 'ਚ ਸਭ ਦਾ ਸਤਿਕਾਰ ਹੈ, ਪਰ ਸਿੱਖੀ ਸਿਧਾਂਤਾਂ ਨਾਲ ਖਿਲਵਾੜ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅਗਲੇ ਮਹੀਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਏ ਜਾ ਰਹੇ ਹੋਲੇ ਮਹੱਲੇ 'ਤੇ ਆਉਣ ਵਾਲੇ ਨੌਜਵਾਨਾਂ ਨੂੰ ਹੁੱਲੜਬਾਜ਼ੀ ਅਤੇ ਟਰੈਕਟਰ ਮੋਟਰਸਾਈਕਲ ਸਟੰਟ ਤੋਂ ਬਚਣ ਅਤੇ ਬਾਣੀ ਤੇ ਬਾਣੇ ਨਾਲ ਜੁੜਨ ਕੇ ਕੌਮੀ ਸਰੋਕਾਰਾਂ ਪ੍ਰਤੀ ਜਾਗਰੂਕ ਹੋਣ ਲਈ ਕਿਹਾ।

ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਅਮਰਜੀਤ ਸਿੰਘ ਅਤੇ ਗਿਆਨੀ ਕੇਵਲ ਸਿੰਘ ਨੇ ਨੌਜਵਾਨਾਂ ਨੂੰ ਅੰਮ੍ਰਿਤ ਛਕਣ ਤੇ ਨਾਮ ਜਪਣ 'ਤੇ ਜ਼ੋਰ ਦਿੱਤਾ। ਮਿਸਲ ਸ਼ਹੀਦਾਂ ਤਰਨਾ ਦਲ ਦੇ ਮੁਖੀ ਜਥੇਦਾਰ ਬਾਬਾ ਜੋਗਾ ਸਿੰਘ ਨੇ ਸਿੱਖੀ ਸਿਧਾਂਤਾਂ ਉੱਤੇ ਸਿੱਧੇ ਅਸਿੱਧੇ ਤੌਰ 'ਤੇ ਮਾਰੀਆਂ ਜਾ ਰਹੀਆਂ ਸੱਟਾਂ ਬਾਰੇ ਸੁਚੇਤ ਕਰਦਿਆਂ ਸਮੁੱਚੀ ਕੌਮ ਨੂੰ ਇੱਕਜੁੱਟ ਹੋਣ ਦਾ ਹੋਕਾ ਦਿੱਤਾ ਤੇ ਕਿਹਾ ਕਿ ਅੱਜ ਪੰਥ ਦੋਖੀਆਂ ਦੇ ਲੁਕਵੇਂ ਏਜੰਡੇ ਪ੍ਰਤੀ ਕੌਮ ਨਾ ਜਾਗਿਆ ਤਾਂ ਭਵਿੱਖ ਵਿਚ ਵੱਡਾ ਨੁਕਸਾਨ ਹੋ ਸਕਦਾ ਹੈ।

ਦਲ ਪੰਥ ਬਾਬਾ ਬਿਧੀ ਚੰਦ ਦੇ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਨੇ ਬਾਬਾ ਦੀਪ ਸਿੰਘ ਵੱਲੋਂ ਪੰਥ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਅਤੇ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਲਈ ਸੀਸ ਧੜ ਨਾਲੋਂ ਜੁਦਾ ਹੋਣ 'ਤੇ ਵੀ ਤਲੀ 'ਤੇ ਰੱਖ ਕੇ ਗੁਰੂ ਨਾਲ ਕੀਤੇ ਪ੍ਰਣ ਨਿਭਾਉਣ ਦੀ ਗਲ ਕੀਤੀ। ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਸ਼ਹੀਦੀ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਨੇ ਆਈਆਂ ਸੰਗਤਾਂ ਅਤੇ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ ਅਤੇ ਜਥੇਬੰਦੀਆਂ ਦੇ ਆਗੂਆਂ ਨੂੰ ਸਿਰੋਪਾਉ ਨਾਲ ਸਨਮਾਨਿਤ ਕੀਤਾ। ਉਹਨਾਂ ਦੱਸਿਆ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਏ ਪੰਜ ਪਿਆਰਿਆਂ ਤੋਂ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ਹਨ। ਭਾਈ ਸੂਰਤਾ ਸਿੰਘ ਨੇ ਸਟੇਜ ਸੈਕਟਰੀ ਵਜੋਂ ਬਾਖ਼ੂਬੀ ਸੇਵਾ ਨਿਭਾਈ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਟਕਸਾਲ ਦੇ ਮੁੱਖ ਬੁਲਾਰੇ ਭਾਈ ਸੁਖਦੇਵ ਸਿੰਘ, ਸੰਤ ਅਮਨਦੀਪ ਸਿੰਘ ਮੁਖੀ ਟਕਸਾਲ ਭਾਈ ਮਨੀ ਸਿੰਘ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਬਲਬੀਰ ਸਿੰਘ ਫਰਾਸ, ਗਿਆਨੀ ਪ੍ਰੇਮ ਸਿੰਘ ਅਰਦਾਸੀਆ, ਭਾਈ ਕਸ਼ਮੀਰ ਸਿੰਘ ਪ੍ਰਧਾਨ ਟਾਹਲਾ ਸਾਹਿਬ, ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਅਟਾਰੀ ਦੇ ਵਿਧਾਇਕ ਜਸਵਿੰਦਰ ਸਿੰਘ,ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਹਰਵਿੰਦਰ ਸਿੰਘ ਝਾੜ ਸਾਹਿਬ, ਹਰਭਜਨ ਸਿੰਘ ਈ ਟੀ ਉ, ਸੰਤ ਬਾਬਾ ਗੁਰਦੇਵ ਸਿੰਘ ਕੁਲੀ ਵਾਲੇ, ਕਥਾਵਾਚਕ ਗਿਆਨੀ ਗੁਰਵਿੰਦਰ ਸਿੰਘ, ਸੰਤ ਇੰਦਰਬੀਰ ਸਿੰਘ ਸਤਲਾਨੀ ਸਾਹਿਬ, ਸੰਤ ਮੋਹਨ ਦਾਸ ਮਾੜੀਕੰਮੋਕੇ, ਬਾਬਾ ਰਜਿੰਦਰਪਾਲ ਸਿੰਘ ਮਾਲੂਵਾਲ, ਬਾਬਾ ਗੁਰਵਿੰਦਰ ਸਿੰਘ ਝੂਲਦੇ ਮਹਿਲ, ਭਾਈ ਵਰਿਆਮ ਸਿੰਘ ਭਰਾਤਾ ਭਾਈ ਸ਼ਹੀਦ ਭਾਈ ਸਤਵੰਤ ਸਿੰਘ,ਬਾਬਾ ਬਾਊ ਸਿੰਘ, ਬਾਬਾ ਬੁੱਧ ਸਿੰਘ ਘੁੰਮਣਾ ਵਾਲੇ, ਰਾਮ ਸਿੰਘ ਸਰਪੰਚ ਗੁਰੂਵਾਲੀ, ਗਿਆਨੀ ਵਿਸ਼ਾਲ ਸਿੰਘ ਕਥਾਵਾਚਕ, ਜਥੇਦਾਰ ਜਗੀਰ ਸਿੰਘ, ਭਾਈ ਸੁਰਿੰਦਰ ਪਾਲ ਸਿੰਘ, ਕਿਸਾਨ ਆਗੂ ਦਵਿੰਦਰ ਸਿੰਘ, ਕਿਸ਼ਨ ਸਿੰਘ, ਬਾਬਾ ਨੰਦ ਸਿੰਘ ਮੰਡਾ ਪਿੰਡ, ਸੰਤ ਪ੍ਰੀਤਮ ਸਿੰਘ ਡਮੇਲੀ ਵਾਲੇ, ਢਾਡੀ ਭਾਈ ਮੇਜਰ ਸਿੰਘ ਖ਼ਾਲਸਾ, ਗਿਆਨੀ ਹੀਰਾ ਸਿੰਘ, ਭਾਈ ਹਰਵਿੰਦਰ ਪਾਲ ਸਿੰਘ ਲਿਟਲ, ਭਾਈ ਜਸਕਰਨ ਸਿੰਘ ਹਜ਼ੂਰੀ ਰਾਗੀ, ਜਸਵੰਤ ਸਿੰਘ ਸੋਢੀ ਆਸਲਾਂ ਵਾਲੇ,ਨਿਰਮਲ ਸਿੰਘ, ਦਿਲਬਾਗ ਸਿੰਘ, ਸੰਤ ਪ੍ਰਿਤਪਾਲ ਸਿੰਘ, ਪ੍ਰੋ. ਸਰਚਾਂਦ ਸਿੰਘ ਖਿਆਲਾ, ਸ਼ਮਸ਼ੇਰ ਸਿੰਘ, ਮੈਨੇਜਰ ਰਣਦੀਪ ਸਿੰਘ ਟਾਹਲਾ ਸਾਹਿਬ, ਗਿਆਨੀ ਮਨਜੀਤ ਸਿੰਘ, ਮਹੰਤ ਭਾਈ ਅਮਰਦੀਪ ਸਿੰਘ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਸ਼੍ਰੋਮਣੀ ਕਮੇਟੀ ਚੋਣਾਂ ਲਈ

# ਸਮਾਂ ਸੀਮਾ ਨਿਰਧਾਰਿਤ ਕਰਨ ਪ੍ਰਤੀ ਨਿੱਜੀ ਦਖ਼ਲ ਦੇਣ : ਪ੍ਰੋ. ਸਰਚਾਂਦ ਸਿੰਘ ਖਿਆਲਾ

**☛ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਸ਼੍ਰੋਮਣੀ ਕਮੇਟੀ ਚੋਣਾਂ ਲਈ ਸਮਾਂ ਸੀਮਾ ਨਿਰਧਾਰਿਤ ਕਰਨ ਪ੍ਰਤੀ ਨਿੱਜੀ ਦਖ਼ਲ ਦੇਣ : ਪ੍ਰੋ. ਸਰਚਾਂਦ ਸਿੰਘ ਖਿਆਲਾ ☛ ਜੇਕਰ ਲੋਕ ਸਭਾ, ਰਾਜ ਵਿਧਾਨ ਸਭਾਵਾਂ ਅਤੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਸਮੇਂ ਸਿਰ ਹੁੰਦੀਆਂ ਹਨ, ਤਾਂ ਫਿਰ ਸਿੱਖਾਂ ਦੀ ਪਾਰਲੀਮੈਂਟ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕਿਉਂ ਨਹੀਂ ਹੋ ਸਕਦੀਆਂ ? ☛ ਸਿੱਖਾਂ ਨੂੰ ਗੁਰਦੁਆਰਿਆਂ ਅਤੇ ਤਖ਼ਤ ਸਾਹਿਬਾਨ ਦੇ ਸਹੀ ਪ੍ਰਬੰਧਨ ਲਈ ਸਹੀ ਨੁਮਾਇੰਦੇ ਚੁਣਨ ਦਾ ਸੰਵਿਧਾਨਕ ਅਧਿਕਾਰ ਹੈ। ਪਰ ਸਰਕਾਰਾਂ ਦੀ ਉਦਾਸੀਨਤਾ ਕਾਰਨ ਚੋਣਾਂ ਸਮੇਂ ਸਿਰ ਨਾ ਹੋਣ ਕਾਰਨ ਸਿੱਖਾਂ ਵਿੱਚ ਨਿਰਾਸ਼ਾ ਹੈ।**

## ਵਿਚਾਰ ਆਪੋ-ਆਪਣਾ

**ਅੰਮ੍ਰਿਤਸਰ, 10 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸਿੱਖ ਆਗੂ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ 'ਚ ਦੇਰੀ ਲਈ ਨਰਾਜ਼ਗੀ ਜਤਾਉਂਦਿਆਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਸ਼੍ਰੋਮਣੀ ਕਮੇਟੀ ਚੋਣਾਂ ਲਈ ਸਮਾਂ ਸੀਮਾ ਨਿਰਧਾਰਿਤ ਕਰਨ ਪ੍ਰਤੀ ਨਿੱਜੀ ਦਖ਼ਲ ਦੇਣ ਦੀ ਅਪੀਲ ਕੀਤੀ ਹੈ।



ਪ੍ਰਧਾਨ ਮੰਤਰੀ ਨੂੰ ਲਿਖੇ ਗਏ ਇਕ ਪੱਤਰ ਵਿਚ ਪ੍ਰੋ. ਸਰਚਾਂਦ ਸਿੰਘ ਨੇ ਸ਼੍ਰੋਮਣੀ ਕਮੇਟੀ ਚੋਣਾਂ ਪ੍ਰਤੀ ਸਰਕਾਰਾਂ ਦੀ ਬੇਰੁਖ਼ੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇਕਰ ਲੋਕ ਸਭਾ, ਰਾਜ ਵਿਧਾਨ ਸਭਾਵਾਂ ਅਤੇ ਇੱਥੋਂ ਤੱਕ ਕਿ ਸਥਾਨਕ ਸਰਕਾਰਾਂ ਦੀਆਂ ਚੋਣਾਂ ਵੀ ਨਿਰਧਾਰਿਤ ਸਮੇਂ ਸਿਰ ਹੁੰਦੀਆਂ ਹਨ, ਤਾਂ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਿਸਨੂੰ ਸਿੱਖ ਭਾਈਚਾਰੇ ਨੇ ਸਿੱਖਾਂ ਦੀ ਪਾਰਲੀਮੈਂਟ ਹੋਣ ਦਾ ਦਰਜਾ ਦਿੱਤਾ ਹੋਇਆ ਹੈ, ਦੀਆਂ ਚੋਣਾਂ ਸਮੇਂ ਸਿਰ ਅਤੇ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕਿਉਂ ਨਹੀਂ ਹੋ ਸਕਦੀਆਂ ? ਸਿੱਖਾਂ ਨੂੰ ਗੁਰਦੁਆਰਿਆਂ ਅਤੇ ਤਖ਼ਤ ਸਾਹਿਬਾਨ ਦੇ ਸਹੀ ਪ੍ਰਬੰਧਨ ਲਈ ਸਹੀ ਨੁਮਾਇੰਦੇ ਚੁਣਨ ਦਾ ਸੰਵਿਧਾਨਕ ਅਧਿਕਾਰ ਹੈ। ਸਿੱਖ ਆਪਣੇ ਅਧਿਕਾਰਾਂ ਅਤੇ ਗੁਰਦੁਆਰਿਆਂ ਦੇ ਪ੍ਰਬੰਧਨ ਪ੍ਰਤੀ ਜਾਗਰੂਕ ਹਨ। ਪਰ ਸਰਕਾਰਾਂ ਦੀ ਉਦਾਸੀਨਤਾ ਕਾਰਨ ਚੋਣਾਂ ਸਮੇਂ ਸਿਰ ਨਾ ਹੋਣ ਕਾਰਨ ਸਿੱਖਾਂ ਵਿੱਚ ਨਿਰਾਸ਼ਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਜਸਟਿਸ (ਸੇਵਾਮੁਕਤ) ਸੁਰਿੰਦਰ ਸਿੰਘ ਸੇਰੋਂ ਨੂੰ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਬਤੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਸਾਲ 2023 ਨੂੰ ਗੁਰਦੁਆਰਾ ਚੋਣ ਕਮਿਸ਼ਨ ਦਾ ਮੁੱਖ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ। ਇਸ ਚੋਣ ਕਮਿਸ਼ਨ ਦਾ ਸਟਾਫ਼ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਇਆ ਜਾਂਦਾ ਹੈ। ਜਿਸ ਨੇ 21 ਅਕਤੂਬਰ 2023 ਤੋਂ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ। ਪਰ ਅੱਜ ਇੱਕ ਸਾਲ ਚਾਰ ਮਹੀਨੇ ਬੀਤ ਜਾਣ ਤੋਂ ਬਾਅਦ ਵੀ ਵੋਟਰ ਸੂਚੀਆਂ ਪੂਰੀਆਂ ਨਹੀਂ ਹੋਈਆਂ ਹਨ ਅਤੇ ਗੈਰ-ਸਿੱਖਾਂ ਨੂੰ ਵੋਟਰਾਂ ਵਜੋਂ ਸ਼ਾਮਲ ਕਰਨ ਦੇ ਚਰਚੇ ਹਨ।


ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਆਖ਼ਰੀ ਚੋਣਾਂ ਅਕਤੂਬਰ 2011 ਵਿੱਚ ਹੋਈਆਂ ਸਨ ਅਤੇ ਨਵੇਂ ਬੋਰਡ ਨੂੰ 17.12.2011 ਦੀ ਨੋਟੀਫ਼ਿਕੇਸ਼ਨ ਰਾਹੀਂ ਸੂਚਿਤ ਕੀਤਾ ਗਿਆ ਸੀ। ਸ਼੍ਰੋਮਣੀ ਕਮੇਟੀ ਦਾ ਕਾਰਜਕਾਲ 5 ਸਾਲ ਹੈ, ਪਰ ਮੌਜੂਦਾ ਕਮੇਟੀ 14ਵੇਂ ਸਾਲ ਵਿੱਚ ਪ੍ਰਵੇਸ਼ ਕਰ ਚੁੱਕਾ ਹੈ ਅਤੇ ਉਹ ਅਜੇ ਵੀ ਅਹੁਦੇ 'ਤੇ ਬਿਰਾਜਮਾਨ ਹਨ ਅਤੇ ਸ਼੍ਰੋਮਣੀ ਕਮੇਟੀ ਦੇ ਮਾਮਲਿਆਂ ਨੂੰ ਕੰਟਰੋਲ ਕਰ ਰਹੇ ਹਨ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਨੂੰ ਕੰਟਰੋਲ ਕਰਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਹੈ, ਜਿਸ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਹਨ, ਜਿਨ੍ਹਾਂ ਬਾਰੇ 2 ਦਸੰਬਰ, 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਉਨ੍ਹਾਂ ਵੱਲੋਂ ਪਿਛਲੇ ਸਮੇਂ ਦੌਰਾਨ ਸਿੱਖ ਪੰਥ ਵਿਰੁੱਧ ਕੀਤੇ ਗਏ ਅਪਰਾਧਾਂ ਲਈ ਇੱਕ ਇਤਿਹਾਸਕ ਅਤੇ ਸਖ਼ਤ ਰੁਖ਼ ਅਪਣਾਉਂਦਿਆਂ ਹੁਕਮ ਦਿੱਤਾ ਗਿਆ ਸੀ, ਕਿ "ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਇਨ੍ਹਾਂ ਗੁਨਾਹਾਂ ਕਾਰਨ ਸਿੱਖ ਪੰਥ ਦੀ ਰਾਜਨੀਤਿਕ ਤੌਰ 'ਤੇ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗੁਆ ਚੁੱਕੀ ਹੈ।" ਇਸ ਲਈ, ਇਨ੍ਹਾਂ ਆਗੂਆਂ ਦੀ ਅਗਵਾਈ ਅਤੇ ਹੱਥਾਂ 'ਚ ਸ਼੍ਰੋਮਣੀ ਕਮੇਟੀ ਅਤੇ ਸਿੱਖਾਂ ਦੇ ਹਿੱਤ ਨਾ ਸਿਰਫ਼ ਅਸੁਰੱਖਿਅਤ ਹਨ, ਸਗੋਂ ਹਾਨੀ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰਦੁਆਰੇ ਸਿਰਫ਼ ਪੂਜਾ ਸਥਾਨ ਨਹੀਂ ਹਨ ਅਤੇ ਸ਼੍ਰੋਮਣੀ ਕਮੇਟੀ ਜਿਸ ਦਾ ਦਾਇਰਾ ਗੁਰਦੁਆਰਿਆਂ ਦੀ ਦੇਖਭਾਲ ਤੱਕ ਸੀਮਤ ਨਹੀਂ ਹੈ, ਸਗੋਂ ਇਸਦੀ ਜ਼ਿੰਮੇਵਾਰੀ ਦੁਨੀਆ ਭਰ ਵਿੱਚ ਫੈਲੇ ਸਿੱਖ ਭਾਈਚਾਰੇ ਦੀਆਂ ਜ਼ਰੂਰਤਾਂ ਅਤੇ ਸਮੱਸਿਆਵਾਂ ਨੂੰ ਹੱਲ ਕਰਨਾ, ਭਵਿੱਖ ਦੀ ਯੋਜਨਾ ਬਣਾਉਣਾ ਅਤੇ



ਸਮਾਜਿਕ ਅਤੇ ਰਾਜਨੀਤਿਕ ਪਹਿਲੂਆਂ 'ਤੇ ਚਿੰਤਨ ਕਰਨਾ ਅਤੇ ਸਿੱਖਾਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨਾ ਵੀ ਹੈ।

ਪ੍ਰੋ. ਸਰਚਾਂਦ ਸਿੰਘ ਨੇ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਦੀ ਗੁੰਝਲਦਾਰ ਪ੍ਰਕਿਰਿਆ ਨੂੰ ਸਰਲ ਬਣਾਉਣ ਲਈ ਸੁਝਾਅ ਦਿੱਤਾ ਅਤੇ ਕਿਹਾ ਕਿ ਜਿਵੇਂ ਕਿ ਪੰਜਾਬ ਦੀ ਵੰਡ ਸਮੇਂ ਐਕਟ 1966 ਦੀ ਧਾਰਾ 72 ਅਧੀਨ ਸਿੱਖ ਗੁਰਦੁਆਰਾ ਐਕਟ, 1925 ਨੂੰ ਅੰਤਰ-ਰਾਜੀ ਐਕਟ ਘੋਸ਼ਿਤ ਕੀਤਾ ਗਿਆ ਸੀ ਅਤੇ ਰਾਜ ਸਰਕਾਰਾਂ ਨੂੰ ਜ਼ਰੂਰੀ ਕਾਨੂੰਨ ਬਣਾਉਣ ਦੀ ਸ਼ਕਤੀ ਦਿੱਤੀ ਗਈ ਸੀ, ਹਰਿਆਣਾ ਸਰਕਾਰ ਹਰਿਆਣਾ ਸਿੱਖ ਗੁਰਦੁਆਰਾ (ਪ੍ਰਬੰਧਨ) ਐਕਟ, 2014 ਪਾਸ ਕਰਕੇ ਲਾਗੂ ਕਰ ਚੁਕਾ ਹੈ ਅਤੇ ਦਿੱਲੀ ਵਿੱਚ ਦਿੱਲੀ ਸਿੱਖ ਗੁਰਦੁਆਰਾ ਐਕਟ, 1971 ਅਧੀਨ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਹਰ ਚਾਰ ਸਾਲਾਂ ਬਾਅਦ ਰਾਜ ਸਰਕਾਰ ਦੁਆਰਾ ਕਰਵਾਈਆਂ ਜਾਂਦੀਆਂ ਹਨ। ਇਸੇ ਤਰ੍ਹਾਂ, ਜੇਕਰ ਪੰਜਾਬ ਸਰਕਾਰ ਵੀ ਇਸ ਗੁਰਦੁਆਰਾ ਐਕਟ 1925 ਨੂੰ ਇਸਦੇ ਅਸਲ ਮੂਲ ਰੂਪ ਵਿੱਚ ਪੰਜਾਬ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਲਿਆਉਣ ਦਾ ਪ੍ਰਬੰਧ ਕਰਦੀ ਹੈ, ਤਾਂ ਹਰ ਪੰਜ ਸਾਲਾਂ ਬਾਅਦ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਉਣ ਲਈ ਕੇਂਦਰ ਵੱਲ ਦੇਖਣ ਦੀ ਲੋੜ ਨਹੀਂ ਰਹੇਗੀ। ਪੰਜਾਬ ਸਰਕਾਰ ਨੂੰ ਇਸ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਅਗਲੀਆਂ ਚੋਣਾਂ ਦਸੰਬਰ 2016 ਤੋਂ ਹੋਣੀਆਂ ਸਨ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਇਨ੍ਹਾਂ ਚੋਣਾਂ ਦੌਰਾਨ "ਸਹਿਜਧਾਰੀ" ਸਿੱਖਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝੇ ਕਰਨ ਦੀ ਪਟੀਸ਼ਨ ਨੂੰ ਰੱਦ ਕਰਨ ਤੋਂ ਬਾਅਦ ਸੁਪਰੀਮ ਕੋਰਟ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਜਿਸ 'ਤੇ ਮਾਣਯੋਗ ਸੁਪਰੀਮ ਕੋਰਟ ਨੇ ਪਹਿਲਾਂ ਤੋਂ ਹੀ ਕਾਰਜਸ਼ੀਲ ਸ਼੍ਰੋਮਣੀ ਕਮੇਟੀ ਨੂੰ ਆਪਣਾ ਕੰਮ ਜਾਰੀ ਰੱਖਣ ਦਾ ਹੁਕਮ ਦਿੱਤਾ। ਇਸ ਦੌਰਾਨ, ਸੰਸਦ ਨੇ ਗੁਰਦੁਆਰਾ ਐਕਟ ਵਿੱਚ ਇੱਕ ਸੋਧ ਪਾਸ ਕਰਦਿਆਂ ਸਿਰਫ਼ ਕੇਸਾਧਾਰੀ ਸਿੱਖਾਂ ਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ। ਜਿਸ 'ਤੇ ਸੁਪਰੀਮ ਕੋਰਟ ਨੇ ਸਤੰਬਰ 2016 ਵਿੱਚ ਇਸ ਸੋਧ ਦੇ ਆਧਾਰ 'ਤੇ ਉਕਤ ਮਾਮਲੇ ਦਾ ਨਿਪਟਾਰਾ ਕਰ ਦਿੱਤਾ। ਹਾਲਾਂਕਿ ਸ਼੍ਰੋਮਣੀ ਕਮੇਟੀ ਨੇ ਸੁਪਰੀਮ ਕੋਰਟ ਨੂੰ 2011 ਦੇ ਨਵੇਂ ਮੈਂਬਰਾਂ ਨੂੰ 2016-2021 ਤੱਕ ਪੰਜ ਸਾਲ ਦਾ ਨਵਾਂ ਕਾਰਜਕਾਲ ਦੇਣ ਦਾ ਹੁਕਮ ਪਾਸ ਕਰਨ ਦੀ ਬੇਨਤੀ ਕੀਤੀ ਸੀ, ਪਰ ਸੁਪਰੀਮ ਕੋਰਟ ਨੇ ਇਸ ਪਟੀਸ਼ਨ ਨੂੰ ਸਵੀਕਾਰ ਨਹੀਂ ਕੀਤਾ। ਇਸ ਤਰ੍ਹਾਂ, 17.12.2011 ਦੀ ਨੋਟੀਫ਼ਿਕੇਸ਼ਨ ਦੁਆਰਾ ਸੂਚਿਤ ਮੈਂਬਰਾਂ ਨੂੰ ਨਵਾਂ ਕਾਰਜਕਾਲ ਦੇਣ ਦਾ ਕੋਈ ਨਿਆਂਇਕ ਫ਼ੈਸਲਾ ਨਹੀਂ ਹੋਇਆ ਹੈ। ਇਨ੍ਹਾਂ ਮੈਂਬਰਾਂ ਨੇ 17.12.2016 ਨੂੰ ਆਪਣਾ 5 ਸਾਲ ਦਾ ਕਾਰਜਕਾਲ ਪੂਰਾ ਕਰ ਲਿਆ ਹੈ। ਇਸ ਲਈ, ਉਨ੍ਹਾਂ ਨੂੰ 2016-2021 ਤੱਕ ਸ਼੍ਰੋਮਣੀ ਕਮੇਟੀ ਦੇ ਮੈਂਬਰ ਵਜੋਂ ਜਾਰੀ ਰਹਿਣ ਦੀ ਆਗਿਆ ਨਹੀਂ ਦਿੱਤੀ ਜਾਣੀ ਚਾਹੀਦੀ ਸੀ।



ਪ੍ਰੋ. ਸਰਚਾਂਦ ਸਿੰਘ ਨੇ ਇਤਿਹਾਸਕ ਸਿੱਖ ਗੁਰਦੁਆਰਿਆਂ ਦੀ ਪੰਥ ਵਿਚ ਮਹੱਤਤਾ ਦੀ ਗਲ ਕਰਦਿਆਂ ਕਿਹਾ ਕਿ ਗੁਰੂ ਕਾਲ ਤੋਂ ਬਾਅਦ, 18ਵੀਂ ਸਦੀ ਸਿੱਖ ਭਾਈਚਾਰੇ ਲਈ ਸੰਘਰਸ਼ ਦੀ ਦੌੜ ਸੀ, ਨਾ ਸਿਰਫ਼ ਆਪਣੀ ਹੋਂਦ ਨੂੰ ਸੁਰੱਖਿਅਤ ਰੱਖਣ ਲਈ, ਸਗੋਂ ਆਪਣੀ ਪਛਾਣ ਨੂੰ ਮਜ਼ਬੂਤ ਕਰਨ ਅਤੇ ਆਪਣੇ ਰਾਜਨੀਤਿਕ ਅਧਾਰ ਨੂੰ ਮਜ਼ਬੂਤ ਅਤੇ ਫੈਲਾਉਣ ਲਈ ਵੀ। ਦਿੱਲੀ, ਕਾਬੁਲ, ਕੰਧਾਰ, ਲੇਹ, ਲਦਾਖ਼ ਆਦਿ ਦੀ ਜਿੱਤ ਦੌਰਾਨ, ਜਦੋਂ ਵੀ ਮੌਕਾ ਆਇਆ ਜਾਂ ਮਿਲਿਆ, ਸਿੱਖਾਂ ਨੇ ਇਤਿਹਾਸਕ ਗੁਰਦੁਆਰਿਆਂ ਦੀ ਉਸਾਰੀ ਅਤੇ ਉਨ੍ਹਾਂ ਦੀ ਮਹੱਤਤਾ ਨੂੰ ਵਧਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ, ਜੋ ਕਿ ਸਿੱਖਾਂ ਦੀ ਇਨ੍ਹਾਂ ਸਥਾਨਾਂ ਪ੍ਰਤੀ ਸ਼ਰਧਾ, ਸਤਿਕਾਰ ਅਤੇ ਜਾਗਰੂਕਤਾ ਦਾ ਪ੍ਰਮਾਣ ਹੈ। ਸਿੱਖ ਰਾਜ ਦੌਰਾਨ ਸਿੱਖ ਸ਼ਾਸਕਾਂ ਨੂੰ ਗੁਰਦੁਆਰਿਆਂ ਦੇ ਅੰਦਰੂਨੀ ਪ੍ਰਬੰਧਨ ਵਿੱਚ ਬਹੁਤਾ ਦਖ਼ਲ ਨਹੀਂ ਦੇਣਾ ਪੈਂਦਾ ਸੀ ਪਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜਾਣ ਤੋਂ ਬਾਅਦ, ਬ੍ਰਿਟਿਸ਼ ਸਰਕਾਰ ਵੱਲੋਂ ਮਹੰਤਾਂ ਅਤੇ ਪੁਜਾਰੀਆਂ ਨੂੰ ਸਮਰਥਨ ਦੇਣ ਕਾਰਨ ਗੁਰਦੁਆਰਿਆਂ ਦੇ ਪ੍ਰਬੰਧਨ ਵਿੱਚ ਗਿਰਾਵਟ ਆਈ। ਕਿਉਂਕਿ ਗੁਰਦੁਆਰਿਆਂ ਵਿੱਚ ਸਿੱਖ ਵਿਸ਼ਵਾਸ ਨੇ ਉਸ ਸਮੇਂ ਦੀ ਸਰਕਾਰ ਨੂੰ ਇਹ ਪ੍ਰਭਾਵ ਦਿੱਤਾ ਸੀ ਕਿ ਗੁਰਦੁਆਰੇ ਸਿਰਫ਼ ਸਿੱਖਾਂ ਲਈ ਪੂਜਾ ਜਾਂ ਰਸਮਾਂ ਲਈ ਬਣਾਏ ਗਏ ਮੰਦਰ ਨਹੀਂ ਸਨ, ਸਗੋਂ ਸਿੱਖਾਂ ਲਈ ਧਾਰਮਿਕ ਵਿਸ਼ਵਾਸਾਂ, ਸਮਾਜਿਕ ਅਤੇ ਰਾਜਨੀਤਿਕ ਪਹਿਲੂਆਂ 'ਤੇ ਚਰਚਾ ਕਰਨ ਲਈ ਇਕੱਠੇ ਹੋਣ ਦਾ ਸਥਾਨ ਵੀ ਸਨ। ਜਿੱਥੋਂ ਸਿੱਖਾਂ ਨੂੰ ਜਥੇਬੰਦਕ ਰੂਪ ਅਤੇ ਰਾਜਨੀਤਿਕ ਸ਼ਕਤੀ ਮਿਲਦੀ ਹੈ। ਬ੍ਰਿਟਿਸ਼ ਸਰਕਾਰ ਨੇ ਆਪਣਾ ਧਿਆਨ ਗੁਰਦੁਆਰਿਆਂ, ਖ਼ਾਸ ਕਰਕੇ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੇਂਦਰਿਤ ਕੀਤਾ। ਸਿੱਖਾਂ ਵਿੱਚ ਉਨ੍ਹਾਂ ਦੀ ਮਹੱਤਤਾ ਨੂੰ ਜਾਣਦੇ ਹੋਏ, ਸਰਕਾਰ ਨੇ ਉਨ੍ਹਾਂ ਦੇ ਪ੍ਰਬੰਧਨ ਲਈ ਇੱਕ ਕਮੇਟੀ ਅਤੇ ਉਨ੍ਹਾਂ ਨੂੰ ਆਪਣੇ ਨਿਯੰਤਰਣ ਵਿੱਚ ਲਿਆਉਣ ਲਈ ਇੱਕ ਮੁਖੀ - ਸਰਬਰਾਹ ਨਿਯੁਕਤ ਕੀਤਾ। ਗੁਰਦੁਆਰਿਆਂ ਨੂੰ ਆਪਣੇ ਕੰਟਰੋਲ ਹੇਠ ਰੱਖਣ ਦੀ ਸਰਕਾਰ ਦੀ ਨੀਤੀ ਅਤੇ ਗੁਰੂ ਦੀ ਜਾਇਦਾਦ ਨੂੰ ਆਪਣੀ ਜਾਇਦਾਦ ਸਮਝਣ ਵਾਲੇ ਮਹੰਤਾਂ ਅਤੇ ਪੁਜਾਰੀਆਂ ਨੂੰ ਸਰਕਾਰ ਦੇ ਸਮਰਥਨ ਨੇ ਅੱਗ ਵਿੱਚ ਤੇਲ ਪਾਉਣ ਦਾ ਕੰਮ ਕੀਤਾ ਸੀ। ਇਸ ਸਮੇਂ ਦੌਰਾਨ, ਮਹੰਤਾਂ ਅਤੇ ਪੁਜਾਰੀਆਂ ਦਾ ਗੁਰਮਤਿ ਵਿਰੋਧੀ ਵਿਵਹਾਰ ਸਿਖਰ 'ਤੇ ਸੀ ਅਤੇ ਫ਼ਿਰਕੂ ਸਦਭਾਵਨਾ ਵਾਲੇ ਸਥਾਨਾਂ 'ਤੇ ਵੀ ਛੂਤ-ਛਾਤ ਦਾ ਬੋਲਬਾਲਾ ਹੋਣਾ ਸ਼ੁਰੂ ਹੋ ਗਿਆ ਸੀ। ਧਾਰਮਿਕ ਪ੍ਰਣਾਲੀ ਦੀ ਵਿਗੜਦੀ ਹਾਲਤ ਦੇਖ ਕੇ ਸਿੱਖ ਹਿਰਦੇ ਦੁਖੀ ਹੋਏ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਵਧ ਗਈਆਂ। ਉਸ ਸਮੇਂ ਸਿੱਖਾਂ ਵਿੱਚ ਜਾਗ੍ਰਿਤੀ ਆਈ ਅਤੇ ਸਿੰਘ ਸਭਾ ਲਹਿਰ, ਚੀਫ਼ ਖ਼ਾਲਸਾ ਦੀਵਾਨ ਅਤੇ ਅਗਲੇ ਪੜਾਅ ਵਿੱਚ ਗੁਰਦੁਆਰਾ ਸੁਧਾਰ ਲਹਿਰ ਸ਼ੁਰੂ ਹੋਈ। ਨਤੀਜੇ ਵਜੋਂ, ਇਤਿਹਾਸਕ ਗੁਰਦੁਆਰਿਆਂ ਦੀ ਦੇਖਭਾਲ ਅਤੇ ਪ੍ਰਬੰਧਨ ਲਈ 15 ਨਵੰਬਰ 1920 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੋਂਦ ਵਿੱਚ ਆਈ। ਫਿਰ ਸਰਕਾਰ ਨੇ ਸਿੱਖਾਂ ਦੇ ਸੰਘਰਸ਼ ਅੱਗੇ ਝੁਕਦਿਆਂ, ਗੁਰਦੁਆਰਿਆਂ 'ਤੇ ਸਿੱਖਾਂ ਦੇ ਅਧਿਕਾਰਾਂ ਨੂੰ ਮਾਨਤਾ ਦਿੰਦਿਆਂ ਪੰਜਾਬ ਕੌਂਸਲ ਵਿੱਚ ਗੁਰਦੁਆਰਾ ਬਿੱਲ ਪਾਸ ਕੀਤਾ ਅਤੇ ਪੰਜਾਬ ਦੇ ਗਵਰਨਰ ਦੀ ਪ੍ਰਵਾਨਗੀ ਨਾਲ, 1 ਨਵੰਬਰ 1925 ਨੂੰ, "ਸਿੱਖ ਗੁਰਦੁਆਰਾ ਐਕਟ 1925" ਲਾਗੂ ਕੀਤਾ ਗਿਆ, ਜਿਸ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੰਵਿਧਾਨਕ ਮਾਨਤਾ ਮਿਲੀ ਅਤੇ ਪੰਜਾਬ ਦੇ ਇਤਿਹਾਸਕ ਗੁਰਦੁਆਰਿਆਂ ਦਾ ਪ੍ਰਬੰਧਨ ਚੁਣੀ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪ ਦਿੱਤਾ ਗਿਆ। ਕਿਉਂਕਿ ਇਹ ਇੱਕ ਸਟੇਟ ਐਕਟ ਸੀ, ਪੰਜਾਬ ਸਰਕਾਰ ਵੋਟਿੰਗ ਰਾਹੀਂ ਇਸ ਕਮੇਟੀ ਦੇ ਪ੍ਰਤੀਨਿਧੀਆਂ ਦੀ ਚੋਣ ਕਰਨ ਲਈ ਜ਼ਿੰਮੇਵਾਰ ਸੀ। ਦੇਸ਼ ਦੀ ਵੰਡ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਖੰਡਿਤ ਹੋ ਗਈ। ਇਤਿਹਾਸਕ ਮਹੱਤਵ ਵਾਲੇ ਕਈ ਪ੍ਰਸਿੱਧ ਗੁਰਦੁਆਰੇ ਪਾਕਿਸਤਾਨ ਵਿੱਚ ਹੀ ਰਹਿ ਗਏ। ਨਵੰਬਰ 1956 ਵਿੱਚ, ਜਦੋਂ ਰਾਜ ਪੁਨਰਗਠਨ ਐਕਟ-1956 ਦੇ ਤਹਿਤ ਭਾਸ਼ਾਈ ਆਧਾਰ 'ਤੇ ਰਾਜਾਂ ਦੇ ਪੁਨਰਗਠਨ ਦੌਰਾਨ ਪੰਜਾਬ ਰਾਜ ਦਾ ਵਿਸਤਾਰ ਕਰਕੇ ਪਟਿਆਲਾ ਅਤੇ ਪੂਰਬੀ ਪੰਜਾਬ ਸਟੇਟਸ ਯੂਨੀਅਨ ਨੂੰ ਸ਼ਾਮਲ ਕੀਤਾ ਗਿਆ, ਤਾਂ ਇਨ੍ਹਾਂ ਖੇਤਰਾਂ ਦੇ ਗੁਰਦੁਆਰਿਆਂ ਨੂੰ ਗੁਰਦੁਆਰਾ ਐਕਟ 1925 ਵਿੱਚ ਸ਼ਾਮਲ ਕੀਤਾ ਗਿਆ। ਪਰ, ਪੰਜਾਬ ਪੁਨਰਗਠਨ ਐਕਟ, 1966 ਦੇ ਲਾਗੂ ਹੋਣ ਅਤੇ ਹਰਿਆਣਾ ਦੀ ਸਿਰਜਣਾ ਦੇ ਨਾਲ, ਸ਼੍ਰੋਮਣੀ ਕਮੇਟੀ (ਬੋਰਡ) 1966 ਦੇ ਐਕਟ ਦੀ ਧਾਰਾ 72 ਦੇ ਤਹਿਤ ਇੱਕ ਅੰਤਰ-ਰਾਜੀ ਕਾਰਪੋਰੇਸ਼ਨ ਬਣ ਗਈ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਕੇਂਦਰ ਸਰਕਾਰ ਵੱਲੋਂ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਕਰਵਾਉਣ ਦਾ ਅਧਿਕਾਰ ਦਿੱਤਾ ਗਿਆ। ਜਦੋਂ ਕਿ ਹਰਿਆਣਾ ਸਰਕਾਰ ਨੇ ਆਪਣੀ ਵੱਖਰੀ ਕਮੇਟੀ ਬਣਾ ਲਈ ਹੈ ਅਜਿਹੀ ਸਥਿਤੀ 'ਚ ਪੰਜਾਬ ਵੀ 1925 ਐਕਟ ਨੂੰ ਆਪਣੇ ਦਾਇਰੇ ਵਿਚ ਲਿਆਉਂਦੀ ਹੈ ਤਾਂ ਹਰ ਪੰਜ ਸਾਲ ਬਾਅਦ ਬਿਨਾ ਦੇਰੀ ਚੋਣਾਂ ਕਰਾਉਣ 'ਚ ਮਦਦ ਮਿਲੇਗੀ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲੋਕ ਅਧਿਕਾਰ ਲਹਿਰ ਵੱਲੋਂ

# 'ਲੋਕਾ ਦੇ ਹੱਕਾਂ ਲਈ ਹੋਵੇਗੀ' ਲੋਕ ਅਧਿਕਾਰ ਰੈਲੀ-ਬਲਵਿੰਦਰ ਸਿੰਘ

**ਫਿਰੋਜ਼ਪੁਰ:10 ਫ਼ਰਵਰੀ ਆਵਾਜਿ ਕੌਮ ਬਿਊਰੋ ਰਿਪੋਰਟ (ਸੁਖਮੰਦਰ ਸਿੰਘ ਸ਼ਾਤ)**-ਪੰਜਾਬ ਵਿੱਚ ਭ੍ਰਿਸ਼ਟਾਚਾਰ ਸਿਸਟਮ ਖਿਲਾਫ ਇੱਕ ਸਿਆਸੀ ਲਹਿਰ ਦੀ ਲੋੜ ਹੈ। ਇਹ ਲਹਿਰ ਨਸ਼ਿਆਂ ਅਨਪੜ੍ਹਤਾ, ਬੇਰੋਜ਼ਗਾਰੀ ਅਤੇ ਸਰਕਾਰਾਂ ਵੱਲੋਂ ਕੀਤੇ ਜਾਂਦੇ ਅਨਿਆਂ ਵਿਰੁੱਧ ਲੜੇਗੀ।ਵਪਾਰ ਲਈ ਸਰਹੱਦੀ ।ਬਾਰਡਰ ਖੋਲਣ, ਸੂਬੇ ਵਿਚ ਖੇਤੀ ਅਧਾਰਤ ਸਨਅਤਾਂ ਲਾਉਣ, ਠੇਕੇਦਾਰੀ ਪ੍ਰਣਾਲੀ ਬੰਦ ਕਰਾਉਣ ਅਤੇ ਜਨਤਕ ਅਦਾਰਿਆਂ ਦਾ ਪ੍ਰਾਈਵੇਟ ਕਰਨ ਰੋਕਣ ਲਈ ਲੜ ਰਹੇ ਲੋਕਾਂ ਦਾ ਸਹਿਯੋਗ ਕਰਾਂਗੇ। ਸਿਖਿਆ, ਸਿਹਤ, ਰੋਜਗਾਰ, ਸਮਾਜਿਕ ਸੁਰੱਖਿਆ ਮੁੱਖ ਪਹਿਲੂ ਹੋਣਗੇ।ਸਾਰੇ ਧਰਮਾਂ ਦੀ ਰਾਖੀ ਲਈ ਕਨੂੰਨ ਅਤੇ ਸਜਾਵਾਂ ਭੁਗਤ ਚੁੱਕੇ ਬੰਦੀ ਸਿੱਖਾਂ ਦੀ ਰਿਹਾਈ ਲਈ ਲੱਗੇ ਮੋਰਚੇ ਨੂੰ ਸਮਰਥਨ ਦੇਵਾਂਗੇ। ਇਹ ਲਹਿਰ ਖੜੀ ਕਰਨ ਵਿੱਚ ਪੰਜਾਬ ਦਾ ਕਿਸਾਨ ਮਜ਼ਦੂਰ ਅਤੇ ਬੇ ਰੁਜ਼ਗਾਰ ਨੌਜਵਾਨੀ ਵੱਡੀ ਭੂਮਿਕਾ ਅਦਾ ਕਰ ਸਕਦੀ ਹੈ। ਇਸ ਮੁਹਿੰਮ ਦੀ ਸ਼ੁਰੂਆਤ ਲੋਕ ਅਧਿਕਾਰ ਲਹਿਰ ਵਲੋਂ ਇਕ 17 ਨੁਕਾਤੀ ਪ੍ਰੋਗਰਾਮ ਨਾਲ ਸ਼ਹੀਦਾਂ ਦੀ ਧਰਤੀ ਫਿਰੋਜ਼ਪੁਰ ਤੋਂ ਕੀਤੀ ਜਾਵੇਗੀ। ਇਸ ਮੌਕੇ ਬੋਲਦਿਆਂ ਲਹਿਰ ਦੇ ਆਗੂ ਬਲਵਿੰਦਰ ਸਿੰਘ ਨੇ ਦੱਸਿਆ ਕਿ ਰਾਜਸੀ ਚੇਤਨਾ ਦੀ ਲੋੜ ਉਨਾਂ ਲੋਕਾਂ ਨੂੰ ਹੈ ਜਿਹੜੇ 50 - 50 ਸਾਲਾਂ ਤੋਂ ਸਥਾਪਿਤ ਰਾਜਸੀ ਪਾਰਟੀਆਂ ਦੀਆਂ ਜੜ੍ਹਾਂ ਉਖੇੜ ਸਕਦੇ ਹਨ । ਇਹ ਸਧਾਰਨ ਲੋਕ ਹੀ ਹੁੰਦੇ ਹਨ । ਇਹਨਾਂ ਵਿੱਚ ਸਭ ਤੋਂ ਵੱਡਾ ਵਰਗ ਨਿਮਨ ਕਿਸਾਨੀ ਅਤੇ ਮਜ਼ਦੂਰਾਂ ਦਾ ਹੈ । ਜਿਲਾ ਫਿਰੋਜਪੁਰ ਵਿਚ ਅੱਜ ਹੋ ਰਹੀ "ਲੋਕ ਅਧਿਕਾਰ ਰੈਲੀ" ਵਿਚ ਦੀਵਆਂਗ , ਬੁਢਾਪਾ, ਵਿਧਵਾ ਪੈਨਸ਼ਨਰਾਂ, ਨਿਮਨ ਕਿਸਾਨੀ ਅਤੇ ਮਨਰੇਗਾ ਮਜ਼ਦੂਰਾਂ ਦਾ ਇੱਕਠ ਡੀਸੀ ਦਫਤਰ ਸਾਹਮਣੇ ਬਣੇ ਕੰਨਟੇਨਮੈਂਟ ਸਟੇਡੀਅਮ ਵਿੱਚ ਹੋਵੇਗਾ। ਮਹਿਗਾਈ ਦੇ ਦੌਰ ਵਿੱਚ 5000 ਰੁਪਏ ਮਹੀਨਾ ਪੈਨਸ਼ਨ ਦੀਵਆਂਗਾਂ ਦੇ 1798 ਪੋਸਟਾਂ ਦੇ ਬੈਕਲੋਗ ਅਤੇ 700 ਰੁਪਏ ਮਨਰੇਗਾ ਮਿਹਨਤਾਨੇ ਦੀ ਮੰਗ ਕੀਤੀ ਗਈ ਹੈ।ਉਨਾਂ ਅੱਗੇ ਦੱਸਿਆ ਕਿ ਦਿਨੋ ਦਿਨ ਡੂੰਘੇ ਹੁੰਦੇ ਜਾ ਰਹੇ ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਸੰਕਟਾਂ ਨੂੰ ਪਛਾਨਣ ਅਤੇ ਇਸ ਵਿਚੋਂ ਨਿਕਲਣ ਲਈ, ਕੋਈ ਰੋਡ ਮੈਪ ਕਿਸੇ ਵੀ ਸਥਾਪਤ ਰਾਜਸੀ ਧਿਰਾਂ ਕੋਲ ਨਹੀਂ ਹੈ। ਮੌਜੂਦਾ ਨਿਜ਼ਾਮ ਵਿਚ ਸਿਧਾਂਤ ਅਤੇ ਨਜ਼ਰੀਏ ਦੋਹਾਂ ਤੋਂ ਸੱਖਣੇ ਰਾਜਨੀਤਿਕ ਲੀਡਰ ਥਾਲੀ ਦੇ ਬੈਂਗਣਾਂ ਵਾਂਗ ਇੱਕ ਤੋਂ ਦੂਸਰੀ ਪਾਰਟੀ ਵਿੱਚ ਰੁੜ ਰਹੇ ਹਨ।ਹੁਣ ਉਹ ਸਮਾਂ ਆ ਗਿਆ ਹੈ ਜਦੋਂ ਸਿਸਟਮ ਖਿਲਾਫ ਲੜ ਰਹੇ, ਲੋਕ ਪੱਖੀ ਸੋਚ ਵਾਲੇ ਆਗੂਆਂ ਨੂੰ, ਲੋਕਾਂ ਦੀ ਲੜਾਈ ਅਤੇ ਅਗਵਾਈ ਲਈ ਸਿਰ ਜੋੜਨੇ ਚਾਹੀਦੇ ਹਨ । ਉਨਾਂ ਕਿਹ ਇਸਦੀ ਅਰੰਭਤਾ ਲਈ ਸਾਂਝੀਆਂ ਮਸ਼ਕਾਂ ਨਾਲ ਸਿਰਤੋੜ ਯਤਨ ਕੀਤੇ ਜਾਣਗੇ ।ਅੱਜ ਹੋਣ ਵਾਲੀ ਇਕਤਰਤਾ ਦੇ ਸੰਬੋਧਨ ਕਰਨ ਲਈ ਲੋਕ ਅਧਿਕਾਰ ਲਹਿਰ ਦੇ ਆਗੂਆਂ ਤੋਂ ਇਲਾਵਾ, ਜਿਲਾ ਹੁਸ਼ਿਆਰਪੁਰ ਵਿੱਚ ਖਨਣ ਮਾਫੀਏ ਖਿਲਾਫ ਲੜ ਰਹੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਧਰਮਿੰਦਰ ਮੁਕੇਰੀਆਂ, ਲੁਧਿਆਣੇ ਤੋਂ ਸਨਅਤਾਂ ਤੇ ਵਪਾਰੀਆਂ ਦੇ ਆਗੂ ਤਰੁਣ ਜੈਨ ਬਾਵਾ, ਅਜੀਤ ਲਾਕੜਾ, ਮਜ਼ਦੂਰ ਆਗੂ ਤਰਸੇਮ ਜੋਧਾਂ, ਮਾਨਸਾ ਤੋਂ ਰਾਜਵਿੰਦਰ ਸਿੰਘ ਰਾਣਾ ਅਤੇ ਸਿੱਖ ਆਗੂ ਗੁਰਦੀਪ ਸਿੰਘ ਬਠਿੰਡਾ ਪਹੁੰਚ ਰਹੇ ਹਨ ।ਇਸ ਪ੍ਰੈਸ ਕਾਨਫਰੰਸ ਵਿਚ ਸਾਬਕਾ ਸਮਾਜ ਸੇਵੀ ਜੋਰਾ ਸਿੰਘ ਸਾਬਕਾ ਐਮ ਸੀ ਅਤੇ ਮਜ਼ਦੂਰ ਆਗੂ ਬੱਗਾ ਸਿੰਘ ਵੀ ਸ਼ਾਮਿਲ ਸਨ।



ਸ਼ਾਇਰ "ਪਰਮਿੰਦਰਜੀਤ ਯਾਦਗਾਰੀ 9ਵਾਂ ਐਵਾਰਡ-2025 ਸ਼ਾਇਰ ਵਿਸ਼ਾਲ ਦੀ ਝੋਲੀ

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਅਤੇ ਇਪਸਾ ਆਸਟਰੇਲੀਆ ਵੱਲੋਂ ਵਿਸ਼ਾਲ ਕਵੀ ਦਰਬਾਰ



**ਚੌਂਕ ਮਹਿਤਾ , 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਅਤੇ ਇਪਸਾ ਆਸਟਰੇਲੀਆ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬਾਬਾ ਬਕਾਲਾ ਸਾਹਿਬ (ਨਜ਼ਦੀਕ ਛਾਉਣੀ ਸਾਹਿਬ) ਵਿਖੇ ਕਰਵਾਇਆ ਗਿਆ ।ਇਸ ਮੌਕੇ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਪ੍ਰਸਿੱਧ ਸ਼ਾਇਰ ਗੁਰਤੇਜ ਕੋਹਾਰਵਾਲਾ, ਵਿਸ਼ੇਸ਼ ਮਹਿਮਾਨ ਕਥਾਕਾਰ ਕੁਲਦੀਪ ਸਿੰਘ ਬੇਦੀ ਅਤੇ ਪ੍ਰੋ: ਕੁਲਵੰਤ ਔਜਲਾ ਤੋਂ ਇਲਾਵਾ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰਨੀ ਮੈਂਬਰ ਮੱਖਣ ਕੋਹਾੜ, ਗੁਰਮੀਤ ਸਿੰਘ ਬਾਜਵਾ, ਮਾ: ਮਨਜੀਤ ਸਿੰਘ ਵੱਸੀ (ਤਿੰਨੋਂ ਕਾਰਜਕਾਰੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗੋਪਾਲ ਸਿੰਘ ਬੁੱਟਰ ਸਾ: ਮੁਖੀ ਲਾਇਲਪੁਰ ਖਾਲਸਾ ਕਾਲਜ ਜਲੰਧਰ, ਕੰਵਰ ਇਕਬਾਲ ਸਿੰਘ ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ, ਸ਼ਾਇਰ ਵਿਸ਼ਾਲ, ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਹਰਵਿੰਦਰ ਕੌਰ ਆਦਿ ਸ਼ੁਸ਼ੋਭਿਤ ਹੋਏ ।ਇਸ ਮੌਕੇ ਮਰਹੂਮ ਸ਼ਾਇਰ "9ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ-2025 ਉੱਘੇ ਸ਼ਾਇਰ ਵਿਸ਼ਾਲ ਨੂੰ ਦਿੱਤਾ ਗਿਆ, ਜਿਸ ਵਿੱਚ ਨਗਦ 21,000 ਰੁਪਏ, ਸਨਮਾਨ ਚਿੰਨ੍ਹ, ਦੁਸ਼ਾਲਾ ਅਤੇ ਸਿਰੋਪਾਉ ਭੇਟ ਕੀਤਾ ਗਿਆ । ਇਪਸਾ ਆਸਟਰੇਲੀਆ ਦੇ ਸੰਚਾਲਕ ਸਰਬਜੀਤ ਸੋਹੀ ਨੇ ਵੀ ਸਮਾਗਮ ਲਈ ਸ਼ੁਭ ਇੱਛਾਵਾਂ ਭੇਜੀਆਂ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਮੰਚ ਸੰਚਾਲਨ ਦੇ ਫਰਜ਼ ਨਿਭਾਉਂਦਿਆਂ ਸਭਾ ਦੀਆਂ ਸਰਗਰਮੀਆਂ 'ਤੇ ਇਕ ਝਾਤ ਪਾਈ ਅਤੇ ਸਮੁੱਚੇ ਸਮਾਗਮ ਨੂੰ ਬਾਖੂਬੀ ਤਰਤੀਬ ਦਿੱਤੀ । ਇਸ ਮੌਕੇ ਹੋਏ ਵਿਸ਼ਾਲ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਮਹਿਲਾ ਵਿੰਗ ਦੀ ਪ੍ਰਧਾਨ ਮੈਡਮ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਜਤਿੰਦਰਪਾਲ ਕੌਰ ਭਿੰਡਰ, ਅਮਨਦੀਪ ਢਿੱਲੋਂ ਕਸੇਲ, ਪਰਵੀਨ ਕੌਰ ਸਿੱਧੂ, ਸੁਰਿੰਦਰ ਖਿਲਚੀਆਂ, ਕੰਵਲਜੀਤ ਕੌਰ, ਮੱਖਣ ਭੈਣੀਵਾਲਾ, ਪ੍ਰੋ: ਹਰਜੀਤ ਸਿੰਘ ਅਸ਼ਕ, ਮਨਜੀਤ ਸਿੰਘ ਵੱਸੀ, ਬੂਟਾ ਰਾਮ ਅਜ਼ਾਦ, ਸੁਖਦੇਵ ਸਿੰਘ ਗੰਡਵਾਂ, ਦਲਜੀਤਪਾਲ ਸਿੰਘ ਕਲਾਨੌਰ, ਬਖਤੌਰ ਧਾਲੀਵਾਲ, ਕੰਵਲਜੀਤ ਸਿੰਘ ਭੱਲਰ, ਨਵਦੀਪ ਸਿੰਘ ਬਦੇਸ਼ਾ, ਬਲਦੇਵ ਕ੍ਰਿਸ਼ਨ ਸ਼ਰਮਾ, ਜਸਮੇਲ ਸਿੰਘ ਜੋਧੇ, ਗਿਆਨੀ ਗੁਲਜ਼ਾਰ ਸਿੰਘ ਖੈੜਾ, ਗੁਰਮੀਤ ਸਿੰਘ ਪਾਹੜਾ, ਅਵਤਾਰ ਸਿੰਘ ਗੋਇੰਦਵਾਲ, ਜਗਦੀਸ਼ ਸਿੰਘ ਬਮਰਾਹ, ਸਰਬਜੀਤ ਸਿੰਘ ਪੱਡਾ, ਅਮਰਜੀਤ ਸਿੰਘ ਰਤਨਗੜ੍ਹ, ਤਰਸੇਮ ਸਿੰਘ ਕਾਲੇਕੇ, ਹਰਜਿੰਦਰ ਸਿੰਘ ਨਿੱਝਰ, ਮੈਨੇਜਰ ਬੂਟਾ ਰਾਮ, ਅਜੀਤ ਸਿੰਘ ਸਠਿਆਲਵੀ, ਮਲੂਕ ਸਿੰਘ ਧਿਆਨਪੁਰ, ਮੈਨੇਜਰ ਸਖਦੇਵ ਸਿੰਘ ਭੁੱਲਰ, ਦਿਲਰਾਜ ਸਿੰਘ ਦਰਦੀ, ਅਮਰਪਾਲ ਸਿੰਘ ਖਹਿਰਾ, ਡਾ: ਕੁਲਵੰਤ ਸਿੰਘ ਬਾਠ, ਜਰਨੈਲ ਸਿੰਘ ਸਾਖੀ ਜਲੰਧਰ, ਨਾਨਕ ਚੰਦ ਵਿਰਲੀ, ਕਲਭੂਸ਼ਨ, ਸੁਖਜਿੰਦਰ, ਤੇਜਬੀਰ ਸਿੰਘ, ਕੁਲਵੰਤ ਸਿੰਘ ਧੰਜੂ, ਮੁਖਤਾਰ ਸਿੰਘ ਸਹੋਤਾ, ਸਤਰਾਜ ਜਲਾਲਾਂਬਾਦੀ, ਮਾ: ਬਲਬੀਰ ਸਿੰਘ ਬੋਲੇਵਾਲ, ਸੁਬੇਗ ਸਿੰਘ ਮੀਆਂਵਿੰਡ, ਪਰਮਜੀਤ ਸਿੰਘ ਭੱਟੀ, ਸਕੱਤਰ ਸਿੰਘ ਪੁਰੇਵਾਲ, ਹਰਮਨਪ੍ਰੀਤ ਸਿੰਘ, ਜਗਰੂਪ ਕੌਰ, ਇੰਦਰਜੀਤ ਕੌਰ, ਨੀਤਾ ਸ਼ਰਮਾ, ਜਗਜੀਤ ਸਿੰਘ ਢਿਲਵਾਂ, ਅਜੈਪਾਲ ਸਿੰਘ, ਕੰਵਰਪਾਲ ਸਿੰਘ ਟਾਂਗਰਾ, ਕੈਪਟਨ ਸਿੰਘ, ਮਨਦੀਪ ਸਿੰਘ ਟਾਂਗਰਾ, ਬਲਵਿੰਦਰ ਸਿੰਘ ਅਠੌਲਾ, ਅੰਗਰੇਜ ਸਿੰਘ, ਗੁਰਪ੍ਰੀਤ ਸਿੰਘ ਪੁਰੇਵਾਲ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਹਾਨ ਚਿੱਤਰਕਾਰ ਸ. ਜਰਨੈਲ ਸਿੰਘ ਆਰਟਿਸਟ ਅਕਾਲ ਚਲਾਣਾ ਕਰ ਗਏ



**ਆਗਾਹ ਅਪਨੀ ਮੌਤ ਸੇ,**
**ਕੋਈ ਬਸ਼ਰ ਨਹੀਂ।**
**ਸਾਮਾਨ ਸੌ ਬਰਸ ਕਾ,**
**ਪਲ ਕੀ ਖ਼ਬਰ ਨਹੀਂ।**
**-ਆਓ ! ਮਿਲ ਕਰ ਚਰਾਗ. ਦਿਲ ਕੇ ਜਲਾਏਂ,**
**ਕਿ ਆਜ ਮਹਫ਼ਿਲ ਮੇਂ ਰੌਸ਼ਨੀ ਕਮ ਹੈ।**

ਬਹੁਤ ਹੀ ਦੁੱਖ ਨਾਲ ਲਿਖਣਾ ਪੈ ਰਿਹਾ ਹੈ ਕਿ ਪੇਂਡੂ ਪੰਜਾਬੀ ਸੱਭਿਆਚਾਰ ਅਤੇ ਸਿੱਖ ਇਤਿਹਾਸ ਦੇ ਇਕ ਮਹਾਨ ਚਿੱਤਰਕਾਰ ਸ. ਜਰਨੈਲ ਸਿੰਘ ਆਰਟਿਸਟ, ਹੁਣ ਸਾਡੇ ਵਿਚ ਨਹੀਂ ਰਹੇ ਅਤੇ ਦਰਗਾਹੀ ਸੱਦਾ ਆਣ ਉੱਤੇ, ਅਕਾਲ ਪੁਰਖ ਦੇ ਚਰਨਾਂ ਵਿਚ ਜਾ ਬਿਰਾਜੇ ਹਨ। ਪਿਛਲੇ 25 ਕੁ ਸਾਲਾਂ ਤੋਂ ਆਪ ਸਰੀ (ਕੈਨੇਡਾ) ਵਿੱਚ ਪੱਕੇ ਪੱਕੇ ਤੌਰ ਉਤੇ ਰਹਿ ਰਹੇ ਸਨ।

ਆਪ ਦਾ ਜਨਮ 12 ਜੂਨ, 1956 ਨੂੰ ਸਿੱਖ ਇਤਿਹਾਸ ਦੇ ਸ਼੍ਰੋਮਣੀ ਚਿੱਤਰਕਾਰ ਸਰਦਾਰ ਕਿਰਪਾਲ ਸਿੰਘ ਦੇ ਗ੍ਰਹਿ ਵਿਖੇ, ਪੰਜਾਬ ਦੇ ਇਕ ਉੱਘੇ ਨਗਰ ਜ਼ੀਰੇ ਵਿਖੇ ਹੋਇਆ ਸੀ। 1977 ਵਿਚ ਆਪ ਨੇ ਇਤਿਹਾਸ ਵਿਚ ਬੀ.ਏ. ਕੀਤੀ ਅਤੇ ਚਿੱਤਰ ਕਲਾ ਨੂੰ ਕਿੱਤੇ ਵਜੋਂ ਅਪਣਾ ਲਿਆ। ਆਪ ਦੇ ਚਿੱਤਰਕਾਰ ਬਣਨ ਦਾ ਇਕ ਵੱਡਾ ਕਾਰਨ ਭਾਵੇਂ ਆਪ ਦਾ ਹਮੇਸ਼ਾ ਪਿਤਾ ਦੇ ਨਾਲ ਰਹਿਣਾ ਵੀ ਹੋ ਸਕਦਾ ਹੈ, ਘਰ ਵਿਚ ਸਥਾਪਿਤ ਸਟੂਡੀਓ ਵਿਚ ਲਗਾਤਾਰ ਚਿੱਤਰਾਂ ਦੀ ਸਿਰਜਣਾ ਹੁੰਦੀ ਉਹ ਬਚਪਨ ਤੋਂ ਹੀ ਵੇਖਦੇ ਰਹੇ ਸਨ ਅਤੇ ਚਿੱਤਰਾਂ ਦੀ ਕਾਪੀ ਕਰਨ ਵਿਚ ਵੀ ਸਹਿਯੋਗ ਦਿਆ ਕਰਦੇ ਸਨ, ਲੇਕਿਨ ਜਰਨੈਲ ਸਿੰਘ ਦੇ ਵਿਸ਼ਿਆਂ ਦੀ ਮੌਲਿਕਤਾ ਉਸ ਦੀ ਮੌਲਿਕ ਕਲਾਤਮਕ ਰੁਚੀ ਦੀ ਹਾਮੀ ਭਰਦੀ ਹੈ।

ਸਿੱਖ ਇਤਿਹਾਸ ਨੂੰ ਜਿਸ ਤਰ੍ਹਾਂ ਸ. ਕਿਰਪਾਲ ਸਿੰਘ ਆਰਟਿਸਟ ਨੇ ਚਿਤਰਿਆ ਹੈ, ਹੋਰ ਕੋਈ ਸਿੱਖ ਚਿੱਤਰਕਾਰ ਨਹੀਂ ਕਰ ਸਕਿਆ। ਉਨ੍ਹਾਂ ਦੇ ਬਣਾਏ ਵਧੇਰੇ ਚਿੱਤਰ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਅਤੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ, ਦਿੱਲੀ ਦੇ ਸਿੱਖ ਅਜਾਇਬ ਘਰਾਂ ਵਿਚ ਸੁਸ਼ੋਭਿਤ ਹਨ। ਇਸੇ ਰਵਾਇਤ ਨੂੰ ਅੱਗੇ ਤੋਰਦੇ ਹੋਏ, ਆਪ ਦੇ ਕਲਾਕਾਰ ਸਪੁੱਤਰ ਸ. ਜਰਨੈਲ ਸਿੰਘ ਨੇ ਆਪਣੇ ਚਿੱਤਰਾਂ ਵਿਚ ਪੰਜਾਬੀ ਕਿਰਸਾਨੀ, ਪੰਜਾਬਣਾਂ ਦੇ ਹੁਸਨ, ਪੇਂਡੂ ਰੁਝੇਵਿਆਂ, ਮੇਲਿਆਂ, ਤ੍ਰਿੰਜਣਾਂ, ਗਿੱਧਿਆਂ, ਭੰਗੜਿਆਂ, ਚਰਖੇ ਕੱਤਦੀਆਂ, ਕਸੀਦਾਕਾਰੀ ਕਰਦੀਆਂ ਅਤੇ ਖੂਹਾਂ 'ਤੇ ਪਾਣੀ ਭਰਦੀਆਂ ਮੁਟਿਆਰਾਂ ਨੂੰ ਖ਼ੂਬ ਸੋਹਣੀ ਤਰ੍ਹਾਂ ਚਿੱਤਰਿਆ ਹੈ। ਦੇਸ-ਬਿਦੇਸ ਵਿਚ ਆਪ ਨੇ ਅਨੇਕਾਂ ਨੁਮਾਇਸ਼ਾਂ ਅਤੇ ਮੇਲਿਆਂ ਵਿਚ ਆਪਣੇ ਮੂੰਹੋਂ ਬੋਲਦੇ ਸੱਭਿਆਚਾਰਕ ਚਿੱਤਰਾਂ ਦੀ ਪ੍ਰਦਰਸ਼ਨੀ ਲਗਾਈ ਅਤੇ ਖ਼ੂਬ ਜੱਸ ਖੱਟਿਆ। ਆਪ ਦੇ ਸੁੰਦਰ ਚਿੱਤਰ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਸਮੇਤ ਅੱਜ ਦੁਨੀਆਂ ਵਿਚ ਅਨੇਕਾਂ ਆਰਟ ਗੈਲਰੀਆਂ ਵਿਚ ਪਰਦਰਸ਼ਿਤ ਹਨ। ਗੁਰੂ ਮਹਾਰਾਜ ਦੇ ਚਰਨਾਂ ਵਿਚ ਅਰਦਾਸ ਬੇਨਤੀ ਹੈ ਕਿ ਆਪ ਦੀ ਰੂਹ ਨੂੰ ਆਪਣੇ ਚਰਨਾਂ ਵਿਚ ਸਦੀਵੀ ਨਿਵਾਸ ਅਤੇ ਪਿੱਛੇ ਸਮੂਹ ਪਰਿਵਾਰ, ਸਾਕ-ਸਬੰਧੀਆਂ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦੀ ਤਾਕਤ ਪ੍ਰਦਾਨ ਕਰਨ। ਵਾਹਿਗੁਰੂ ! ਵਾਹਿਗੁਰੂ ! ਵਾਹਿਗੁਰੂ !

**ਵੱਲੋਂ - ਭਾਈ ਨਿਰਵੈਰ ਸਿੰਘ ਅਰਸ਼ੀ ਅਨੰਦਪੁਰ ਸਾਹਿਬ**

# ਮਾਨਯੋਗ ਐਫ.ਸੀ.ਆਰ. (ਵਿੱਤ ਕਮਿਸ਼ਨਰ) ਸਾਹਿਬ ਵਲੋਂ ਡੀ ਸੀ ਅਮ੍ਰਿਤਸਰ ਨੂੰ ਪਿੰਡ ਹੁਸ਼ਿਆਰ ਨਗਰ ਗੁਰੂਸਰ ਸਤਲਾਨੀ ਸਾਹਿਬ ਦੀ ਜਮੀਨ ਦੇ ਇੰਤਕਾਲ ਨੰ. 2085 ਦੀ ਪੜਤਾਲ ਕਰਕੇ ਰਿਪੋਰਟ ਪੇਸ਼ ਕਰਨ ਦੇ ਹੋਏ ਹੁਕਮ: ਹਰਪਾਲ ਸਿੰਘ ਯੂ.ਕੇ.



**ਚੌਂਕ ਮਹਿਤਾ, 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੈਂਕੜੇ ਹੀ ਸ਼ਿਕਾਇਤਾ ਅਤੇ ਦਰਖਾਸਤਾਂ ਪਾਉਣ ਦੇ ਬਾਵਜੂਦ ਹੁਣ ਇਕ ਸਖਤੀ ਨਾਲ ਐਫ.ਸੀ.ਆਰ. ਸਾਹਿਬ ਵਲੋਂ ਡਿਪਟੀ ਕਮਿਸ਼ਨਰ ਸਾਹਿਬ ਅੰਮ੍ਰਿਤਸਰ ਨੂੰ ਹੁਕਮ ਜਾਰੀ ਹੋਇਆ ਹੈ ਕਿ ਜਾਤੀ ਤੌਰ ਤੇ ਇਸ ਸ਼ਿਕਾਇਤ ਸਬੰਧੀ ਡੂੰਘਾਈ ਨਾਲ ਜਾਂਚ ਪੜਤਾਲ ਕਰਕੇ ਮਿਤੀ 17-02-2025 ਤੱਕ ਰਿਪੋਰਟ ਪੇਸ਼ ਕੀਤੀ ਜਾਵੇ ਇਹਨਾ ਸ਼ਬਦਾ ਦਾ ਪ੍ਰਗਟਾਵਾ ਹਰਪਾਲ ਸਿੰਘ ਯੂ ਕੇ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਦੱਸਿਆ ਕਿ ਮਾਮਲਾ 2289 ਕਨਾਲ ਪਿੰਡ ਹੁਸ਼ਿਆਰ ਨਗਰ ਗੁਰਦੁਆਰਾ ਗੁਰੂਸਰ ਸਤਲਾਨੀ ਸਾਹਿਬ ਦੀ ਜਮੀਨ ਬਾਬਾ ਮੰਗਲ ਸਿੰਘ ਦੇ ਨਾਮ ਤੇ ਦੋ ਵੱਖ-ਵੱਖ ਤਰੀਕਾਂ ਵਿਚ ਰਜਿਸ਼ਟਰ ਲੀਜ ਡੀਡਾਂ ਹੋਈਆ ਸਨ । ਜੋ ਕਿ ਇਕ 1389 ਕਨਾਲ ਅਤੇ ਦੂਸਰੀ 798 ਕਨਾਲ 10 ਮਰਲੇ ਰਜਿਸ਼ਟਰਡ ਲੀਜ ਡੀਡ ਹੋਈ ਹੈ। ਬਾਬੇ ਮੰਗਲ ਸਿੰਘ ਦੀ ਮੌਤ ਤੋਂ ਬਾਅਦ ਬਾਬੇ ਗੁਰਪਿੰਦਰ ਸਿੰਘ ਦੇ ਨਾਮ ਤੇ ਦੋਵਾਂ ਲੀਜ ਡੀਡਾਂ ਦਾ ਦੋਵਾਂ ਵੱਖ-ਵੱਖ ਪਟਿਆ ਦਾ 2085 ਦੀ ਵਿਰਾਸਤ ਇੰਤਕਾਲ ਮਨਜੂਰ ਹੋ ਗਈ। ਰਘਬੀਰ ਸਿੰਘ ਰਸੀਵਰ ਵਲੋਂ 1389 ਕਨਾਲ ਦਾ ਡਿਪਟੀ ਕਮਿਸ਼ਨਰ ਸਾਹਿਬ ਦੇ ਅਖਾਂ ਵਿਚ ਘੱਟਾ ਪਾ ਕੇ ਇਹ 1389 ਕਨਾਲ ਦਾ ਕੇਸ ਦਾਇਰ ਕਰ ਦਿੱਤਾ ਜਦੋਂਕਿ ਇਸੇ ਜਮੀਨ ਦਾ 1389 ਕਨਾਲ ਦਾ ਮਾਨਯੋਗ ਸਿਵਲ ਕੋਰਟ ਨਗਿੰਦਰ ਸਿੰਘ ਦੀ ਅਦਾਲਤ 1988 ਵਿਚ ਹੀ ਕੇਸ ਬਾਬੇ ਮੰਗਲ ਸਿੰਘ ਦੇ ਹੱਕ ਵਿਚ ਹੋ ਚੁਕਾ ਸੀ। ਉਸ ਤੋਂ ਬਾਅਦ ਇਹ ਸ਼ੈਸ਼ਨ ਕੋਰਟ ਵਿਚੋ ਵੀ ਅਪੀਲ ਹਾਰ ਗਏ ਅਤੇ ਮਾਨਯੋਗ ਹਾਈਕੋਰਟ ਵਿਚੋਂ ਵੀ ਅਪੀਲ ਹਾਰ ਗਏ। ਇਹਨਾਂ ਨੇ 1389 ਕਨਾਲ ਦਾ ਕੇਸ ਕਾਨੂੰਨ ਦੀਆਂ ਧਜੀਆ ਉਡਾਉਂਦੇ ਹੋਏ ਵੱਖ-2 ਅਦਾਲਤਾਂ ਦੇ ਫੈਸਲਿਆਂ ਨੂੰ ਅਖੋ ਪਰੋਖੇ ਕਰਕੇ 1389 ਕਨਾਲ ਦਾ ਕੇਸ ਦਾਇਰ ਕਰ ਦਿੱਤਾ ਅਤੇ ਆਪਣੇ ਰਾਜਨੀਤਿਕ ਪ੍ਰਭਾਵ ਹੋਣ ਕਰਕੇ ਆਪਣੇ ਹੱਕ ਵਿਚ ਕਰਵਾ ਲਿਆ ਅਤੇ 798 ਕਨਾਲ 10 ਮਰਲੇ ਦੀ ਦੂਜੀ ਲੀਜ ਡੀਡ ਦਾ ਕੋਈ ਕੇਸ ਦਾਇਰ ਨਹੀ ਕੀਤਾ ਸੀ ਨਾ ਹੀ ਕਿਸੇ ਅਦਾਲਤ ਵਲੋਂ ਉਸਦਾ ਇੰਤਕਾਲ ਖਾਰਜ ਕੀਤਾ ਗਿਆ ਸੀ। ਪਰ ਇਹਨਾਂ ਮਾਲ ਮਹਿਕਮੇ ਅਤੇ ਐਸ.ਜੀ.ਪੀ.ਸੀ. ਦੇ ਮੁਲਾਜਮਾਂ ਨਾਲ ਹਮਸਲਾਹ ਹੋ ਕੇ 798 ਕਨਾਲ 10 ਮਰਲੇ ਦਾ ਇੰਤਕਾਲ 2085 ਖਾਰਜ ਕਰ ਦਿੱਤਾ। ਅਸੀਂ ਮਾਲ ਮਹਿਕਮੇ ਨੂੰ ਬਹੁਤ ਸਾਰੀਆਂ ਆਰ.ਟੀ.ਆਈ. ਪਾਈਆ ਪਰ ਕਿਸੇ ਨੇ ਸਾਡੀ ਕੋਈ ਕਾਰਵਾਈ ਨਹੀ ਕੀਤੀ। ਸੋ ਹੁਣ ਅਸੀਂ ਇਹਨਾਂ ਤੇ ਮਾਲ ਮਹਿਕਮੇ, ਪਟਵਾਰੀ ਕਾਨੂੰਗੋ,ਤਹਿਸੀਲਦਾਰ ਸਾਹਿਬ ਅਤੇ ਐਸ.ਜੀਪੀ.ਸੀ ਦੇ ਮੁਲਾਜਮਾਂ ਤੇ ਹੇਰਾ ਫੇਰੀ ਅਤੇ ਧੋਖਾਧੜੀ ਕਰਨ ਦੀ ਇਹਨਾਂ ਤੇ ਕਾਨੂੰਨੀ ਕਾਰਵਾਈ ਕਰਾਂਗੇ। ਅਗਰ ਇਸਦੀ ਸਹੀ ਜਾਂਚ ਪੜਤਾਲ ਨਾ ਕੀਤੀ ਗਈ ਤਾਂ ਫਿਰ ਮਾਨਯੋਗ ਹਾਈਕੋਰਟ ਵਿਚ ਰਿਟ ਦਾਇਰ ਕਰਾਂਗਾ ਅਤੇ ਇਹਨਾਂ ਦੋਸ਼ੀਆਂ ਨੂੰ ਹਾਈਕੋਰਟ ਤੱਕ ਲੈ ਕੇ ਜਾਵਾਂਗੇ।

## ਗ਼ਜ਼ਲ

ਰਿਸ਼ਤੇ ਹੁਣ ਅਵਸੋਸ ਕਰਨ ਤਕ ਰਹਿ ਗਏ ਨੇ।
ਮੋਹ ਮਮਤਾ ਦੇ ਪਰਬਤ ਸਾਰੇ ਢਹਿ ਗਏ ਨੇ।
ਤੇਜ਼ ਹਵਾਵਾਂ ਏਨਾਂ ਸ਼ੋਰ ਮਚਾਇਆ ਏ,
ਜਿਹੜੇ ਬੱਦਲ ਵਰ੍ਹਦੇ ਸੀ ਉਹ ਲਹਿ ਗਏ ਨੇ।
ਵੇਖ ਸਮੁੰਦਰ ਨੇ ਸਾਹਿਲ ਨੂੰ ਕੀ ਚੁੰਮਿਆ,
ਪਾਣੀ ਵਿਚ ਰੇਤੇ ਦੇ ਕਿਣ ਕੇ ਬਹਿ ਗਏ ਨੇ।
ਅੱਧੀ ਰਾਤੀਂ ਬਾਰਿਸ਼ ਹੋਈ ਖੰਜਰਾਂ ਦੀ,
ਕੱਚੇ ਕੋਠੇ ਸਹਿੰਦੇ ਸਹਿੰਦੇ ਸਹਿ ਗਏ ਨੇ।
ਨਜ਼ਰ ਉਠਾ ਕੇ ਇਕ ਦੂਜੇ ਨੂੰ ਤੱਕਿਆ ਹੈ,
ਆਹਮੋਂ-ਸਾਹਮਣੇਂ ਤੀਰ ਹਵਾ ਵਿਚ ਖਹਿ ਗਏ ਨੇ।
ਪੱਥਰ ਸਾਰੇ ਪਾਣੀ ਦੇ ਵਿਚ ਡੁੱਬ ਗਏ,
ਬਾਲਮ ਕੱਖ ਤਾਂ ਸਾਰੇ ਤਰ ਕੇ ਵਹਿ ਗਏ ਨੇ।

**-ਬਲਵਿੰਦਰ ਬਾਲਮ ਗੁਰਦਾਸਪੁਰ**
**ਉਂਕਾਰ ਨਗਰ ਗੁਰਦਾਸਪੁਰ (ਪੰਜਾਬ), ਮੋ. 98156-25409**

### ਦਸ਼ਮੇਸ਼ ਵਿੱਦਿਅਕ ਸੰਸਥਾਵਾਂ, ਮਹਿਤਾ ਚੌਂਕ ਵਿਖੇ

# ਸਲਾਨਾ 'ਅਰਦਾਸ ਦਿਵਸ' ਸਮਾਗਮ ਆਯੋਜਿਤ

## ਸਿੰਘ ਸਾਹਿਬ ਗਿ: ਪਰਵਿੰਦਰਪਾਲ ਸਿੰਘ ਜੀ 'ਬੁੱਟਰ' ਨੇ ਸਮਾਗਮ 'ਚ ਕੀਤੀ ਸ਼ਮੂਲੀਅਤ







ਆਵਾਜ਼ਿ ਕੌਮ AWAZE QAUM International Newspaper & WEB TV





**ਚੌਂਕ ਮਹਿਤਾ, 10 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਇਲਾਕੇ ਦੀਆਂ ਨਾਮਵਰ ਵਿੱਦਿਅਕ ਸੰਸਥਾਵਾਂ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਦਸ਼ਮੇਸ਼ ਹੈਰੀਟੇਜ਼ ਪਬਲਿਕ ਸਕੂਲ ਅਤੇ ਦਸ਼ਮੇਸ਼ ਕਾਲਜ਼ ਫ਼ਾਰ ਵਿਮਨ, ਮਹਿਤਾ ਚੌਂਕ ਵਿਖੇ ਸਲਾਨਾ ਅਰਦਾਸ ਦਿਵਸ ਸਮਾਗਮ ਦਾ ਆਯੋਜਨ ਸਮੂਹ ਵਿਦਿਆਰਥੀਆਂ, ਸਟਾਫ਼ ਅਤੇ ਪ੍ਰਬੰਧਕ ਕਮੇਟੀ ਵੱਲੋਂ ਵਿਦਿਆਰਥੀਆਂ ਦੇ ਬੋਰਡ ਪ੍ਰੀਖਿਆਵਾਂ ਅਤੇ ਸਲਾਨਾ ਸਕੂਲ ਪ੍ਰੀਖਿਆਵਾਂ ਵਿੱਚ ਬੈਠਣ ਮੌਕੇ ਓਟ-ਆਸਰਾ ਲੈਣ ਲਈ ਕੀਤਾ ਗਿਆ।ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਹੋਏ ਸਮਾਗਮ ਵਿੱਚ ਸੱਚਖੰਡ ਸ੍ਰੀ ਹਰਮਿੰਦਰ ਸਾਹਿਬ ਜੀ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ 'ਬੁੱਟਰ' ਨੇ ਵਿਸ਼ੇਸ ਰੂਪ ਵਿੱਚ ਹਾਜ਼ਰੀ ਭਰੀ ਅਤੇ ਹਾਜ਼ਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।ਇਸ ਮੌਕੇ ਉਹਨਾਂ ਸ੍ਰੀ ਸਹਿਜ-ਪਾਠ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ।ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਮੁਖੀ ਦਮਦਮੀ ਟਕਸਾਲ ਵੱਲੋਂ ਜਥੇਦਾਰ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਵੀ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਖੇਤਰ ਵਿੱਚ ਮਿਹਨਤ ਕਰਨ ਅਤੇ ਧਰਮ ਨਾਲ ਜੁੜੇ ਰਹਿਣ ਦੀ ਪ੍ਰੇਰਨਾ ਦਿੱਤੀ।ਰਾਗੀ ਜਥਾ ਭਾਈ ਗੁਰਲਾਲ ਸਿੰਘ, ਹਜ਼ੂਰੀ ਰਾਗੀ ਦਮਦਮੀ ਟਕਸਾਲ ਵੱਲੋਂ ਗੁਰਬਾਣੀ ਦਾ ਰਸ ਭਿੰਨ੍ਹਾਂ ਕੀਰਤਨ ਗਾਇਨ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਵੱਲੋਂ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ 'ਬੁੱਟਰ' ਦਾ ਸਿਰਪਾਓ ਸਾਹਿਬ ਭੇਂਟ ਕਰ ਕੇ ਸਨਮਾਨ ਕੀਤਾ ਗਿਆ ਅਤੇ ਮੈਨੇਜ਼ਰ ਸ:ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਆਈਆਂ ਸਤਿਕਾਰਯੋਗ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਗਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਆਈਆਂ ਹੋਈਆਂ ਸੰਗਤਾਂ ਲਈ ਗੁਰ ਕੇ ਲੰਗਰ ਦੀਆਂ ਸੇਵਾਵਾਂ ਨਿਭਾਈਆਂ ਗਈਆਂ। ਸਮਾਗਮ ਵਿੱਚ ਵਿਦਿਆਰਥੀਆਂ ਦੇ ਮਾਪਿਆ ਤੋਂ ਇਲਾਵਾ ਸ:ਅਵਤਾਰ ਸਿੰਘ ਬੁੱਟਰ ਮੈਂਬਰ ਚੀਫ਼ ਖ਼ਾਲਸਾ ਦੀਵਾਨ , ਸ: ਕੁਲਬੀਰ ਸਿੰਘ ਮਾਨ, ਸ:ਸੁਰਜੀਤ ਸਿੰਘ ਕੰਗ ,ਪ੍ਰਿੰ: ਜਤਿੰਦਰ ਸ਼ਰਮਾ, ਪ੍ਰਿੰ : ਗੁਰਦੀਪ ਸਿੰਘ ਜਲਾਲ ਉਸਮਾਂ, ਮਾਸਟਰ ਜਸਵੰਤ ਸਿੰਘ, ਸ: ਮਨਪ੍ਰੀਤ ਸਿੰਘ ਟੱਕਰ, ਮੈਡਮ ਹਰਪ੍ਰੀਤ ਕੌਰ, ਮੈਡਮ ਬਲਜੀਤ ਕੌਰ ਅਤੇ ਮੈਡਮ ਰਵਿੰਦਰ ਕੌਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿਰਸਾ ਨੂੰ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਸਿਰੋਪਾ ਦੇਣਾ ਗਲਤ ਨਹੀਂ

# ਦਬਾਅ ਹੇਠ ਜਥੇਦਾਰੀ ਤੋਂ ਲਾਹੁਣਾ ਬਾਦਲਕਿਆਂ ਨੂੰ ਮਹਿੰਗਾ ਪਵੇਗਾ: ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 10 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਅੰਤਰਿੰਗ ਕਮੇਟੀ ਦੀ ਮੀਟਿੰਗ ਵਿੱਚ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਜਗ੍ਹਾ ਤੇ ਕਿਸੇ ਹੋਰ ਗ੍ਰੰਥੀ ਸਿੰਘ ਨੂੰ ਜਥੇਦਾਰ ਬਣਾਇਆ ਜਾ ਸਕਦਾ ਪਰ ਅਮਰੀਕਾ ਦੇ ਗੁਰਦੁਆਰਾ ਸਾਹਿਬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਆਈ ਚਿੱਠੀ ਵਿੱਚ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਆਹੁਦੇ ਤੋਂ ਹਟਾਉਣ ਤੋਂ ਬਾਅਦ ਨਤੀਜੇ ਭੁਗਤਣ ਦੀ ਚੇਤਾਵਨੀ ਦੇ ਦਿੱਤੀ ਗਈ ਹੈ ਹੁਣ ਸਮਾਂ ਦੱਸੇਗਾ ਕਿ ਮੀਟਿੰਗ ਵਿੱਚ ਗਿਆਨੀ ਹਰਪ੍ਰੀਤ ਸਿੰਘ ਜੀ ਸਬੰਧੀ ਕੀ ਫੈਸਲਾ ਲਿਆ ਜਾਂਦਾ ਹੈ ਅਤੇ ਦੂਸਰੇ ਭਾਜਪਾਈਆਂ ਦੀ ਟਿਕਟ ਤੋਂ ਰੀਜੌਰੀ ਗਾਰਡਨ ਦਿੱਲੀ ਤੋਂ ਜਿੱਤ ਪ੍ਰਾਪਤ ਕਰਕੇ ਮੁੱਖ ਮੰਤਰੀ ਦੇ ਉਮੀਦਵਾਰ ਸ੍ਰ ਮਨਜਿੰਦਰ ਸਿੰਘ ਸਿਰਸਾ ਨੂੰ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਦਿੱਤੇ ਗਏ ਸੀਰੋਪੋ ਦਾ ਵਿਰੋਧ ਕੀਤਾ ਜਾ ਰਿਹਾ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਮੀਟਿੰਗ ਵਿੱਚ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਜਥੇਦਾਰੀ ਤੋਂ ਫਾਰਗ ਕਰਨ ਦਾ ਮਨ ਬਣਾਈ ਬੈਠੀ ਹੈ ਜ਼ਰਾ ਸਮਝ ਵਿਚਾਰ ਕਿ ਫੈਸਲਾ ਲਿਉ ਨਹੀਂ ਸਿੱਖ ਪੰਥ'ਚ ਭੂਚਾਲ ਆ ਜਾਵੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ ਭਾਈ ਖਾਲਸਾ ਨੇ ਕਿਹਾ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਹਟਾਉਣ ਦੇ ਨਤੀਜੇ ਭੁਗਤਣ ਵਾਲੀ ਮੇਲ਼ ਨੇ ਬਾਦਲਕਿਆਂ ਨੂੰ ਹੱਥਾਂ ਪੈਰਾਂ ਦੀ ਪਾ ਦਿੱਤੀ ਹੈ, ਭਾਈ ਖਾਲਸਾ ਨੇ ਦੱਸਿਆ ਅਮਰੀਕਾ ਦੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਕਿਹਾ ਅਗਰ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਆਹੁਦੇ ਤੋਂ ਹਟਾਇਆ ਤਾਂ ਅਮਰੀਕਾ ਸੱਦ ਕੇ ਗਿਆਨੀ ਹਰਪ੍ਰੀਤ ਸਿੰਘ ਜੀ ਅਕਾਲੀ ਫੂਲਾ ਸਿੰਘ ਵਾਲੇ ਐਵਾਰਡ ਨਾਲ ਸਨਮਾਨਿਤ ਕਰਨਗੇ, ਭਾਈ ਖਾਲਸਾ ਨੇ ਕਿਹਾ ਇਥੇ ਹੀ ਬਸ ਨਹੀਂ ਉਹਨਾਂ ਧਮਕੀ ਦਿੱਤੀ ਬਾਦਲਕਿਆਂ ਦੀ ਇਸ ਨੀਤੀ ਵਿਰੁੱਧ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਜਾਗਰੂਕ ਕੀਤਾ ਜਾਵੇਗਾ ਕਿ ਬਾਦਲ ਕੇ ਪੰਥ ਵਿਰੋਧੀ ਹਨ ਅਤੇ ਇਸ ਸ਼ਾਰੇ ਸੰਘਰਸ਼ ਲਈ ਅਮਰੀਕਾ ਸਮੇਤ ਸਾਰੇ ਦੇਸ਼ਾਂ ਦੇ ਸਿਖ ਭਾਈਚਾਰੇ ਵੱਲੋਂ ਖ਼ਰਚ ਕੀਤਾ ਜਾਵੇਗਾ, ਭਾਈ ਖਾਲਸਾ ਨੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵਿੱਚ ਅੰਦਰਖਾਤੇ ਮਿਲ਼ੇ ਖਬਰਨਾਮੇ ਮੁਤਾਬਕ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਛੁੱਟੀ ਕਰਵਾਉਣ ਵਾਲੇ ਫੈਸਲੇ ਤੇ ਮੁੜ ਵਿਚਾਰ ਕਰਨ ਦੀ ਅਪੀਲ ਕਰਦੀ ਹੈ ਅਤੇ ਦੂਸਰੇ ਪਾਸੇ ਦਿੱਲੀ ਤੋਂ ਜਿਤੇ ਮਨਜਿੰਦਰ ਸਿੰਘ ਸਿਰਸਾ ਨੂੰ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਦਿੱਤੇ ਗਏ ਸੀਰੋਪੋ ਨੂੰ ਮੁੱਦਾ ਨਾਂ ਬਣਾਉਣ ਦੀ ਬੇਨਤੀ ਦੇ ਨਾਲ ਨਾਲ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਨੌਕਰੀ ਤੋਂ ਹਟਾਉਣ ਦੀ ਅਮਰੀਕਾ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੋਂ ਆਈਆਂ ਮੇਲਾ ਵਾਲੀਆਂ ਧਮਕੀਆਂ ਵੱਲ ਧਿਆਨ ਦਿੱਤਾ ਜਾਵੇ ਹੁਣ ਬਾਦਲਕਿਆਂ ਦੀਆਂ ਸੁਖਬੀਰ ਨੂੰ ਪ੍ਰਧਾਨ ਬਣਾਉਣ ਵਾਲੀਆਂ ਚਲਾਕੀਆਂ ਸਿੱਖ ਕੌਮ ਕਦੇ ਨਹੀਂ ਬਰਦਾਸ਼ਤ ਨਹੀਂ ਕਰੇਗੀ, ਭਾਈ ਖਾਲਸਾ ਮਨਜਿੰਦਰ ਸਿੰਘ ਸਿਰਸਾ ਨੂੰ ਜਿੱਤਣ ਦੀ ਵਧਾਈ ਦਿੰਦੀ ਹੋਈ ਮੋਦੀ ਸਾਹਿਬ ਜੀ ਨੂੰ ਬੇਨਤੀ ਕਰਦੀ ਹੈ ਕਿ ਸਿਖਾਂ ਦਾ ਦਿੱਲ ਜਿਤਣ ਲਈ ਸ੍ਰ ਮਨਜਿੰਦਰ ਸਿੰਘ ਸਿਰਸਾ ਨੂੰ ਦਿੱਲੀ ਦਾ ਮੁੱਖ ਮੰਤਰੀ ਬਣਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਬੀਤੇ ਦਿਨੀਂ ਰੰਘਰੇਟਾ ਕੌਮ ਦੀ ਚੜਦੀ ਕਲ੍ਹਾ ਵੇਖ ਕੇ ਦੁਸ਼ਮਣਾਂ ਵੱਲੋਂ

# ਜਥੇਦਾਰ ਮੇਜਰ ਸਿੰਘ ਸੋਢੀ ਸਾਹਿਬ ਦਾ ਪੁਤਲਾ ਫੂਕਣਾ ਨਿੰਦਣਯੋਗ : ਏ ਆਈ ਐਸ ਐਸ ਐਫ



**ਜੰਡਿਆਲਾ ਗੁਰੂ, 10 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਅੱਜ ਦੇਸ਼ਾਂ ਵਿਦੇਸ਼ਾਂ ਵਿੱਚ ਸਿੱਖੀ ਪ੍ਰਚਾਰ ਲਈ ਦਿੱਨ ਰਾਤ ਕਰਕੇ ਰੰਘਰੇਟਾ ਕੌਮ ਵਿੱਚ ਇੱਕ ਨਵੀਂ ਜਾਗ੍ਰਿਤੀ ਲਿਆਉਣ, ਗਰੀਬ ਲੋਕਾਂ ਦੀ ਦੁੱਖ ਸੁੱਖ ਵੇਲੇ ਬਾਂਹ ਫੜਨ ਵਾਲੇ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਕਰੌੜਾਂ ਰੰਘਰੇਟਿਆ ਦੀ ਬੁਲੰਦ ਆਵਾਜ਼ ਤੇ ਹਰਮਨਪਿਆਰੇ ਬਣ ਚੁੱਕੇ ਦਸਮੇਸ਼ ਤਰਨਦਲ ਦੇ ਸਾਧੂ ਸੁਭਾਅ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਦੀ ਦਿਨੋਂ ਦਿਨ ਚੜਦੀ ਕਲਾ ਵੇਖਕੇ ਜਿਥੇ ਜ਼ਾਤ ਅਭਿਮਾਨੀਆਂ ਨੂੰ ਹੱਥਾਂ ਪੈਰਾਂ ਦੀ ਪਈ ਹੋਈ ਹੈ,ਉਥੇ ਰੰਘਰੇਟਾ ਕੌਮ ਦੀ ਚੜਦੀ ਕਲਾ ਦੇ ਦੁਸ਼ਮਣ ਤੇ ਬੁੱਕਲ ਦੇ ਸੱਪ ਕੁਝ ਸਰਾਤੀਆਂ ਵੱਲੋਂ ਰੰਘਰੇਟਾ ਕੌਮ ਦੀ ਬੁਲੰਦ ਆਵਾਜ਼ ਮਹਾਨ ਤਪੱਸਵੀ ਬਹਾਦਰ ਜਰਨੈਲ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦਾ ਦੋ ਫਰਵਰੀ ਨੂੰ ਅੰਮ੍ਰਿਤਸਰ ਸ਼ਹਿਰ ਵਿਖੇ ਨੀਲੇ ਬਾਣੇ'ਚ ਪੁਤਲਾ ਫੂਕ ਕੇ ਕਰੌੜਾਂ ਰੰਘਰੇਟਿਆ ਦੀਆਂ ਮਨਭਾਵਨਾਵਾਂ ਨੂੰ ਠੇਸ ਮਾਰੀ ਗਈ,ਜਿਸ ਦਾ ਬੀਤੇ ਦਿਨੀਂ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਬਾਬਾ ਬੀਰ ਸਿੰਘ ਬਾਬਾ ਧੀਰ ਸਿੰਘ ਛਾਉਣੀ ਨਿਹੰਗ ਸਿੰਘਾਂ ਚਾਟੀ ਵਿੰਡ ਲੇਹਲ ਮਹਿਤਾ ਰੋਡ ਅੰਮ੍ਰਿਤਸਰ ਵਿਖੇ ਲੱਖੇ ਦੇ ਇਕੱਠ ਵਿੱਚ ਜੁੜੀਆਂ ਸੰਗਤਾਂ ਤੋਂ ਇਲਾਵਾ ਹਜ਼ਾਰਾਂ ਧਾਰਮਿਕ, ਸਿਆਸੀ, ਸਮਾਜਿਕ ਤੇ ਹੋਰਾਂ ਦੇ ਨਾਲ ਨਾਲ ਸਾਬਕਾ ਕਮਾਂਡਿਟ ਸ੍ਰ ਜਸਕਰਨ ਸਿੰਘ, ਬਾਬਾ ਗੁਰਪ੍ਰੀਤ ਸਿੰਘ ਜੀ ਉਦਾਸੀ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ,ਭਗਵਾਨ ਵਾਲਮੀਕਿ ਸਮਾਜ ਦੇ ਮੁੱਖੀ, ਨਿਹੰਗ ਸਿੰਘ ਜਥੇਬੰਦੀਆਂ ਦੇ ਚੇਅਰਮੈਨ ਜਥੇਦਾਰ ਚੀਮਾਂ ਆਦਿ ਵੱਲੋਂ ਇਸ ਘਟਨਾ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕੀਤੀ ਗਈ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਅਜਿਹੇ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰਕੇ ਲੱਖਾਂ ਰੰਘਰੇਟਾ ਸ਼ਰਧਾਲੂਆਂ ਦੀਆਂ ਸ਼ਰਧਾ ਭਰੀਆਂ ਮਨ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਦੋਸ਼ਾਂ ਤਹਿਤ ਮਾਨਹਾਨੀ ਦਾ ਪਰਚਾ ਦਰਜ਼ ਕੀਤਾ ਜਾਵੇ ,ਕਿਉਂਕਿ ਅਜਿਹੇ ਲੋਕ ਸ਼ਹਿਰ ਅਤੇ ਸ਼ਹਿਰ ਨਿਵਾਸੀਆਂ ਦੀ ਸ਼ਾਨਤੀ ਨੂੰ ਜਿਥੇ ਭੰਗ ਕਰਨ ਦਾ ਯਤਨ ਕਰ ਰਹੇ ਹਨ, ਉਥੇ ਦਸਮੇਸ਼ ਤਰਨਦਲ ਦੇ ਮੁੱਖੀ ਤੇ ਰੰਘਰੇਟਾ ਕੌਮ ਦੀ ਬੁਲੰਦ ਆਵਾਜ਼ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਨਾਲ ਜੁੜੀਆਂ ਕਰੌੜਾਂ ਸੰਗਤਾਂ ਦੀਆਂ ਮਨਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚਾ ਜਾ ਰਹੇ ਹਨ ,ਭਾਈ ਖਾਲਸਾ ਨੇ ਸਪੱਸ਼ਟ ਕੀਤਾ ਕਿ ਦਸਮੇਸ਼ ਤਰਨਦਲ ਦੇ ਸਾਬਕਾ ਮੁਖੀ ਜਥੇਦਾਰ ਬਾਬਾ ਬਲਕਾਰ ਸਿੰਘ ਸੋਢੀ ਸਾਹਿਬ ਸਵਰਗੀ ਜਥੇਦਾਰ ਬਾਬਾ ਮਹਿੰਦਰ ਸਿੰਘ ਸੋਢੀ ਜੀ ਦੇ ਪੋਤਰੇ ਅਤੇ ਦਸਮੇਸ਼ ਤਰਨਦਲ ਦੇ ਪਲੇਠੇ ਜਥੇਦਾਰ ਵੀ ਸਨ, ਭਾਈ ਖਾਲਸਾ ਨੇ ਦੱਸਿਆ ਜਥੇਦਾਰ ਬਾਬਾ ਬਲਕਾਰ ਸਿੰਘ ਸੋਢੀ ਦੇ ਅਕਾਲ ਚਲਾਣੇ ਤੋਂ ਉਪਰੰਤ ਦਲਪੰਥ ਦੇ ਘੋੜਿਆਂ ਦੇ ਜਥੇਦਾਰ ਜੋ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦੇ ਸਤਿਕਾਰਯੋਗ ਨਾਨਾ ਜੀ ਸਨ ਨੇ ਦਲ ਦੀ ਜਥੇਦਾਰੀ ਆਪਣੇ ਦੋਹਤੇ ਤੇ ਮਜੌਦਾ ਗੱਦੀ ਨਸ਼ੀਨ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਦੇ ਹਵਾਲੇ ਕਰਨ ਲਈ ਜਥੇਬੰਦੀਆਂ ਦੇ ਜਥੇਦਾਰ ਸਾਹਿਬਾਨਾਂ ਨੂੰ ਬੇਨਤੀ ਕੀਤੀ, ਭਾਈ ਖਾਲਸਾ ਨੇ ਦੱਸਿਆ ਜਥੇਬੰਦੀਆਂ ਵੱਲੋਂ ਪੁਰਾਤਨ ਮਰਿਯਾਦਾ ਅਨੁਸਾਰ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦਲ ਦੀ ਜਥੇਦਾਰੀ ਸੌਂਪੀ ਜੋਂ ਜਥੇਦਾਰ ਅਜੇ ਵੀ ਮੌਜੂਦ ਹਨ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਦੇ ਵਿਰੁੱਧ ਅਵਾਜ਼ ਉਠਾਉਣ ਦੀ ਅਜ਼ਾਜ਼ਤ ਨਹੀਂ ਦੇਵੇਗੀ ਅਤੇ ਅਜਿਹੇ ਅਨਸਰਾਂ ਵਿਰੁੱਧ ਕੜੀ ਨਿਗਾ ਰੱਖੀ ਜਾਵੇਗੀ ਅਤੇ ਬੇਨਤੀ ਵੀ ਕੀਤੀ ਜਾਂਦੀ ਹੈ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ। ਭਾਈ ਖਾਲਸਾ ਨੇ ਦੱਸਿਆ ਜਦੋਂ ਤੋਂ ਦਸਮੇਸ਼ ਤਰਨਦਲ ਦੀ ਵਾਗਡੋਰ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਨੇ ਸੰਭਾਲੀ ਹੈ ਉਸ ਵਕਤ ਤੋਂ ਦੇਸ਼ਾਂ ਵਿਦੇਸ਼ਾਂ ਵਿੱਚ ਜਿੱਥੇ ਦਸਮੇਸ਼ ਤਰਨਦਲ ਦੇ ਸੈਂਕੜੇ ਗੁਰਦੁਆਰਾ ਸਾਹਿਬ ਤੇ ਛਾਉਣੀਆਂ ਬਣ ਚੁੱਕੀਆਂ ਹਨ ,ਉਥੇ ਕਰੌੜਾਂ ਦੀ ਗਿਣਤੀ ਵਿੱਚ ਉਹਨਾਂ ਦੇ ਸ਼ਰਧਾਲੂ ਬਣ ਚੁੱਕੇ ਹਨ, ਭਾਈ ਖਾਲਸਾ ਨੇ ਦੱਸਿਆ ਰੰਘਰੇਟਾ ਕੌਮ ਦੀਆਂ ਕਰੌੜਾਂ ਸੰਗਤਾਂ ਦੀਆਂ ਮਨ ਭਾਵਨਾਵਾਂ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਦੀ ਧਰਮੀ ਤੇ ਨੇਕ ਅਗਵਾਈ ਨੂੰ ਕਬੂਲ ਚੁੱਕੀਆਂ ਹਨ , ਭਾਈ ਖਾਲਸਾ ਨੇ ਕਿਹਾ ਦਿਨੋਂ ਦਿਨ ਉਹ ਅਤੇ ਦਲ ਪੰਥ ਹੁਣ ਚੜਦੀ ਕਲਾ ਵੱਲ ਵਧ ਰਿਹਾ ਹੈ ,ਇਸ ਕਰਕੇ ਰੰਘਰੇਟਾ ਕੌਮ ਦੇ ਧਰਮੀ ਅਤੇ ਅਣਖੀ ਲੋਕ ਹੁਣ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਵਿਰੁੱਧ ਕੋਈ ਵੀ ਨਿੰਦਣਯੋਗ ਹਰਕਤ ਨੂੰ ਬਰਦਾਸ਼ਤ ਨਹੀਂ ਕਰ ਸਕਦੇ, ਭਾਈ ਖਾਲਸਾ ਨੇ ਕਿਹਾ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਦਾ ਨੀਲੇ ਬਾਣੇ'ਚ ਪੁਤਲਾ ਫੂਕਣ ਵਾਲੇ ਰੰਘਰੇਟਾ ਕੌਮ ਦੇ ਦੁਸ਼ਮਣਾਂ ਤੇ ਸ਼ੌਹਰਤ ਦੇ ਭੁੱਖੇ ਘੜੰਮ ਚੌਧਰੀ ਵਾਰਸ ਅਖਵਾਉਣ ਵਾਲਿਆਂ ਨੂੰ ਸਖਤ ਚਿਤਾਵਨੀ ਦਿੰਦੀ ਹੈ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ ਨਹੀਂ ਤਾਂ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਅੰਸ ਬੰਸ ਰੰਘਰੇਟਾ ਕੌਮ ਉਹਨਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਤੋਂ ਪਿੱਛੇ ਨਹੀਂ ਹਟੇਗੀ, ਭਾਈ ਖਾਲਸਾ ਨੇ ਕਿਹਾ ਵਿਆਕਤੀਗਤ ਰੋਸ'ਚ ਕਲਗੀਆਂ ਵਾਲੇ ਦੇ ਨੀਲੇ ਬਾਣੇ ਨੂੰ ਸ਼ਹਿਰ ਫੂਕਣਾ ਨਿੰਦਣਯੋਗ ਵਰਤਾਰਾ, ਸਰਕਾਰ ਨੂੰ ਅਜਿਹੇ ਲੋਕਾਂ ਨੂੰ ਬਿਲਕੁਲ ਨਹੀਂ ਬਖ਼ਸ਼ਣਾ ਚਾਹੀਦਾ। ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਬਲਕਾਰ ਸਿੰਘ ਦਾਰੇਵਾਲ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ, ਭਾਈ ਇੰਦਰਜੀਤ ਸਿੰਘ ਤੇ ਭਾਈ ਜਸਵਿੰਦਰ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਯੂਨਾਈਟਡ ਕਬੱਡੀ ਫੈਡਰੇਸ਼ਨ ਬਣਨ ਨਾਲ ਨੌਜਵਾਨ ਖਿਡਾਰੀਆਂ ਨੂੰ ਚੰਗੇ ਭਵਿੱਖ ਦੀ ਆਸ ਬੱਝੀ

## ਸਾਬਕਾ ਕਪਤਾਨ ਯਾਦਵਿੰਦਰ ਸਿੰਘ ਯਾਦਾ ਬਣੇ ਪ੍ਰਧਾਨ



**ਨਕੋਦਰ/ਮਹਿਤਪੁਰ, 10 ਫ਼ਰਵਰੀ (ਹਰਜਿੰਦਰ ਪਾਲ ਛਾਬੜਾ)**-ਪੰਜਾਬੀਆਂ ਦੀ ਹਰਮਨਪਿਆਰੀ ਖੇਡ ਕਬੱਡੀ ਨੂੰ ਪ੍ਰਫੁੱਲਿਤ ਕਰਨ ਲਈ ਭਾਰਤੀ ਟੀਮ ਦੇ ਸਾਬਕਾ ਕਪਤਾਨ ਯਾਦਵਿੰਦਰ ਸਿੰਘ ਯਾਦਾ ਸੁਰਖਪੁਰ, ਬਲਵੀਰ ਸਿੰਘ ਪਾਲਾ ਜਲਾਲਪੁਰ ਦੀ ਅਗਵਾਈ ਹੇਠ ਇੱਕ ਨਵੀਂ ਖੇਡ ਸੰਸਥਾ ਦਾ ਗਠਨ ਕੀਤਾ ਗਿਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਦੀ ਕਬੱਡੀ ਨੂੰ ਚੰਗੀ ਦਿਸ਼ਾ ਦੇਣ ਲਈ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਆਪਣੀ ਖੇਡ ਸੰਸਥਾ ਦਾ ਨਾਮ ਪੰਜਾਬ ਯੂਨਾਇਟਡ ਕਬੱਡੀ ਫੈਡਰੇਸ਼ਨ ਰੱਖਿਆ ਹੈ। ਇਸ ਕਬੱਡੀ ਫੈਡਰੇਸ਼ਨ ਦੇ ਗਠਨ ਦੇ ਨਾਲ ਹੀ ਪੰਜਾਬ ਦੇ ਲੋਕਾਂ ਦਾ ਭਰਵਾਂ ਹੁੰਗਾਰਾ ਮਿਲਣਾ ਸ਼ੁਰੂ ਹੋ ਗਿਆ ਹੈ। 7 ਫਰਵਰੀ ਨੂੰ ਸੰਸਥਾ ਬਣੀ ਅਤੇ 8 ਨੂੰ ਹੀ ਟੂਰਨਾਮੈਂਟ ਖੇਡਿਆ ਗਿਆ। ਇਸ ਦੇ ਨਾਲ ਹੀ ਦਰਜਨਾਂ ਟੂਰਨਾਮੈਂਟ ਹੋਰ ਵੀ ਬੁੱਕ ਹੋ ਗਏ ਹਨ। ਫੈਡਰੇਸ਼ਨ ਨੇ ਦੂਜਾ ਮੈਚ ਬੱਲੋਮਾਜਰਾ ਵਿਖੇ ਖੇਡਿਆ ਹੈ। ਇਸ ਮੌਕੇ ਯਾਦਾ ਸੁਰਖਪੁਰ ਤੇ ਪਾਲਾ ਜਲਾਲਪੁਰ ਨੇ ਕਿਹਾ ਕਿ ਅਸੀਂ ਕਬੱਡੀ ਦੀ ਬੇਹਤਰੀ ਲਈ ਕੰਮ ਕਰਾਂਗੇ। ਨਵੇਂ ਖਿਡਾਰੀਆਂ ਲਈ ਚੰਗੇ ਮੌਕੇ ਪ੍ਰਦਾਨ ਕੀਤੇ ਜਾਣਗੇ। ਇਹ ਫੈਡਰੇਸ਼ਨ ਪੰਜਾਬ ਵਿੱਚ ਕੰਮ ਕਰਦੀਆਂ ਖੇਡ ਸੰਸਥਾਵਾਂ ਦਾ ਸਤਿਕਾਰ ਕਰਦੀ ਹੈ। ਜੇਕਰ ਕੋਈ ਚੰਗਾ ਸੁਝਾਅ ਕਬੱਡੀ ਲਈ ਦੇਵੇਗਾ ਉਸ ਨੂੰ ਸਿਰ ਮੱਥੇ ਪ੍ਰਵਾਨ ਕਰਾਂਗੇ। ਇਸ ਫੈਡਰੇਸ਼ਨ ਨੂੰ ਅਰਜੁਨਾ ਐਵਾਰਡ ਸਨਮਾਨਿਤ ਸ੍ਰ ਬਲਵਿੰਦਰ ਸਿੰਘ ਫਿੱਡਾ,ਫਰਿਆਦ, ਦੁੱਲਾ ਬੱਗਾ ਪਿੰਡ,ਮਲੂਕ,ਸਾਜੀ ਸਕਰਪੁਰ, ਗੁਰਲਾਲ ਸੋਹਲ, ਪ੍ਰੀਤ ਲੱਧੂ, ਫੌਜੀ ਭੋਲੇ ਕੇ, ਪ੍ਰਸਿੱਧ ਖੇਡ ਬੁਲਾਰੇ ਰੁਪਿੰਦਰ ਸਿੰਘ ਜਲਾਲ, ਮਹਿੰਦਰ ਸਿੰਘ ਸੁਰਖਪੁਰ, ਦਵਿੰਦਰ ਸਿੰਘ ਸ੍ਰੀ ਚਮਕੌਰ ਸਾਹਿਬ,ਸੀਰਾ ਜੰਡਾਂਵਾਲਾ,ਸਿੰਦੂ ਸਵੱਦੀ,ਬਿੱਲਾ ਸੁਰਖਪੁਰ, ਆਦਿ ਦੀ ਅਗਵਾਈ ਮਿਲੀ ਹੈ। ਨੇੜਲੇ ਭਵਿੱਖ ਵਿਚ ਇਸ ਸੰਸਥਾ ਨੇ ਹੋਰ ਵੀ ਚੰਗੇ ਉਪਰਾਲੇ ਕਰਨੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੀਆਂ ਵੋਟਰ ਸੂਚੀਆਂ ਲਈ ਦਾਅਵੇ ਅਤੇ ਇਤਰਾਜ 11 ਤੋਂ 18 ਫਰਵਰੀ ਤੱਕ ਲਏ ਜਾਣਗੇ: ਚਰਨਜੋਤ ਸਿੰਘ ਵਾਲੀਆ

## ਪਿੰਡਾਂ ਵਿੱਚ ਵੋਟ ਬਣਾਉਣ ਲਈ 14-15 ਫਰਵਰੀ ਨੂੰ ਸਪੈਸ਼ਲ ਕੈਂਪ ਲਗਾਉਣ ਦੀ ਹਦਾਇਤ



**ਸੰਗਰੂਰ, (ਰਣਜੀਤ ਸਿੰਘ ਪੇਧਨੀ)**-ਚੋਣਕਾਰ ਰਜਿਸਟਰੇਸ਼ਨ ਅਫਸਰ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ -ਕਮ -ਉਪ ਮੰਡਲ ਮੈਜਿਸਟਰੇਟ ਸੰਗਰੂਰ ਚਰਨਜੋਤ ਸਿੰਘ ਵਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੀਆਂ ਵੋਟਰ ਸੂਚੀਆਂ ਲਈ ਦਾਅਵੇ ਅਤੇ ਇਤਰਾਜ 11 ਤੋਂ 18 ਫਰਵਰੀ ਤੱਕ ਲਏ ਜਾਣਗੇ। ਉਹਨਾਂ ਦੱਸਿਆ ਕਿ ਮਿਤੀ 30 ਅਗਸਤ 2024 ਦੀ ਯੋਗਤਾ ਅਨੁਸਾਰ ਵਿਧਾਨ ਸਭਾ ਹਲਕਾ -108 ਸੰਗਰੂਰ ਦੀ ਵਾਰਡ ਵਾਈਜ਼ ਫੋਟੋ ਵਾਲੀ ਵੋਟਰ ਸੂਚੀ ਤਿਆਰ ਕੀਤੀ ਗਈ ਹੈ ਜਿਸ ਦੀ ਅੱਜ ਮਿਤੀ 10 ਫਰਵਰੀ ਨੂੰ ਮੁਢਲੀ ਪ੍ਰਕਾਸ਼ਨਾ ਕਰਵਾ ਦਿੱਤੀ ਗਈ ਹੈ। ਚੋਣਕਾਰ ਰਜਿਸਟਰੇਸ਼ਨ ਅਫਸਰ ਚਰਨਜੋਤ ਸਿੰਘ ਵਾਲੀਆ ਨੇ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 27 ਫਰਵਰੀ 2025 ਤੱਕ ਕੀਤਾ ਜਾਵੇਗਾ ਅਤੇ 3 ਮਾਰਚ 2025 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ। ਚੋਣਕਾਰ ਰਜਿਸਟਰੇਸ਼ਨ ਅਫਸਰ ਨੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਧੀਨ ਆਉਂਦੇ ਪਿੰਡਾਂ ਵਿੱਚ ਪੰਚਾਇਤ ਸਕੱਤਰਾਂ ਰਾਹੀਂ 14 ਫਰਵਰੀ ਅਤੇ 15 ਫਰਵਰੀ ਨੂੰ ਸਪੈਸ਼ਲ ਕੈਂਪ ਲਗਵਾਉਣ ਤਾਂ ਜੋ ਕੋਈ ਵੀ ਯੋਗ ਵੋਟਰ ਵੋਟ ਬਣਵਾਉਣ ਤੋਂ ਵਾਂਝਾ ਨਾ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਗਿਆਨੀ ਹਰਪ੍ਰੀਤ ਸਿੰਘ ਨੂੰ ਫੂਹੜ ਢੰਗ ਨਾਲ ਅਹੁਦੇ ਤੋਂ ਲਾਹੁਣਾ ਬਿਲਕੁਲ ਗਲਤ



ਗਿਆਨੀ ਹਰਪ੍ਰੀਤ ਸਿੰਘ ਦੇ ਅਨੇਕਾਂ ਐਲਾਨਾਂ,ਬਿਆਨਾਂ,ਪ੍ਰੋਗਰਾਮਾਂ ਤੇ ਚੁਕੇ ਕਦਮਾਂ ਨਾਲ ਅਸਹਿਮਤ ਹੋਣ ਦੇ ਬਾਵਜੂਦ ਜਿਸ ਫੂਹੜ ਢਸ਼ਗ ਨਾਲ ਅਹੁਦੇ ਤੋਂ ਲਾਹਿਆ ਗਿਆ ਹੈ,ਓਹ ਬਿਲਕੁਲ ਗਲਤ ਹੈ,ਜਿਸਦਾ ਹਰ ਸਿਖ ਨੂੰ ਵਿਰੋਧ ਕਰਨਾ ਚਾਹੀਦਾ ਹੈ।ਇਕ ਪਾਸੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਦਾ ਢੋਲ ਵਜਾਈ ਜਾਂਦੇ ਹਾਂ ਤੇ ਨਾਲੇ ਜਥੇਦਾਰ ਦਾ ਹਾਲ ਚਪੜਾਸੀ ਨਾਲੋਂ ਵੀ ਭੈੜਾ ਕੀਤਾ ਪਿਆ ਕੀ ਜਦ ਤੱਕ ਬਾਦਲਕਿਆ ਦੇ ਹਿਤ ਨੂੰ ਨੁਕਸਾਨ ਨਹੀ,ਜਥੇਦਾਰ ਜੋ ਮਰਜੀ ਕਰਦਾ ਰਹੇ,ਜੀਹਨੂੰ ਮਰਜੀ ਮਿਲੇ,ਜਿਥੇ ਮਰਜੀ ਜਾਵੇ,ਕੌਮ ਕਲਪਦੀ ਰਹੇ,ਕੋਈ ਸੁਣਵਾਈ ਨਹੀ।ਪਰ ਜੇ ਜਥੇਦਾਰ ਦੇ ਕਿਸੇ ਕੰਮ ਕਰਕੇ ਬਾਦਲਕਿਆ ਦੇ ਹਿਤ ਦਾ ਨੁਕਸਾਨ ਹੋਇਆ ਤੇ ਚਾਹੇ ਓਸ ਕੰਮ ਦਾ ਕੌਮ ਨੂੰ ਜਿੰਨਾ ਮਰਜੀ ਲਾਭ ਹੋਵੇ,ਫੇਰ ਜਥੇਦਾਰ ਹਰ ਕੀਮਤ ਉਤੇ ਘਰ ਨੂੰ ਤੋਰਨਾ ਹੀ ਤੋਰਨਾ। ਜਥੇਦਾਰ ਦੇ ਅਹੁਦੇ ਦੇ ਸੇਵਾ ਨਿਯਮ ਨਾ ਹੋਣ ਕਰਕੇ ਬਾਦਲਕਿਆ ਦੀ ਗੁਲਾਮੀ ਕਰਨੀ ਹੀ ਪੈਣੀ ਹੈ।ਗਿਆਨੀ ਗੁਰਬਚਨ ਸਿੰਘ ਨੇ ਜੋ ਕੀਤਾ ਓਹ ਸੇਵਾ ਨਿਯਮ ਨਾ ਹੋਣ ਕਰਕੇ ਹੀ ਕਰ ਸਕਿਆ।ਅਗਾਂਹ ਵੀ ਜੇ ਵਿਧੀ ਵਿਧਾਨ ਨਾ ਹੋਇਆ ਤਾਂ ਗਿਆਨੀ ਰਘਵੀਰ ਸਿੰਘ ਬਾਦਲਾਂ ਦੀ ਚਾਪਲੂਸੀ ਕਰਕੇ ਹੀ ਜਥੇਦਾਰ ਬਣਿਆ ਰਹਿ ਸਕੇਗਾ। ਜਥੇਦਾਰ ਥਾਪਣ ਤੇ ਅਹੁਦੇ ਤੋਂ ਸਤਿਕਾਰ ਨਾਲ ਫਾਰਗ ਕਰਨ ਦਾ ਵਿਧੀ ਵਿਧਾਨ ਬਹੁਤ ਜਰੂਰੀ ਹੈ।ਜਥੇਦਾਰ ਵੇਦਾਂਤੀ ਨੇ 2000 ਸੰਨ ਵਿਚ ਇਸ ਬਾਰੇ ਹੁਕਮਨਾਮਾ ਜਾਰੀ ਕੀਤਾ ਸੀ ਪਰ ਬਾਦਲ ਦਲ ਨੇ ਓਹ ਹੁਕਮ ਨਹੀ ਸੀ ਮੰਨਿਆ ਕਿ ਫੇਰ ਤਾਂ ਜਥੇਦਾਰ ਆਜਾਦ ਹੋ ਜਾਵੇਗਾ। ਸੋ ਮੌਜੂਦਾ ਮਾਹੌਲ ਵਿੱਚ ਜਥੇਦਾਰ ਓਸ ਵੇਲੇ ਤਕ ਹੀ ਚਲ ਸਕਦਾ ਹੈ ਜਦ ਤੱਕ ਓਹ ਬਾਦਲਕਿਆ ਨੂੰ ਪੁਗਦਾ ਹੋਵੇ। ਗਿਆਨੀ ਹਰਪ੍ਰੀਤ ਸਿੰਘ ਨੂੰ ਓਹਨਾ ਗੱਲਾਂ ਕਰਕੇ ਨਹੀ ਲਾਹਿਆ ਗਿਆ ਜੋ ਸੋਸ਼ਲ ਮੀਡੀਆ ਉਤੇ ਚਲ ਰਹੀਆਂ ਨੇ।ਅਸਲ ਦੁਖ ਸਿਰਫ ਇਹ ਹੈ ਕਿ ਇਹਨੇ ਬਾਦਲਕਿਆ ਦੀ ਥਾਂ ਕੌਮ ਦੇ ਹਿਤਾਂ ਦੀ ਗੱਲ ਕਿਵੇ ਕਰ ਲਈ, ਐਸ ਤਰਾਂ ਤਾਂ ਸਾਡਾ ਡਰ ਈ ਚੁਕਿਆ ਜਾਊ।ਜਿਹੜੇ ਵਿਚਾਰੇ ਆਪਦੇ ਕੋਲੋ ਤੋਤਕੜੇ ਜੋੜੀ ਫਿਰਦੇ ਨੇ ਕਿ ਦਿਲੀ ਨਾਲ ਯਾਰੀ,ਮਨਜਿੰਦਰ ਸਿੰਘ ਸਰਸੇ ਨੂੰ ਸਿਰੋਪਾ,ਭਾਜਪਾ ਨਾਲ ਸਬੰਧ, ਸਾਂਢੂ ਦੀ ਸ਼ਿਕਾਇਤ,ਓਹ ਕਦੇ ਅਸਲ ਰੋਗ ਨਹੀ ਸਮਝ ਸਕਦੇ।ਇਹ ਸਭ ਕੁਛ ਤਾਂ ਓਸ ਮੌਕੇ ਵੀ ਚਲਦਾ ਸੀ ਜਦ ਗਿਆਨੀ ਹਰਪ੍ਰੀਤ ਸਿੰਘ ਅਕਾਲ ਤਖਤ ਸਾਹਿਬ ਸੇਵਾ ਨਿਭਾ ਰਿਹਾ ਸੀ।ਇਨਾ ਗੱਲਾਂ ਦਾ ਬਾਦਲਕਿਆ ਨੂੰ ਕੋਈ ਦੁਖ ਨਹੀ।ਇਹ ਗੱਲਾਂ ਤਾਂ ਗਿਆਨੀ ਹਰਪ੍ਰੀਤ ਸਿੰਘ ਖਿਲਾਫ ਮਹੌਲ ਸਿਰਜਣ ਤੇ ਸੰਗਤ ਨੂੰ ਭੜਕਾਉਣ ਲਈ ਵਰਤੀਆਂ ਜਾਂਦੀਆਂ ਹਨ।ਅਸਲ ਦੁਖ ਕੌਮੀ ਭਾਵਨਾਵਾ ਦੀ ਤਰਜਮਾਨੀ ਹੈ। ਅਕਾਲ ਤਖਤ ਸਾਹਿਬ ਮਹਾਨ ਹੈ ਪਰ ਜਥੇਦਾਰ ਬਾਦਲਾਂ ਦਾ ਗੁਲਾਮ ਹੈ। ਜਦ ਕੌਮ ਅਸਲ ਰੋਗ ਨਹੀ ਸਮਝ ਰਹੀ,ਇਲਾਜ ਕੀ ਕਰਨਾ ? ਇਸ ਕਰਕੇ ਇਹੀ ਕੁਛ ਚਲਣਾ। ਜਿਸ ਦਿਨ ਗਿਆਨੀ ਰਘਬੀਰ ਸਿੰਘ ਨੂੰ ਲਾਹਿਆ ਓਸ ਵੇਲੇ ਵੀ ਬਥੇਰੇ ਇਲਜਾਮ ਲੱਭ ਲੈਣਗੇ। ਜਦ ਤੱਕ ਇਸ ਗਲੀ ਸੜੀ ਲੀਡਰਸ਼ਿਪ ਦਾ ਹਾਲ ਮਹੰਤਾਂ ਵਾਲਾ ਨਹੀ ਹੁੰਦਾ,ਕੌਮ ਇਓ ਈ ਸੰਤਾਪ ਭੋਗਦੇ ਰਹੇਗੀ।

**-ਸਰਬਜੀਤ ਸਿੰਘ ਘੁਮਾਣ 9781991622/8360643731 ਵਟਸਐਪ 9781291623**

ਆਵਾਜ਼ਿ ਕੌਮ AWAZE QAUM International Newspaper & WEB TV

ਸਹੀ ਅਰਥਾਂ ਵਿੱਚ ਪੰਜਾਬ ਦੇ ਵਿਕਾਸ ਲਈ ਰਾਜ ਦੇ ਬਹਾਦਰ ਲੋਕ ਭਾਜਪਾ ਨੂੰ 27 ਵਿੱਚ ਮੌਕਾ ਦੇਣ

# ਨਿਰੇ ਝੂਠ ਤੇ ਸਥਾਪਿਤ ਹੋਈ ਮੌਜੂਦਾ ਸਰਕਾਰ ਨੂੰ ਚਲਦਾ ਕੀਤਾ ਜਾਵੇ - ਇੰਜ ਸਿੱਧੂ



**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਦਿੱਲੀ ਵਿੱਚ ਕੇਜਰੀਵਾਲ ਦੀ ਪਾਰਟੀ ਦੀ ਸਰਕਾਰ ਵਲੋ ਲਗਾਏ ਝੂਠੇ ਲਾਰੀਆ ਦਾ 5 ਫਰਵਰੀ ਨੂੰ ਵੋਟਰਾਂ ਨੇ ਢੁੱਕਵਾਂ ਜਵਾਬ ਦੇ ਦਿੱਤਾ ਹੈ ਹੁਣ 2027 ਵਿੱਚ ਪੰਜਾਬ ਦੇ ਬਹਾਦਰ ਲੋਕ ਝੂਠ ਦੀ ਨੀਂਹ ਤੇ ਸਥਾਪਿਤ ਹੋਈ ਅਤੇ ਲਾਰੇ ਲਾਉਣ ਵਾਲੀ ਮੌਜੂਦਾ ਮਾਨ ਸਰਕਾਰ ਨੂੰ ਚਲਦਾ ਕਰਨਗੇ ਅਤੇ ਪੰਜਾਬ ਵਿੱਚ ਇੱਕ ਮੌਕਾ ਭਾਰਤੀ ਜੰਤਾ ਪਾਰਟੀ ਨੂੰ ਜ਼ਰੂਰ ਦੇਣਗੇ ਜੇਕਰ ਸਾਡੀ ਸਰਕਾਰ ਪੰਜਾਬ ਦੇ ਲੋਕਾ ਨੂੰ ਸਹੀ ਦਿਸਾ ਨਾ ਦੇ ਸਕੀ ਬੇਸ਼ੱਕ 5 ਸਾਲਾ ਤੋ ਬਾਦ ਸਾਨੂੰ ਭੀ ਤੁਰਦਾ ਕਰ ਦੇਣ ਇਹ ਵਿਚਾਰ ਸਾਬਕਾ ਸੈਨਿਕ ਵਿੰਗ ਦੇ ਸੂਬਾ ਆਗੂ ਅਤੇ ਭਾਜਪਾ ਹਲਕਾ ਇੰਚਾਰਜ ਭਦੌੜ ਇੰਜ ਗੁਰਜਿੰਦਰ ਸਿੰਘ ਸਿੱਧੂ ਨੇ ਸਾਬਕਾ ਫੌਜੀਆਂ ਦੀ ਭਰਵੀਂ ਮੀਟਿੰਗ ਕਰਨ ਤੋਂ ਬਾਦ ਇਕ ਪ੍ਰੈਸ ਨੋਟ ਜਾਰੀ ਕਰਕੇ ਪ੍ਰਗਟ ਕਰਦਿਆਂ ਕਿਹਾ ਕਿ ਸਾਨੂੰ ਪੂਰਾ ਭਰੋਸਾ ਹੈ ਕੇ 2027 ਵਿੱਚ ਸਾਡੇ ਪੰਜਾਬੀ ਭੈਣ ਭਰਾ ਇਹਨਾਂ ਦੇ ਸਾਰੇ ਵਿਧਾਇਕਾਂ ਦੀਆਂ ਜਮਾਨਤਾਂ ਜਬਤ ਕਰਵਾਉਣਗੇ ਆਉਣ ਵਾਲੇ 2 ਸਾਲਾ ਵਿੱਚ ਸਾਰੇ ਭਾਜਪਾ ਲੀਡਰ ਅਤੇ ਵਰਕਰ ਪਿੰਡ ਪਿੰਡ ਜਾਣਗੇ ਅਤੇ ਭਾਜਪਾ ਦੀਆ ਨੀਤੀਆਂ ਤੋਂ ਪੰਜਾਬ ਦੇ ਬਹਾਦਰ ਲੋਕਾ ਨੂੰ ਜਾਣੂ ਕਰਵਾਉਣਗੇ ਅਤੇ ਭਾਜਪਾ ਦਾ ਅਧਾਰ ਮਜ਼ਬੂਤ ਕਰਨਗੇ ਪੰਜਾਬ ਦੇ ਲੋਕਾਂ ਵਿੱਚ ਆਪ ਸਰਕਾਰ ਨੇ ਭਾਜਪਾ ਪ੍ਰਤੀ ਝੂਠਾ ਪ੍ਰਚਾਰ ਕੀਤਾ ਹੈ ਅਤੇ ਗਲਤ ਫਹਿਮੀਆ ਪੈਦਾ ਕੀਤੀਆਂ ਹਨ ਪੰਜਾਬ ਦੇ ਕਿਸਾਨਾਂ ਦੀ ਇਕ ਇਕ ਸਮੱਸਿਆ ਦਾ ਸਮਾਧਾਨ ਸਾਡੀ ਪਾਰਟੀ ਕਰੇਗੀ ਉਹਨਾਂ ਕਿਹਾ ਕਿ ਦਿੱਲੀ ਵਿੱਚ ਆਪ ਪਾਰਟੀ ਦੀ ਦੁਰਦਸਾ ਤੋ ਬਾਅਦ ਬਹੁਤ ਸਾਰੇ ਪੰਜਾਬ ਦੇ ਆਪ ਆਗੂ ਸਾਡੀ ਪਾਰਟੀ ਭਾਜਪਾ ਨਾਲ ਰਾਬਤਾ ਕਾਇਮ ਕਰਨ ਦੀ ਕੋਸਿਸ ਕਰ ਰਹੇ ਹਨ ਸਿੱਧੂ ਨੇ ਕਿਹਾ ਕਿ ਮੈ ਦਾਅਵੇ ਨਾਲ ਕਹਿ ਸਕਦਾ ਹਾਂ ਕਿ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਅੱਧੀ ਤੋਂ ਵੱਧ ਆਪ ਦੀ ਲੀਡਰਸ਼ਿਪ ਭਾਜਪਾ ਅਤੇ ਦੂਜਿਆਂ ਪਾਰਟੀਆ ਵੱਲ ਭੱਜ ਜਾਵੇਗੀ ਕਿਉਕਿ ਹੁਣ ਪੰਜਾਬ ਵਿੱਚ ਆਮ ਆਦਮੀ ਪਾਰਟੀ ਦਾ ਕੋਈ ਭਵਿੱਖ ਨਹੀਂ ਲੋਕ ਇਹਨਾਂ ਤੋ ਰੱਜ ਕੇ ਦੁਖੀ ਹੋ ਚੁੱਕੇ ਹਨ ਅਤੇ ਆਖੀਰ ਵਿੱਚ ਸਿੱਧੂ ਨੇ ਪੰਜਾਬ ਦੇ ਭੈਣਾਂ ਭਰਾਵਾ ਨੂੰ ਭਾਵਕ ਅਪੀਲ ਕਰਦਿਆਂ ਬੇਨਤੀ ਕੀਤੀ ਕੇ ਪੰਜਾਬ ਨੂੰ ਦਵਾਰਾ ਵਿਕਾਸ ਦੀਆ ਲੀਹਾਂ ਤੇ ਚੜਾਉਣ ਲਈ ਇਕ ਮੌਕਾ ਭਾਜਪਾ ਨੂੰ ਜ਼ਰੂਰ ਦੇਣ ਇਸ ਮੌਕੇ ਉਹਨਾਂ ਨਾਲ ਕੈਪਟਨ ਬਿਕਰਮ ਸਿੰਘ ਕੈਪਟਨ ਬਿੱਕਰ ਸਿੰਘ ਕੈਪਟਨ ਸੁਖਮਿੰਦਰ ਸਿੰਘ ਕੈਪਟਨ ਪਰਮਜੀਤ ਸਿੰਘ ਕੈਪਟਨ ਹਰਜਿੰਦਰ ਸਿੰਘ ਕੈਪਟਨ ਮਲਕੀਤ ਸਿੰਘ ਕੈਪਟਨ ਪਰਮਜੀਤ ਸਿੰਘ ਕੈਪਟਨ ਅਮਰਪਾਲ ਸਿੰਘ ਕਨੇਡਾ ਕੈਪਟਨ ਦਲਜੀਤ ਸਿੰਘ ਚੋਪੜਾ ਕੈਪਟਨ ਚਰਨਜੀਤ ਸਿੰਘ ਗਹਿਲ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਫਲਾਇੰਗ ਅਫ਼ਸਰ ਤਰਲੋਚਨ ਸਿੰਘ ਸੂਬੇਦਾਰ ਸੌਦਾਗਰ ਸਿੰਘ ਸੂਬੇਦਾਰ ਧੰਨਾ ਸਿੰਘ ਸੂਬੇਦਾਰ ਜਗਸੀਰ ਸਿੰਘ ਭੈਣੀ ਸੂਬੇਦਾਰ ਗੁਰਮੇਲ ਸਿੰਘ ਸੂਬੇਦਾਰ ਕਮਲਜੀਤ ਸਿੰਘ ਸ਼ਰਮਾ ਸੂਬੇਦਾਰ ਹਰਜਿੰਦਰ ਸਿੰਘ ਸਾਰਜੰਟ ਅਵਤਾਰ ਸਿੰਘ ਸਿੱਧੂ ਸੂਬੇਦਾਰ ਜਰਨੈਲ ਸਿੰਘ ਸੂਬੇਦਾਰ ਕਰਮਜੀਤ ਸਿੰਘ ਸੂਬੇਦਾਰ ਇੰਦਰਜੀਤ ਸਿੰਘ ਸੂਬੇਦਾਰ ਨਾਇਬ ਸਿੰਘ ਹੌਲਦਾਰ ਬਸੰਤ ਸਿੰਘ ਉਗੋ ਹੌਲਦਾਰ ਬਲਦੇਵ ਸਿੰਘ ਹਮੀਦੀ ਹੌਲਦਾਰ ਹਰਬੰਸ ਸਿੰਘ ਹੌਲਦਾਰ ਰਜਕੋਰਨ ਹੌਲਦਾਰ ਜਰਨੈਲ ਸਿੰਘ ਹੌਲਦਾਰ ਰਾਜਕਰਨ ਹੌਲਦਾਰ ਮੇਜਰ ਸਿੰਘ ਸਿੱਧੂ ਹੌਲਦਾਰ ਦਵਿੰਦਰ ਸਿੰਘ ਹੌਲਦਾਰ ਜੰਗੀਰ ਸਿੰਘ ਗੁਰਦੇਵ ਸਿੰਘ ਮੱਕੜ ਅਤੇ ਹੋਰ ਸਾਬਕਾ ਸੈਨਿਕ ਹਾਜਰ ਸਨ।

ਕੁਰਹਿਤੀਏ ਮਨਜਿੰਦਰ ਸਿੰਘ ਸਿਰਸਾ ਦੀ ਪਿੱਠ ਥਾਪੜ ਕੇ ਤੇ ਸਿਰਪਾਓ ਦੇ ਕੇ

# ਗਿਆਨੀ ਹਰਪ੍ਰੀਤ ਸਿੰਘ ਕੀ ਸਾਬਤ ਕਰਨਾ ਚਾਹੁੰਦੇ ਹਨ : ਸਰਨਾ



**ਨਵੀਂ ਦਿੱਲੀ 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਅਕਾਲ ਤਖਤ ਦੇ ਸਾਬਕਾ ਕਾਰਜਕਾਰੀ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ (ਜੋ ਕਿ ਹੁਣ ਹਟਾ ਦਿੱਤੇ ਗਏ ਹਨ) ਦੀ ਮਨਜਿੰਦਰ ਸਿੰਘ ਸਿਰਸਾ ਨਾਲ ਵਾਇਰਲ ਹੋਈਆਂ ਫੋਟੋਆਂ ਤੇ ਸਖ਼ਤ ਇਤਰਾਜ ਪ੍ਰਗਟ ਕਰਦਿਆਂ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸੁਆਲ ਚੁੱਕਦਿਆਂ ਕਿਹਾ ਕਿ ਗੁਰਬਾਣੀ ਦਾ ਫੁਰਮਾਨ ਹੈ ਕਿ

**ਕਾਜੀ ਹੋਇ ਕੈ ਬਹੈ ਨਿਆਇ ॥**
**ਫੇਰੇ ਤਸਬੀ ਕਰੇ ਖੁਦਾਇ ।।**
**ਵਢੀ ਲੈ ਕੈ ਹਕੁ ਗਵਾਏ ॥**
**ਜੇ ਕੋ ਪੁਛੈ ਤਾ ਪੜਿ ਸੁਣਾਏ ॥**

ਇਹ ਪੰਕਤੀਆਂ ਗਿਆਨੀ ਹਰਪ੍ਰੀਤ ਸਿੰਘ ਤੇ ਪੂਰੀਆਂ ਢੁੱਕਦੀਆਂ ਹਨ ।ਜਦੋਂ ਗਿਆਨੀ ਹਰਪ੍ਰੀਤ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਨ ਤਾਂ ਉਹਨਾਂ ਮਨਜਿੰਦਰ ਸਿੰਘ ਸਿਰਸਾ ਨੂੰ ਦਾੜ੍ਹੀ ਨਾ ਰੰਗਣ ਦਾ ਆਦੇਸ਼ ਦਿੱਤਾ ਸੀ ।ਪਰ ਮਨਜਿੰਦਰ ਸਿੰਘ ਸਿਰਸਾ ਨੇ ਇਸ ਆਦੇਸ਼ ਨੂੰ ਟਿੱਚ ਜਾਣਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਉਲਟ ਜਾਂਦੇ ਹੋਏ ਦਾੜ੍ਹੀ ਰੰਗਣੀ ਹੁਣ ਤੱਕ ਜਾਰੀ ਰੱਖੀ ਹੋਈ ਹੈ ।ਜਦੋਂ ਦੋ ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਅਕਾਲੀ ਸਰਕਾਰਾਂ ਦੌਰਾਨ ਕੈਬਨਿਟ ਰੈਂਕ ਤੇ ਰਹੇ ਸਾਰੇ ਆਗੂਆਂ ਨੂੰ ਤਲਬ ਕੀਤਾ ਗਿਆ ਤਾਂ ਮਨਜਿੰਦਰ ਸਿਰਸਾ ਨੂੰ ਦਾੜ੍ਹੀ ਰੰਗਣ ਕਾਰਨ ਉੱਥੋਂ ਬਾਹਰ ਕੱਢ ਦਿੱਤਾ ਗਿਆ ਕਿ ਕੁਰਹਿਤੀਆਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਨਹੀ ਆ ਸਕਦਾ ਉਸਦੇ ਬਾਰੇ ਬਾਅਦ ਵਿੱਚ ਫੈਸਲਾ ਹੋਵੇਗਾ ਉਸ ਵੇਲੇ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ਸੀਲ ਤੇ ਗਿਆਨੀ ਹਰਪ੍ਰੀਤ ਸਿੰਘ ਹਾਜ਼ਰ ਸਨ ਪਰ ਉਹ ਫੈਸਲਾ ਅੱਜ ਤੱਕ ਕੌਮ ਨੂੰ ਪਤਾ ਨਹੀਂ ਲੱਗਿਆ ਕਿ ਸਿਰਸੇ ਨੂੰ ਕੀ ਸਜ਼ਾ ਲਗਾਈ ਗਈ ।ਪਰ ਹੁਣ ਮਨਜਿੰਦਰ ਸਿਰਸੇ ਦੀਆਂ ਗਿਆਨੀ ਹਰਪ੍ਰੀਤ ਸਿੰਘ ਨਾਲ ਜੋ ਤਸਵੀਰਾਂ ਨਸ਼ਰ ਹੋਈਆਂ ਹਨ ਜਿਸ ਵਿੱਚ ਇਹ ਸਿਰਸੇ ਨੂੰ ਸਿਰਪਾਓ ਦੇ ਕੇ ਪਿੱਠ ਥਾਪੜ ਰਹੇ ਹਨ ।ਇਸ ਲਈ ਸਵਾਲ ਉੱਠਦਾ ਹੈ ਕਿ ਇੱਕ ਕੁਰਹਿਤੀਏ ਦੀ ਪਿੱਠ ਥਾਪੜ ਕੇ ਤੇ ਸਿਰਪਾਓ ਦੇ ਕੇ ਗਿਆਨੀ ਹਰਪ੍ਰੀਤ ਸਿੰਘ ਕੀ ਸਾਬਤ ਕਰਨਾ ਚਾਹੁੰਦੇ ਹਨ ?ਜਦੋਂ ਤਖ਼ਤ ਸਾਹਿਬਾਨਾਂ ਦੇ ਜਥੇਦਾਰ ਕੁਰਹਿਤੀਆ ਦੀ ਪਿੱਠ ਥਾਪੜਨਗੇ ਫੇਰ ਕੌਮ ਦੀ ਨਵੀਂ ਪੀੜ੍ਹੀ ਤੇ ਇਸਦਾ ਕੀ ਅਸਰ ਪਵੇਗਾ ? ਕੀ ਇਹ ਮਨਮਤਾਂ ਤੇ ਕੁਰਹਿਤਾਂ ਨੂੰ ਉਤਸ਼ਾਹਿਤ ਕਰਨ ਵਾਲੀ ਗੱਲ ਨਹੀਂ ? ਜਾਂ ਫਿਰ ਜੋ ਗਿਆਨੀ ਹਰਪ੍ਰੀਤ ਸਿੰਘ ਨੇ ਜੋ ਪਹਿਲਾਂ ਬਿਆਨ ਦਿੱਤਾ ਸੀ ਕਿ 'ਸਾਡੀ ਦਿੱਲੀ ਨਾਲ ਯਾਰੀ ਹੈ' ਹੁਣ ਉਹ ਆਪਣੀ ਦਿੱਲੀ ਨਾਲ ਯਾਰੀ ਪੁਗਾ ਰਹੇ ਹਨ ? ਜੋ ਕਿ ਸਿੱਖ ਕੌਮ ਲਈ ਬਹੁਤ ਹੀ ਨਮੋਸ਼ੀ ਵਾਲੀ ਗੱਲ ਹੈ । ਇਕ ਪਾਸੇ ਕੌਮ ਦੇ ਜਥੇਦਾਰ ਗੁਰਦਿਆਲ ਸਿੰਘ ਅਜਨੋਹਾ ਹੋਏ ਹਨ ਜਿੰਨਾ ਨੇ ਸਮੇਂ ਦੇ ਮੁੱਖ ਮੰਤਰੀ ਦੇ ਜਵਾਈ ਦੀ ਦਾੜ੍ਹੀ ਕੱਟੀ ਹੋਣ ਕਾਰਨ ਤਖ਼ਤ ਸਾਹਿਬ ਤੇ ਆਨੰਦ ਕਾਰਜ ਨਹੀ ਸੀ ਕੀਤੇ ਪਰ ਅੱਜ ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਇੱਕ ਗਿਆਨੀ ਹਰਪ੍ਰੀਤ ਸਿੰਘ ਹਨ ਜੋ ਦਾੜ੍ਹੀ ਰੰਗਣ ਵਾਲਿਆਂ ਨੂੰ ਸਿੱਖ ਸੰਸਥਾਵਾਂ ਨੂੰ ਬਰਬਾਦ ਕਰਨ ਵਾਲੇ ਨੂੰ ਸਿਰਪਾਓ ਤੇ ਥਾਪੜੇ ਦੇ ਕੇ ਕੌਮ ਨੂੰ ਨਮੋਸ਼ੀ ਦਵਾ ਰਹੇ ਹਨ ਤੇ ਤਖਤ ਸਾਹਿਬਨਾ ਦੇ ਜਥੇਦਾਰਾਂ ਦੇ ਰੁਤਬੇ ਨੂੰ ਢਾਹ ਲਗਾ ਰਹੇ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਥਕ ਸੇਵਾਵਾਂ ਕਰ ਰਹੇ ਹਰਜੋਤ ਸ਼ਾਹ ਸਿੰਘ ਹੋਏ ਸਨਮਾਨਿਤ



**ਨਵੀਂ ਦਿੱਲੀ 10 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਬੀਤੇ ਲੰਮੇ ਸਮੇਂ ਤੋਂ ਪੰਥਕ ਸੇਵਾਵਾਂ ਕਰ ਰਹੇ ਸਰਦਾਰ ਹਰਜੋਤ ਸ਼ਾਹ ਸਿੰਘ ਨੂੰ ਬੀਤੇ ਦਿਨੀਂ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਲੱਖੀ ਸ਼ਾਹ ਵਣਜਾਰਾ ਹਾਲ ਵਿਖ਼ੇ ਬੜੂ ਸਾਹਿਬ ਵਲੋਂ ਕਰਵਾਏ ਜਾਂਦੇ ਸੰਤ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ ਮਿੱਠੀ ਯਾਦ ਦੇ ਸਾਲਾਨਾ ਸਮਾਗਮ ਦੌਰਾਨ ਸਨਮਾਨਿਤ ਕੀਤਾ ਗਿਆ ।ਇਸ ਬਾਰੇ ਜਾਣਕਾਰੀ ਦੇਂਦਿਆ ਹਰਜੋਤ ਸ਼ਾਹ ਸਿੰਘ ਨੇ ਦਸਿਆ ਕਿ ਬੀਤੇ 30 ਸਾਲਾਂ ਤੋਂ ਓਹ ਇਸ ਸਮਾਗਮ ਦੀ ਲਗਾਤਾਰ ਰਿਕਾਰਡਿੰਗ ਕਰ ਰਹੇ ਹਨ ਤੇ ਹੁਣ ਇੰਟਰਨੈਟ ਦਾ ਜਮਾਨਾ ਹੋਣ ਕਰਕੇ ਯੂ ਟਿਊਬ ਦੇ ਸਿੱਖੀ ਚੈਨਲ ਰਾਹੀਂ ਲਾਈਵ ਪ੍ਰਸਾਰਣ ਕਰਕੇ ਲੱਖਾਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਜਾ ਰਿਹਾ ਹੈ ।ਉਨ੍ਹਾਂ ਦਸਿਆ ਸਾਡਾ ਮੁੱਖ ਉਦੇਸ਼ ਸਿੱਖ ਪੰਥ ਦਾ ਪ੍ਰਚਾਰ ਪ੍ਰਸਾਰ ਕਰਣਾ ਹੈ ਜਿਸ ਲਈ ਅਸੀਂ ਸੰਗਤਾਂ ਲਈ ਗੁਰਬਾਣੀ ਦੇ ਅਰਥਾਂ ਦਾ ਲਾਈਨ ਅਤੇ ਸ਼ਬਦਾਂ ਰਾਹੀਂ ਸੁਣਨ ਦੇਖਣ ਤੇ ਪੜਨ ਲਈ ਸਲਾਈਡਾ ਤਿਆਰ ਕਰਵਾ ਰਹੇ ਹਾਂ ਜਿਸ ਦੀ ਖਾਸੀਅਤ ਇਹ ਹੋਵੇਗੀ ਕਿ ਅਸੀਂ ਪੰਕਤੀ ਜਾਂ ਸ਼ਬਦ ਦੇ ਅਰਥ ਪੜਨੇ ਜਾਂ ਸੁਣਨੇ ਹੋਣ ਉਨ੍ਹਾਂ ਨੂੰ ਸਿੱਧਾ ਲਭਿਆ ਜਾ ਸਕਦਾ ਹੈ ।ਜਿਕਰਯੋਗ ਹੈ ਕਿ ਹਰਜੋਤ ਸ਼ਾਹ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨ ਲਈ ਪਹਿਲਾਂ ਵੀ ਬਹੁਤ ਉਪਰਾਲੇ ਕੀਤੇ ਹਨ ਤੇ ਹੁਣ ਵੀ ਓਹ ਕਦੇ ਕਵੀਜ, ਚਿੱਤਕਾਰੀ ਮੁਕਾਬਲੇ ਵਰਗੇ ਉਪਰਾਲੇ ਕਰਦੇ ਰਹਿੰਦੇ ਹਨ ।

# ਪੰਥਕ ਮਸਲਿਆਂ 'ਤੇ ਸਿੱਖ ਸਟੂਡੈਂਟ ਫੈਡਰੇਸ਼ਨ ਵੱਲੋਂ ਫਰੀਦਕੋਟ ਵਿਖੇ ਕਰਵਾਇਆ ਜਾਵੇਗਾ ਦੂਸਰਾ ਸੈਮੀਨਾਰ : ਗੁਰਪ੍ਰੀਤ ਸਿੰਘ ਫਤਿਹ 11 ਫਰਵਰੀ ਨੂੰ ਫਰੀਦਕੋਟ 'ਚ



**ਚੌਕ ਮਹਿਤਾ 10 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਵੱਲੋਂ ਵਿਸ਼ੇਸ਼ ਸਮਾਗਮ ਉਲੀਕੇ ਗਏ ਹਨ ਜੋ 2025 ਵਿੱਚ ਪੰਜਾਬ ਅਤੇ ਪੰਜਾਬ ਤੇ ਇਲਾਵਾ ਹੋਰ ਸੂਬਿਆ ਵਿੱਚ ਵੀ ਹੋਣਗੇ।ਦੂਸਰਾ ਸੈਮੀਨਾਰ 11 ਫਰਵਰੀ ਦਿਨ ਮੰਗਲਵਾਰ ਨੂੰ ਸਵੇਰ 11ਵਜੇ ਤੋਂ 3 ਵਜੇ ਤੱਕ ਫਰੀਦਕੋਟ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਦਾ ਵਿਸ਼ਾ ਸਿੱਖ ਸਮੱਸਿਆਵਾਂ, ਦਸ਼ਾ ਅਤੇ ਦਿਸ਼ਾ ਰੱਖਿਆ ਹੈ। ਇਹ ਜਾਣਕਾਰੀ ਭਾਈ ਗੁਰਪ੍ਰੀਤ ਸਿੰਘ ਫਤਿਹ ਕੌਮੀ ਮੀਡੀਆ ਸਲਾਹਕਾਰ ਪੰਜਾਬ ਅਤੇ ਦਫਤਰ ਇੰਚਾਰਜ ਨੇ ਪ੍ਰੈਸ ਬਿਆਨ ਜਾਰੀ ਕਰਦਿਆ ਦਿੱਤੀ।ਫੈਡਰੇਸ਼ਨ ਆਗੂਆਂ ਨੇ ਆਖਿਆ ਕਿ ਇਹਨਾਂ ਸਮਾਗਮਾ ਵਿੱਚ 1947 ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਸਿੱਖ ਕੌਮ ਨੂੰ ਦਰਪੇਸ਼ ਚੁਣੌਤੀਆਂ, ਸਮੱਸਿਆਵਾਂ,ਭਾਰਤੀ ਰਾਜਤੰਤਰ ਵਲੋਂ ਕੀਤੇ ਜਾ ਰਹੇ ਜੁਲਮਾਂ, ਧੱਕੇਸ਼ਾਹੀਆਂ ਅਤੇ ਦੇਸ਼ ਪੰਜਾਬ ਦੇ ਹੱਕਾਂ ਅਧਿਕਾਰਾਂ ਆਦਿ ਵਿਸ਼ਿਆ ਨੂੰ ਲੈ ਕਿ ਵਿਚਾਰ ਗੋਸ਼ਟੀਆਂ ਅਤੇ ਧਾਰਮਿਕ ਸਮਾਗਮ ਕਰਵਾ ਕੇ ਅਗਲੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ।ਇਥੇ ਹੀ ਗੁਰਪ੍ਰੀਤ ਸਿੰਘ ਫਤਿਹ ਨੇ ਕਿਹਾ ਕੀ ਸਿੱਖ ਚਿੰਤਕ, ਬੁੱਧੀਜੀਵੀ ਅਤੇ ਸਿੰਘ ਸਾਹਿਬਾਨ ਸਿੱਖ ਕੌਮ ਨੂੰ ਦਰਪੇਸ਼ ਸਮੱਸਿਆਵਾਂ ਤੋਂ ਜਾਣੂ ਕਰਵਾਉਣ ਅਤੇ ਉਹਨਾਂ ਦੇ ਹੱਲ ਲਈ ਆਪਣੇ ਵਿਚਾਰ ਸਾਂਝੇ ਕਰਨਗੇ।ਇਸ ਵਿਚਾਰ ਗੋਸ਼ਟੀ ਵਿੱਚ ਪਾਰਟੀਬਾਜੀ,ਜਮਾਤ ਤੋਂ ਉਪਰ ਉੱਠਕੇ ਪੰਜਾਬ ਹਿਤੈਸ਼ੀ ਸਭਨਾਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਕਿ ਆਉ ਆਪਾਂ ਮਿਲ ਬੈਠ ਕੇ ਇਸ ਵਿਚਾਰ ਚਰਚਾ ਦਾ ਹਿੱਸਾ ਬਣੀਏ ਤਾਂ ਜੋ ਅਸੀਂ ਆਪਣੇ ਦੇਸ਼ ਪੰਜਾਬ ਦੀ ਤਰੱਕੀ,ਖੁਸ਼ਹਾਲੀ,ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਅਤੇ ਚੰਗੇ ਭਵਿੱਖ ਲਈ ਆਪਣਾ ਯੋਗਦਾਨ ਪਾ ਸਕੀਏ।

## ✯ ਫੋਟੋ ਗੈਲਰੀ ✯



ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਐਡਵੋਕੇਟ ਧਾਮੀ ਨੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਅਧਿਕਾਰੀ ਹਾਜ਼ਰ ਸਨ।

(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਗੁਰਦੁਆਰਾ ਲੰਗਰ ਸਾਹਿਬ ਡੇਰਾ ਸੰਤ ਬਾਬਾ ਨਿਧਾਨ ਸਿੰਘ ਲੰਗਰਾਂ ਵਾਲੇ ਦੇ ਸੰਤ ਬਾਬਾ ਨਰਿੰਦਰ ਸਿੰਘ ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਹਜ਼ੂਰ ਸਾਹਿਬ ਦੇ ਲੰਗਰਾਂ ਲਈ

# 24 ਟਰਾਲੇ ਦੇਸੀ ਘਿਓ ਦੇ ਕੀਤੇ ਰਵਾਨਾ







ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਲੰਗਰ ਸਾਹਿਬ ਡੇਰਾ ਸੰਤ ਬਾਬਾ ਨਿਧਾਨ ਸਿੰਘ ਲੰਗਰਾਂ ਵਾਲੇ ਦੇ ਸੰਤ ਬਾਬਾ ਨਰਿੰਦਰ ਸਿੰਘ ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਹਜ਼ੂਰ ਸਾਹਿਬ ਵਾਲੇ ਦੀ ਸੁਚੱਜੀ ਅਗਵਾਈ ਵਿਚ 24 ਵੱਡੇ ਟਰਾਲੇ ਦੇਸੀ ਘਿਓ ਦੇ ਰਵਾਨਾ ਕੀਤੇ।ਇਸ ਮੌਕੇ ਤੇ ਫ਼ਿਰੋਜ਼ਪੁਰ ਛਾਉਣੀ ਦੀ ਦਾਣਾ ਮੰਡੀ ਵਿਚ ਸ੍ਰੀ ਸੁਖਮਣੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਸੰਤ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸੰਗਤਾਂ ਨੂੰ ਵੱਧ ਤੋਂ ਵੱਧ ਨਾਮ ਜਪਣਾ ਚਾਹੀਦਾ ਹੈ, ਨਾਮ ਜਪਣ ਨਾਲ ਹੀ ਆਸਾ ਮੁਰਾਦਾਂ ਪੂਰੀਆਂ ਹੁੰਦੀਆਂ ਹਨ। ਇਸ ਮੌਕੇ ਤੇ ਬਾਬਾ ਜੀ ਨੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਸਾਖੀ ਸੁਨਾਈ, ਬਾਬਾ ਜੀ ਨੇ ਅਰਦਾਸ ਉਪਰੰਤ 24 ਟਰਾਲੇ ਦੇਸੀ ਘਿਓ ਦੇ ਹਰੀ ਝੰਡੀ ਦੇ ਕੇ ਹਜ਼ੂਰ ਸਾਹਿਬ ਜੀ ਨੇ ਰਵਾਨਾ ਕੀਤਾ। ਇਹ ਦੇਸੀ ਘਿਓ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਹੋਰ ਦੇਸ਼ ਭਰ ਦੇ ਕੋਨੇ—ਕੋਨੇ ਵਿਚੋਂ ਆਈ ਅਤੇ ਜਿਸ ਵਿਚ ਜਥੇਦਾਰ ਬਾਬਾ ਸਤਨਾਮ ਸਿੰਘ ਫ਼ਿਰੋਜ਼ਪੁਰ ਵਾਲਿਆਂ ਨੇ ਵੱਖ—ਵੱਖ ਪਿੰਡਾਂ ਤੋਂ ਡਿਊਟੀਆਂ ਲਾ ਕੇ ਸੇਵਾ ਲਈ, ਜਿਸ ਪਿੰਡਾਂ ਦੀਆਂ ਸੰਗਤਾਂ ਨੇ ਬੜੀ ਸ਼ਰਧਾ ਸਤਿਕਾਰ ਨਾਲ ਸੇਵਾ ਕੀਤੀ। ਇਸ ਮੌਕੇ ਗਿਆਨੀ ਸੁਖਦੇਵ ਸਿੰਘ ਖਾਲਸਾ ਬੁਕਣ ਖਾਂ ਵਾਲਾ, ਜਥੇਦਾਰ ਬਾਬਾ ਸਤਨਾਮ ਸਿੰਘ ਅਤੇ ਹੋਰ ਜਥੇਦਾਰਾਂ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਬਾਬਾ ਨਿਰਮਲ ਸਿੰਘ ਆਰਿਫਕੇ, ਬਖਸੀਸ਼ ਸਿੰਘ ਸਰਪੰਚ ਅਸਮਾਨ ਵਾਲਾ, ਗੁਰਦੇਵ ਸਿੰਘ ਸਰਪੰਚ ਪਿੰਡ ਆਰਿਫਕੇ, ਸੋਨਾ ਸਿੰਘ ਪ੍ਰਧਾਨ ਕਿਸਾਨ ਯੂਨੀਅਨ ਆਰਿਫਕੇ, ਮੰਗਲ ਸਿੰਘ ਪਿੰਡ ਬੋਗਾਂ ਵਾਲੀ, ਭਜਨ ਸਿੰਘ ਆਰਿਫਕੇ ਗੁਰਲਾਲ ਸਿੰਘ ਆਰਿਫਕੇ, ਗਗਨਦੀਪ ਸਿੰਘ ਆਰਿਫਕੇ, ਕੁਲਵੰਤ ਸਿੰਘ ਆਰਿਫਕੇ, ਸੁਖਮਨਪ੍ਰੀਤ ਸਿੰਘ ਕਲੇਰ, ਰਣਜੀਤ ਸਿੰਘ ਆਰਿਫਕੇ ਤੋਂ ਇਲਾਵਾ ਬਲਰਾਜ ਸਿੰਘ ਆਰਿਫਕੇ ਨੇ ਟਰਾਲੇ ਦੀ ਸੇਵਾ ਕੀਤੀ, ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਸੰਗਤਾਂ ਵੱਲੋਂ ਕੁਲਫੀਆਂ ਦੇ ਲੰਗਰ, ਗੁਰੂ ਕੇ ਲੰਗਰ, ਚਾਹ ਦਾ ਲੰਗਰ ਤੋਂ ਇਲਾਵਾ ਹੋਰ ਵੀ ਅਨੇਕਾਂ ਲੰਗਰ ਲਾਏ ਹੋਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਪਿੰਡ ਫਤਹਿਗੜ੍ਹ ਸਭਰਾ ਵਿਖੇ

# ਅਮਰ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਵਾਲਿਆਂ ਦਾ ਸਲਾਨਾ ਸ਼ਹੀਦੀ ਜੋੜ ਮੇਲਾ

**ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :—** ਗੁਰਦੁਆਰਾ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਪਿੰਡ ਫਤਹਿਗੜ੍ਹ ਸਭਰਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਮਰ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਵਾਲਿਆਂ ਦਾ ਸਲਾਨਾ ਸ਼ਹੀਦੀ ਜੋੜ ਮੇਲਾ ਇਕ ਫਰਵਰੀ (19 ਮਾਘ) ਤੋਂ 11 ਫਰਵਰੀ (29 ਮਾਘ) ਤੱਕ ਚੱਲ ਰਿਹਾ ਹੈ। ਇਹ ਜਾਣਕਾਰੀ ਗੁਰਦੁਆਰਾ ਸ਼ਹੀਦ ਸਰਦਾਰ ਸ਼ਾਮ ਸਿੰਘ ਅਟਾਰੀ ਪਿੰਡ ਫਤਹਿਗੜ੍ਹ ਸਭਰਾ ਦੇ ਮੁੱਖ ਸੇਵਾਦਾਰ ਸ੍ਰੀਮਾਨ ਜਥੇਦਾਰ ਬਾਬਾ ਸ਼ਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਤੇ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਸੰਤ ਮਹਾਂਪੁਰਸ਼, ਰਾਗੀ ਸਿੰਘ, ਢਾਡੀ ਸਿੰਘ ਅਤੇ ਕਵੀਸ਼ਰੀ ਜਥੇ ਪਹੁੰਚ ਕੇ ਆਪਣੀ ਹਾਜ਼ਰੀ ਲੁਆਉਣਗੇ।ਸ੍ਰੀਮਾਨ ਜਥੇਦਾਰ ਬਾਬਾ ਸ਼ਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਕ ਫਰਵਰੀ ਤੋਂ 10 ਫਰਵਰੀ 2025 ਤੱਕ ਰੋਜ਼ਾਨਾ ਸ਼ਾਮ 7 ਵਜੇ ਤੋਂ ਰਾਤ 12 ਵਜੇ ਤੱਕ ਹਰ ਰੋਜ਼ ਦੀਵਾਨ ਸਜਣਗੇ, ਜਿਸ ਵਿਚ ਪਹਿਲੀ ਫਰਵਰੀ ਨੂੰ ਸਿੰਘ ਸਾਹਿਬ ਸੰਤ ਗਿਆਨੀ ਰਾਮ ਸਿੰਘ ਕਥਾਵਾਚਕ, ਭਾਈ ਸਤਨਾਮ ਸਿੰਘ ਲਾਲੂ ਘੁੰਮਣ ਢਾਡੀ ਜਥਾ, ਭਾਈ ਹਰਪ੍ਰੀਤ ਸਿੰਘ ਸਭਰਾ ਕਥਾਵਾਚਕ, ਭਾਈ ਰਣਜੀਤ ਸਿੰਘ ਸਭਰਾ ਢਾਡੀ ਜਥੇ ਨੇ ਹਾਜ਼ਰੀ ਲੁਆਈ ਅਤੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ 2 ਫਰਵਰੀ ਗਿਅਲਾਨੀ ਸਾਹਿਬ ਸਿੰਘ ਕਥਾਵਾਚਕ, ਭਾਈ ਪ੍ਰਿਤਪਾਲ ਸਿੰਘ ਬਰਗਾੜੀ ਕਵੀਸ਼ਰੀ ਜਥਾ, ਭਾਈ ਹਰਮਨਦੀਪ ਸਿੰਘ ਸਭਰਾ ਢਾਡੀ ਜਥਾ, ਭਾਈ ਸੁਰਿੰਦਰਬੀਰ ਸਿੰਘ ਦਿੱਲੀ ਕਥਾਵਾਚਕ ਨੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸੇ ਤਰ੍ਹਾਂ ਤੀਸਰੇ ਦਿਨ ਗਿਆਨੀ ਸਰਬਜੀਤ ਸਿੰਘ ਲੁਧਿਆਣਾ ਵਾਲੇ ਕਥਾਵਾਚਕ, ਭਾਈ ਗੁਰਪ੍ਰਤਾਪ ਸਿੰਘ ਪਦਮ ਢਾਡੀ ਜਥਾ, ਭਾਈ ਮਨਵੀਰ ਸਿੰਘ ਅੰਮ੍ਰਿਤਸਰ ਸਾਹਿਬ ਵਾਲੇ ਢਾਡੀ ਜਥਾ, ਭਾਈ ਜ਼ਸ਼ਨਦੀਪ ਸਿੰਘ ਸਭਰਾ ਵਾਲੇ ਕਥਾਵਾਚਕ, ਇਸੇ ਤਰ੍ਹਾਂ 4 ਫਰਵਰੀ ਨੂੰ ਭਾਈ ਸਰਬਜੀਤ ਸਿੰਘ ਚੋਟੀਆ ਕਥਾਵਾਚਕ, ਭਾਈ ਗੁਰਜੰਟ ਸਿੰਘ ਬੈਂਕਾ ਕਵੀਸ਼ਰੀ ਜਥਾ, ਭਾਈ ਮੱਸਾ ਸਿੰਘ ਸਭਰਾ ਕਵੀਸ਼ਰੀ ਜਥਾ, ਭਾਈ ਅਵਤਾਰ ਸਿੰਘ ਸਭਰਾ ਰਾਗੀ ਜਥਾ ਨੇ ਹਾਜ਼ਰੀ ਲੁਆਈ, ਇਸੇ ਤਰ੍ਹਾਂ 5 ਫਰਵਰੀ ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ ਕਥਾਵਾਚਕ, ਭਾਈ ਸੁਖਪ੍ਰੀਤ ਸਿੰਘ ਸਭਰਾ ਢਾਡੀ ਜਥਾ, ਬਾਬਾ ਜ਼ੋਗਿੰਦਰ ਸਿੰਘ ਯੂ.ਐਸ.ਏ, ਭਾਈ ਰੁਪਿੰਦਰ ਸਿੰਘ ਯੂ.ਐਸ.ਏ ਰਾਗੀ ਜਥਾ, ਭਾਈ ਬਲਜੀਤ ਸਿੰਘ ਕਥਾਵਾਚਕ ਨੇ ਗੁਰਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ 6 ਫਰਵਰੀ ਦੀ ਹਾਜ਼ਰੀ ਗਿਆਨੀ ਸਾਹਿਬ ਸਿੰਘ ਯੂ.ਐਸ.ਏ ਕਥਾਵਾਚਕ, ਭਾਈ ਗੁਰਿੰਦਰ ਸਿੰਘ ਤੇ ਭਾਈ ਭਗਵੰਤ ਸਿੰਘ ਸੁਰਵਿੰਡ ਕਵੀਸ਼ਰੀ ਜਥਾ, ਭਾਈ ਸੁਖਦੇਵ ਸਿੰਘ ਢੋਲਾ ਕਥਾਵਾਚਕ ਹਾਜ਼ਰੀ ਭਰੀ। ਇਸੇ ਤਰ੍ਹਾਂ 7 ਫਰਵਰੀ ਨੂੰ ਸੰਤ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਕਥਾਵਾਚਕ, ਭਾਈ ਮਿਲਖਾ ਸਿੰਘ ਮੌਜੀ ਢਾਡੀ ਜਥਾ, ਭਾਈ ਮੱਖਣ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ, ਭਾਈ ਹਰਦੀਪ ਸਿੰਘ ਢਾਡੀ ਜਥਾ ਹਾਜ਼ਰੀ ਭਰੀ। ਇਸੇ ਤਰ੍ਹਾਂ 8 ਫਰਵਰੀ ਨੂੰ ਭਾਈ ਮੁਖਤਿਆਰ ਸਿੰਘ ਦਮਦਮੀ ਟਕਸਾਲ ਯੂ.ਕੇ ਕਥਾਵਾਚਕ, ਭਾਈ ਮੱਖਣ ਸਿੰਘ ਦਸਮੇਸ਼ ਨਗਰ ਕਵੀਸ਼ਰੀ ਜਥਾ, ਭਾਈ ਆਤਮਾ ਸਿੰਘ ਸਭਰਾ ਕਥਾਵਾਚਕ, ਭਾਈ ਗੁਰਜੀਤ ਸਿੰਘ ਸਭਰਾ ਢਾਡੀ ਜਥਾ ਹਾਜ਼ਰੀ ਭਰੀ।



ਇਸੇ ਤਰ੍ਹਾਂ 9 ਫਰਵਰੀ ਨੂੰ ਸਿੰਘ ਸਾਹਿਬ ਗਿਆਨੀ ਜ਼ਸਵੰਤ ਸਿੰਘ ਪਰਵਾਨਾ ਕਥਾਵਾਚਕ, ਭਾਈ ਲਖਵਿੰਦਰ ਸਿੰਘ ਮੋਹਲੇ ਢਾਡੀ ਜਥਾ, ਭਾਈ ਕਰਨਜੀਤ ਸਿੰਘ ਸਭਰਾ ਕਥਾਵਾਚਕ, ਭਾਈ ਸੁਖਵਿੰਦਰ ਸਿੰਘ ਢਾਡੀ ਜਥਾ ਹਾਜ਼ਰੀ ਭਰੀ। ਇਸੇ ਤਰ੍ਹਾਂ 10 ਫਰਵਰੀ ਨੂੰ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸਚਖੰਡ ਹਰਿਮੰਦਰ ਸਾਹਿਬ, ਸਿੰਘ ਸਾਹਿਬ ਗਿਆਨੀ ਜ਼ਸਵੰਤ ਸਿੰਘ ਮੰਜੀ ਸਾਹਿਬ ਵਾਲੇ ਕਥਾਵਾਚਕ, ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ, ਭਾਈ ਅਮਰਜੀਤ ਸਿੰਘ ਸਭਰਾ ਕਵੀਸ਼ਰੀ ਜਥਾ ਅਤੇ ਗੁਰਮਤਿ ਵਿਦਿਆਲੇ ਅਤੇ ਗੁਰਮਤਿ ਕਾਲਜ ਦੇ ਵਿਦਿਆਰਥੀ ਹਾਜ਼ਰੀ ਲੁਆਈ। ਇਸੇ ਤਰ੍ਹਾਂ 11 ਫਰਵਰੀ (29 ਮਾਘ) ਨੂੰ ਅੰਮ੍ਰਿਤ ਸੰਚਾਰ ਹੋ ਰਿਹਾ ਹੈ। ਸ੍ਰੀਨ ਸੰਤ ਜਥੇਦਾਰ ਬਾਬਾ ਸ਼ਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਹਾਜ਼ਰੀ ਲੁਆਉਣਗੇ ਅਤੇ ਵਿਸ਼ੇਸ਼ ਤੌਰ ਤੇ ਸ੍ਰੀਮਾਨ ਸੰਤ ਬਾਬਾ ਘੋਲਾ ਸਿੰਘ ਮੌਜੂਦਾ ਮੁਖੀ ਕਾਰ ਸੇਵਾ ਸੰਪ੍ਰਦਾਇ ਸਰਹਾਲੀ ਸਾਹਿਬ ਪਹੁੰਚ ਕੇ ਹਾਜ਼ਰੀ ਭਰਨਗੇ। ਇਸ ਤੋਂ ਇਲਾਵਾ ਸਕੂਲੀ ਬੱਚਿਆਂ ਦੇ ਗੁਰਮਤਿ ਮੁਕਾਬਲੇ ਕਰਵਾਏ ਗਏ ਅਤੇ 5 ਫਰਵਰੀ ਜਿਸ ਵਿਚ ਗੁਰਬਾਣੀ ਕੰਠ ਮੁਕਾਬਲੇ, ਸ਼ਬਦ ਗਾਇਨ ਮੁਕਾਬਲੇ, ਢਾਡੀ ਵਾਰਾਂ ਮੁਕਾਬਲੇ, ਦਸਤਾਰ ਮੁਕਾਬਲੇ, ਕਵੀਸ਼ਰੀ ਮੁਕਾਬਲੇ, ਕਵਿਤਾ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸ੍ਰੀਮਾਨ ਸੰਤ ਜਥੇਦਾਰ ਬਾਬਾ ਸ਼ਿੰਦਰ ਸਿੰਘ ਨੇ ਸਮੂਹ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉਣ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਹੋਰ ਪਦਾਰਥਾਂ ਦੇ ਲੰਗਰ ਅਤੁੱਟ ਵਰਤਾਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦਾਸਪੁਰ ਜ਼ਿਲ੍ਹੇ ਦੇ ਬਲਾਕ ਬਟਾਲਾ ਵਿੱਚ ਖੇਤੀਬਾੜੀ ਵਿਭਾਗ ਨੇ ਮਨਾਇਆ ਵਿਸ਼ਵ ਦਾਲਾਂ ਦਿਵਸ







ਮੁੱਖ ਖੇਤੀਬਾੜੀ ਅਫ਼ਸਰ, ਡਾ ਅਮਰੀਕ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ ਬਟਾਲਾ ਡਾ ਪਰਮਬੀਰ ਸਿੰਘ ਕਾਹਲੋਂ ਦੀ ਅਗਵਾਈ ਅਧੀਨ ਪਿੰਡ ਮਸਾਣੀਆਂ ਵਿੱਚ ਕੈਂਪ ਲਗਾਕੇ ਵਿਸ਼ਵ ਦਾਲਾਂ ਦਿਵਸ ਮਨਾਇਆ ਗਿਆ। ਖੇਤੀਬਾੜੀ ਵਿਸਥਾਰ ਅਫ਼ਸਰ ਸੁਖਜਿੰਦਰ ਸਿੰਘ ਵੱਲੋਂ ਵਿਸ਼ਵ ਦਾਲਾਂ ਦਿਵਸ ਬਾਰੇ ਕਿਸਾਨਾਂ ਨੂੰ ਦੱਸਿਆ ਕਿ ਇਹ ਦਿਵਸ ਹਰ ਸਾਲ 10 ਫਰਵਰੀ ਨੂੰ ਮਨਾਇਆ ਜਾਂਦਾ ਹੈ। ਇਹ ਸੰਯੁਕਤ ਰਾਸ਼ਟਰ ਦਾ ਇੱਕ ਮਹੱਤਵ ਪੂਰਨ ਸਮਾਗਮ ਹੈ ਜੋ ਮਨੁੱਖੀ ਸਿਹਤ ਲਈ ਦਾਲਾਂ ਦੀ ਮਹੱਤਤਾ ਨੂੰ ਮਾਨਤਾ ਦਿੰਦਾ ਹੈ। ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਦਾਲਾਂ ਦੇ ਪੌਸ਼ਟਿਕ ਅਤੇ ਵਾਤਾਵਰਣ ਸੰਬੰਧੀ ਲਾਭਾਂ ਬਾਰੇ ਆਮ ਨਾਗਰਿਕਾਂ ਅਤੇ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਵਾਰ ਮਨਾਏ ਗਏ ਵਿਸ਼ਵ ਦਾਲਾਂ ਦਿਵਸ ਦਾ ਵਿਸ਼ਾ ਸੀ "ਦਾਲਾਂ: ਖੇਤੀਬਾੜੀ ਭੋਜਨ ਪ੍ਰਣਾਲੀਆਂ ਵਿੱਚ ਵਿਭਿੰਨਤਾ ਲਿਆਉਣਾ।" ਹੈ। ਖੇਤੀਬਾੜੀ ਵਿਸਥਾਰ ਅਫ਼ਸਰ ਰਵਿੰਦਰ ਕੌਰ ਨੇ ਦੱਸਿਆ ਕਿ ਵਿਸ਼ਵ ਵਿਆਪੀ ਭੋਜਨ ਸੁਰੱਖਿਆ ਨੂੰ ਵਧਾਉਣ, ਮਿੱਟੀ ਦੀ ਸਿਹਤ ਦਾ ਨਿਰਮਾਣ ਕਰਨ , ਖੇਤੀਬਾੜੀ ਪ੍ਰਣਾਲੀਆਂ ਨੂੰ ਵਿਭਿੰਨਤਾ ਲਿਆਉਣ , ਟਿਕਾਊ ਵਿਕਾਸ, 2030 ਏਜੰਡੇ ਨੂੰ ਪ੍ਰਾਪਤ ਕਰਨ, ਕੁਪੋਸ਼ਣ ਅਤੇ ਭੁੱਖਮਰੀ ਨੂੰ ਘਟਾਉਣ ਲਈ ਇਹ ਦਿਵਸ ਮਨਾਇਆ ਜਾਂਦਾ ਹੈ। ਉਨਾਂ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਲਵਾਈ ਤੋਂ ਪਹਿਲਾ ਜਾਂ ਆਲੂਆਂ ਦੀ ਪੁਟਾਈ ਅਤੇ ਗੰਨੇ ਦੀ ਕਟਾਈ ਉਪਰੰਤ ਗਰਮੀ ਰੁੱਤ ਦੇ ਮਾਂਹ ਅਤੇ ਮੂੰਗੀ ਦੀ ਕਾਸ਼ਤ ਕੀਤੀ ਜਾਂਦੀ ਹੈ ਜਿਸ ਨਾਲ ਕਿਸਾਨਾਂ ਨੂੰ ਵਾਧੂ ਆਮਦਨ ਹੋਣ ਦੇ ਨਾਲ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧਦੀ ਹੈ। ਉਨਾਂ ਕਿਹਾ ਕਿ ਦਾਲਾਂ ਵਿੱਚ ਪ੍ਰੋਟੀਨ ਦੀ ਮਾਤਰਾ ਵਧੇਰੇ ਹੁੰਦੀ ਹੈ ਅਤੇ ਚਰਬੀ ਘੱਟ ਹੁੰਦੀ ਹੈ ਅਤੇ ਇਹ ਘੁਲਣਸ਼ੀਲ ਫਾਈਬਰ ਨਾਲ ਭਰਪੂਰ ਹੁੰਦੀਆਂ ਹਨ ਜੋ ਸਾਕਾਹਾਰੀ ਵਿਅਕਤੀਆਂ ਲਈ ਪ੍ਰੋਟੀਨ ਦਾ ਮੁੱਖ ਸਰੋਤ ਹੈ। ਉਨਾਂ ਕਿਹਾ ਕਿ ਭਾਰਤ ਵਿਚ ਦਾਲਾਂ ਦੀ ਖਪਤ 80 ਗ੍ਰਾਮ ਪ੍ਰਤੀ ਵਿਅਕਤੀ ਦੇ ਮੁਕਾਬਲੇ 42 ਗ੍ਰਾਮ ਪ੍ਰਤੀ ਵਿਅਕਤੀ ਹੀ ਹੈ ਜਿਸ ਨੂੰ ਵਧਾਉਣ ਦੀ ਜਰੂਰਤ ਹੈ। ਖੇਤੀਬਾੜੀ ਵਿਸਥਾਰ ਅਫ਼ਸਰ ਨ੍ਰਿਪਜੀਤ ਕੌਰ ਨੇ ਕਿਹਾ ਕਿ ਹਰੇਕ ਕਿਸਾਨ ਨੂੰ ਆਪਣੀਆਂ ਘਰੇਲੂ ਜ਼ਰੂਰਤਾਂ ਲਈ ਕੁਝ ਰਕਬੇ ਵਿੱਚ ਹਾੜ੍ਹੀ ਅਤੇ ਸਾਉਣੀ ਰੁੱਤੇ ਦਾਲਾਂ ਦੀ ਕਾਸ਼ਤ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਵਿਸ਼ਵ ਸਿਹਤ ਸੰਗਠਨ ਦੁਆਰਾ ਸ਼ੂਗਰ ਅਤੇ ਦਿਲ ਦੀਆਂ ਬਿਮਾਰੀਆਂ ਵਰਗੀਆਂ ਗੈਰ-ਸੰਚਾਰੀ ਬਿਮਾਰੀਆਂ ਦੇ ਪ੍ਰਬੰਧਨ ਲਈ ਦਾਲਾਂ ਦੀ ਸਿਫਾਰਸ਼ ਕੀਤੀ ਜਾਂਦੀ ਹੈ। ਦਾਲਾਂ ਸਭ ਤੋਂ ਵੱਧ ਜਲਵਾਯੂ-ਅਨੁਕੂਲ ਭੋਜਨਾਂ ਵਿੱਚੋਂ ਇੱਕ ਹਨ ਅਤੇ ਇਹ ਪ੍ਰੋਟੀਨ ਦਾ ਬੇਹਤਰੀਨ ਅਤੇ ਸਸਤਾ ਸਰੋਤ ਹੈ। ਉਨਾਂ ਕਿਹਾ ਕਿ ਗਰਮੀ ਰੁੱਤ ਦੇ ਮਾਂਹ ਦੀ ਕਾਸ਼ਤ ਲਈ 20 ਕਿਲੋ ਬੀਜ ਪ੍ਰਤੀ ਏਕੜ ਵਰਤਣਾ ਚਾਹੀਦਾ ਜਦ ਆਮ ਕਰਕੇ ਕਿਸਾਨਾਂ ਵੱਲੋਂ 10-15ਕਿਲੋ ਬੀਜ ਹੀ ਵਰਤਿਆ ਜਾਂਦਾ ਹੈ ਜਿਸ ਨਾਲ ਪ੍ਰਤੀ ਏਕੜ ਪੈਦਾਵਾਰ ਘੱਟ ਮਿਲਦੀ ਹੈ। ਬੀ.ਟੀ. ਐਮ. ਕੁਲਵਿੰਦਰ ਸਿੰਘ ਵੱਲੋਂ ਪੀ. ਐਮ. ਕਿਸਾਨ ਸਨਮਾਨ ਨਿਧੀ ਸਕੀਮ ਬਾਰੇ ਕਿਸਾਨਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਮੌਕੇ ਤੇ ਮੁਸ਼ਿਕਲਾਂ ਦਾ ਹੱਲ ਕੀਤਾ। ਜੂਨੀਅਰ ਟੈਕਨੀਸ਼ੀਅਨ ਗੋਬਿੰਦਪਾਲ ਸਿੰਘ ਵੱਲੋਂ ਕੈਂਪ ਵਿੱਚ ਸ਼ਾਮਿਲ ਹੋਣ ਵਾਲੇ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਸਮੇਂ ਵੱਡੀ ਗਿਣਤੀ ਵਿੱਚ ਕਿਸਾਨ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਏਕਤਾ ਅਤੇ ਪੰਥ ਦੀ ਚੜ੍ਹਦੀ ਕਲਾਂ ਲਈ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਵੱਲੋਂ ਕੋਟਕਪੂਰਾ ਰੋਡ ਫਰੀਦਕੋਟ ਲਾਅ ਕਾਲਜ ਦੇ ਸਾਹਮਣੇ ਗਾਰਡਨ ਵਿਓ ਵਿਖੇ ਵਿਚਾਰ ਗੋਸ਼ਟੀ 11 ਫਰਵਰੀ ਨੂੰ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਲੰਗੇਆਣਾ ਕਲਾਂ

**ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :—** ਪੰਥਕ ਏਕਤਾ ਅਤੇ ਪੰਥ ਦੀ ਚੜ੍ਹਦੀ ਕਲਾਂ ਲਈ ਇੰਟਰ ਨੈਸ਼ਨਲ ਸਿੱਖ ਫੈਡਰੇਸ਼ਨ ਵੱਲੋਂ ਕੋਟਕਪੂਰਾ ਰੋਡ ਫਰੀਦਕੋਟ ਲਾਅ ਕਾਲਜ ਦੇ ਸਾਹਮਣੇ ਗਾਰਡਨ ਵਿਓ ਵਿਖੇ 11 ਫਰਵਰੀ ਨੂੰ ਵਿਚਾਰ ਗੋਸ਼ਟੀ ਕਰਵਾਈ ਜਾ ਰਹੀ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਭਾਈ ਰਣਜੀਤ ਸਿੰਘ ਖਾਲਸਾ ਦਮਦਮੀ ਟਕਸਾਲ ਲੰਗੇਆਣਾ ਕਲਾਂ ਇੰਨਚਾਰਜ ਮਾਲਵਾ ਜ਼ੋਨ ਨੇ ਦੱਸਿਆ ਕਿ ਵਿਚਾਰ ਗੋਸ਼ਟੀ ਵਿਚ ਪਾਰਟੀਬਾਜੀ ਜਮਾਤ ਤੋਂ ਉਪਰ ਉਠ ਕੇ ਪੰਜਾਬ ਹਿਤੈਸ਼ੀ ਸਭਨਾਂ ਨੂੰ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਭਾਈ ਰਣਜੀਤ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਈ ਮੇਜਰ ਸਿੰਘ ਖਾਲਸਾ ਸਰਪ੍ਰਸਤ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਅਤੇ ਆਲ ਇੰਡਆ ਸਿੱਖ ਸਟੂਡੈਂਟਸ ਫੈਡਰੇਸ਼ਨ, ਕੌਮੀ ਪ੍ਰਧਾਨ ਭਾਈ ਦਲੇਰ ਸਿੰਘ ਡੋਡ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ, ਭਾਈ ਗੁਰਪ੍ਰੀਤ ਸਿੰਘ ਫਤਹਿ ਕੌਮੀ ਮੀਡੀਆ ਸਲਾਹਕਾਰ ਪੰਜਾਬ ਅਤੇ ਦਫਤਰ ਇੰਚਾਰਜ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਪਹੁੰਚ ਰਹੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਵਿਸਾਖੀ ਤੱਕ

# ਇਕ ਲੱਖ ਮੈਂਬਰਾਂ ਦੀ ਕੀਤੀ ਜਾਵੇਗੀ ਭਰਤੀ —ਮਾਤਾ ਬਲਵਿੰਦਰ ਕੌਰ





**ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :—** ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਫ਼ਿਰੋਜ਼ਪੁਰ ਵਿਖੇ ਹੰਗਾਮੀ ਮੀਟਿੰਗ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਦਿਸ਼ਾ—ਨਿਰਦੇਸ਼ਾਂ ਹੇਠ ਗੁਰਦੁਆਰਾ ਸ੍ਰੀ ਜਾਮਨੀ ਸਾਹਿਬ ਬਜੀਦਪੁਰ ਵਿਖੇ ਕੀਤੀ ਗਈ। ਇਸ ਇਕੱਤਰਤਾ ਦੌਰਾਨ ਜਥੇਬੰਦੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਪੁੱਜ ਕੇ ਪਾਰਟੀ ਦੇ ਢਾਂਚੇ ਦੇ ਵਿਸਥਾਰ ਦਾ ਐਲਾਨ ਕੀਤਾ। ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿਚੋਂ ਮਾਤਾ ਬਲਵਿੰਦਰ ਕੌਰ, ਗੁਰਸੇਵਕ ਸਿੰਘ ਜਵਾਰਕੇ, ਬਾਪੂ ਸੁਰਜੀਤ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਹਰਭਜਨ ਸਿੰਘ ਤੁੜ ਅਤੇ ਮਨਦੀਪ ਸਿੰਘ ਸਿੱਧੂ ਵੀ ਮੌਜੂਦ ਸਨ। ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਅਰਦਾਸ ਉਪਰੰਤ ਮਾਤਾ ਬਲਵਿੰਦਰ ਕੌਰ ਨੇ ਇਕੱਤਰ ਹੋਈ ਸੰਗਤ ਨੂੰ ਸੰਬੋਧਨ ਕਰਦਿਆਂ ਪਾਰਟੀ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਪੰਜ ਮੈਂਬਰੀ ਕਾਰਜਕਾਰਨੀ ਕਮੇਟੀ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਤਰਤੀਬਵਾਰ ਪੰਜਾਬ ਦੇ ਸਾਰਿਆਂ ਜ਼ਿਲ੍ਹਿਆਂ ਵਿਚੋਂ ਕੁਝ ਜ਼ਿਲ੍ਹਿਆਂ ਦੀਆਂ ਪੰਜ ਮੈਂਬਰੀ ਕਾਰਜਕਾਰੀ ਐਲਾਨ ਪਹਿਲਾਂ ਹੀ ਕੀਤਾ ਜਾ ਚੁੱਕਾ ਹੈ, ਇਹ ਕਮੇਟੀ ਵੀ ਬਾਕੀ ਐਲਾਨੇ ਜਾ ਚੁੱਕੇ ਜ਼ਿਲ੍ਹਿਆਂ ਦੀਆਂ ਕਾਰਜਕਾਰੀ ਕਮੇਟੀਆਂ ਵਾਂਗ ਹੀ ਪਾਰਟੀ ਦੇ ਪ੍ਰਬੰਧ ਨੂੰ ਮਜ਼ਬੂਰ ਕਰਨ, ਲੋਕਾਂ ਨਾਲ ਨਜਦੀਕੀ ਸੰਪਰਕ ਬਣਾਉਣ ਅਤੇ ਪਾਰਟੀ ਦੇ ਉਦੇਸ਼ ਨੂੰ ਘਰ—ਘਰ ਪਹੁੰਚਾਉਣ ਵਿਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਦੱਸਿਆ ਕਿ ਇਸ ਪੰਜ ਮੈਂਬਰੀ ਕਾਰਜਕਾਰੀ ਕਮੇਟੀ ਵਿਚ ਭਾਈ ਕਰਨਜੀਤ ਸਿੰਘ ਖਾਲਸਾ, ਭਾਈ ਹਰਜਿੰਦਰ ਸਿੰਘ ਹਾਸ਼ਮ ਵਾਲਾ, ਭਾਈ ਜ਼ਸਬੀਰ ਸਿੰਘ ਭੁੱਲਰ, ਭਾਈ ਸੁਖਦੇਵ ਸਿੰਘ ਲੋਹਕਾ ਅਤੇ ਨਰਿੰਦਰ ਸਿੰਘ ਭੁੱਲਰ ਤੇ ਜ਼ਿਲ੍ਹਾ ਅਬਜਰਵਰ ਨਿਰਵੈਰ ਸਿੰਘ ਖਾਲਸਾ ਤੇ ਗੁਰਮੀਤ ਸਿੰਘ ਮਾਹਲਾ ਹਨ। ਮਾਤਾ ਬਲਵਿੰਦਰ ਕੌਰ ਨੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਕਮੇਟੀ ਮੈਂਬਰਾਂ ਦੇ ਨਾਮ ਐਲਾਨਣ ਤੋਂ ਬਾਅਦ ਬੋਲਦਿਆਂ ਕਿਹਾ ਕਿ ਇਹ ਪੰਜ ਪ੍ਰਧਾਨੀ ਪਾਰਟੀ ਦੀਆਂ ਨੀਤੀਆਂ ਦੇ ਪ੍ਰਚਾਰ ਅਤੇ ਪ੍ਰਸਾਰ ਦਾ ਕੰਮ ਕਰੇਗੀ ਅਤੇ ਨਾਲ—ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਆਰੰਭ ਕੀਤੀ ਗਈ ਭਰਤੀ ਮੁਹਿੰਮ ਨੂੰ ਵੀ ਅੱਗੇ ਵਧਾਏਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਜਮੀਨੀ ਪੱਧਰ ਤੇ ਕੰਮ ਕਰਨਾ ਅਤੇ ਜ਼ਿਲ੍ਹੇ ਵਿਚ ਪਾਰਟੀ ਸਰਗਰਮੀਆਂ ਵਿਚ ਤੇਜੀ ਲਿਆਉਣਾ, ਇਸ ਕਮੇਟੀ ਦਾ ਪ੍ਰਮੁੱਖ ਕਾਰਜ ਹੋਵੇਗਾ, ਇਹ ਕਮੇਟੀ ਪੰਥਕ ਸਿਧਾਂਤਾਂ ਤੇ ਚਲਦਿਆਂ ਸਰਬੱਤ ਦੇ ਭਲੇ ਦੇ ਉਦੇਸ਼ ਨਾਲ ਹਰ ਵਰਗ ਨੂੰ ਆਪਣੇ ਨਾਲ ਸ਼ਾਮਲ ਕਰਦੇ ਹੋਏ ਪਾਰਟੀ ਏਜੰਡਿਆਂ ਅਨੁਸਾਰ ਸਮਾਜਿਕ ਨਿਆਂ ਅਤੇ ਭਾਈਚਾਰੇ ਦੀ ਮੁਹਿੰਮ ਨੂੰ ਅੱਗੇ ਵਧਾਏਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮੁੱਖ ਟੀਚਾ ਹਰ ਵਰਗ ਦੇ ਹੱਕਾਂ ਦੀ ਰੱਖਿਆ ਕਰਨਾ ਅਤੇ ਪੰਜਾਬ ਦੇ ਸੁਹਾਵਣੇ ਭਵਿੱਖ ਲਈ ਨਵੀਂ ਉਮੀਦ ਜਗਾਉਣਾ ਹੈ। ਇਸ ਮੌਕੇ ਬਾਪੂ ਤਰਸੇਮ ਸਿੰਘ ਨਾਲ ਪਹੁੰਚੀ ਸੀਨੀਅਰ ਲੀਡਰਸ਼ਿਪ ਨੇ ਕਮੇਟੀ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਆਪਣੀ ਜਿੰਮੇਵਾਰੀ ਇਮਾਨਦਾਰੀ, ਦ੍ਰਿੜਤਾ ਅਤੇ ਸੇਵਾ ਦੇ ਜਜ਼ਬੇ ਨਾਲ ਨਿਭਾਉਣ ਦੀ ਅਪੀਲ ਕੀਤੀ। ਇਸ ਮੌਕੇ ਹਰਜਿੰਦਰ ਸਿੰਘ ਸੰਧੂ, ਨਰਿੰਦਰ ਸਿੰਘ ਭੁੱਲਰ, ਜ਼ਸਬੀਰ ਸਿੰਘ ਭੁੱਲਰ, ਕਰਨਵੀਰ ਸਿੰਘ, ਸੁਖਦੇਵ ਸਿੰਘ ਲੌਹੁਕੇ, ਗੁਰਮੀਤ ਸਿੰਘ ਮਾਹਲਾ ਅਤੇ ਨਿਰਵੈਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਗੱਲ ਕਰਨ ਦੀ ਗੁਹਾਰ ਲਗਾਈ। ਇਸ ਮੌਕੇ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਚੁਣੀ ਗਈ ਪੰਜ ਮੈਂਬਰੀ ਕਾਰਜਕਾਰਨੀ ਕਮੇਟੀ ਨੇ ਸਮੂਹ ਆਏ ਹੋਏ ਮਾਤਾ ਬਲਵਿੰਦਰ ਕੌਰ, ਮਾਤਾ ਅੰਮ੍ਰਿਤਪਾਲ ਸਿੰਘ, ਗੁਰਸੇਵਕ ਸਿੰਘ ਜਵਾਹਰਕੇ, ਬਾਪੂ ਸੁਰਜੀਤ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਹਰਭਜਨ ਸਿੰਘ ਤੂੜ, ਭਾਈ ਕਾਬਲ ਸਿੰਘ ਸਹਿਜਾਦੀ ਅਤੇ ਮਨਦੀਪ ਸਿੰਘ ਸਿੱਧੂ ਅਤੇ ਗਿਆਨੀ ਸੁਖਦੇਵ ਸਿੰਘ ਖਾਲਸਾ ਅਤੇ ਭਾਈ ਬਲਕਾਰ ਸਿੰਘ ਇਲਮੇਵਾਲਾ ਤੋਂ ਇਲਾਵਾ ਸਮੂਹ ਆਏ ਹੋਏ ਪਤਵੰਤੇ ਸੱਜਣਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ, ਜਿਨ੍ਹਾਂ ਨੇ ਸਾਨੂੰ ਸੇਵਾ ਕਰਨ ਦਾ ਮੌਕਾ ਦਿੱਤਾ। ਅਸੀਂ ਆਪ ਜੀ ਨੂੰ ਭਰੋਸਾ ਦਿਵਾਉਂਦੇ ਹਾਂ ਕਿ ਅਸੀਂ ਆਪਣੀ ਜਿੰਮੇਵਾਰੀ ਤਨਦੇਹੀ ਨਾਲ ਨਿਭਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਈਚਾਰੇ ਦਾ ਪ੍ਰਤੀਕ ਦਿੰਦਿਆਂ ਖੱਤਰੀ ਵੈਲਫੇਅਰ ਸਭਾ ਨੇ ਇਸ ਵਾਰ ਵੀ ਸਰਬਸੰਮਤੀ ਨਾਲ ਚੁਣਿਆ ਪ੍ਰਧਾਨ

# ਇਕਮੱਤ ਹੁੰਦਿਆਂ ਸਮੂਹ ਆਗੂਆਂ ਨੇ ਸਰਬਸੰਮਤੀ ਨਾਲ ਲਵਕੇਸ਼ ਕੱਕੜ ਨੂੰ ਮੰਨਿਆ ਪ੍ਰਧਾਨ





ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :— ਪੰਜਾਬ ਦੇ 35 ਲੱਖ ਖੱਤਰੀਆਂ ਨੂੰ ਇਕ ਪਲੇਟਫਾਰਮ ਤੇ ਇਕੱਠਾ ਕਰਨ ਦੇ ਮਨੋਰਥ ਨਾਲ ਕੰਮ ਕਰ ਰਹੇ ਖੱਤਰੀ ਮਹਾਂ ਸਭਾ ਪੰਜਾਬ ਦੇ ਫ਼ਿਰੋਜ਼ਪੁਰ ਵਿੰਗ ਦੀ ਚੋਣ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਵੱਲੋਂ ਇਸ ਵਾਰ ਵੀ ਸਰਬਸੰਮਤੀ ਨਾਲ ਕਰ ਲਈ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਖੱਤਰੀ ਮਹਾਂ ਸਭਾ ਪੰਜਾਬ ਦੇ ਜਨਰਲ ਸਕੱਤਰ ਸ੍ਰੀ ਪਵਨ ਭੰਡਾਰੀ ਨੇ ਸਪੱਸ਼ਟ ਕੀਤਾ ਕਿ ਖੱਤਰੀ ਵੈਲਫੇਅਰ ਸਭਾ ਫ਼ਿਰੋਜ਼ਪੁਰ ਦੇ ਨਵੇਂ ਪ੍ਰਧਾਨ ਦੀ ਚੋਣ ਸਮੂਹ ਮੈਂਬਰਾਂ ਵੱਲੋਂ ਇਕਮੱਤ ਹੁੰਦਿਆਂ ਸਰਬਸੰਮਤੀ ਨਾਲ ਲਵਕੇਸ਼ ਕੱਕੜ ਨੂੰ ਪ੍ਰਧਾਨ ਚੁਣ ਲਿਆ ਗਿਆ। ਉਨ੍ਹਾਂ ਦੱਸਿਆ ਕਿ ਸਮੂਹ ਹਾਊਸ ਵੱਲੋਂ ਪਾਸ ਮਤੇ ਮੁਤਾਬਿਕ ਜਿਥੇ ਲਵਕੇਸ਼ ਕੱਕੜ ਨੂੰ ਪ੍ਰਧਾਨ ਥਾਪਦਿਆਂ ਉਨ੍ਹਾਂ ਦੀ ਤਾਜਪੋਸ਼ੀ ਕੀਤੀ ਗਈ, ਉਥੇ ਮੌਕੇ ਤੇ ਹੀ ਬਾਕੀ ਟੀਮ ਦਾ ਐਲਾਨ ਪ੍ਰਧਾਨ ਲਵਕੇਸ਼ ਕੱਕੜ ਵੱਲੋਂ ਕਰ ਦਿੱਤਾ ਗਿਆ, ਜਿਸ ਨੂੰ ਸਮੂਹ ਸਾਥੀਆਂ ਨੇ ਤਾਲੀਆਂ ਦੀ ਗੂੰਜ ਵਿਚ ਪ੍ਰਵਾਨ ਕੀਤਾ।

ਖੱਤਰੀ ਭਵਨ ਫ਼ਿਰੋਜ਼ਪੁਰ ਵਿਖੇ ਹੋਈ ਖੱਤਰੀ ਵੈਲਫੇਅਰ ਸਭਾ ਦੀ ਗਵਰਨਿੰਗ ਬਾਡੀ ਦੌਰਾਨ ਵੱਡੀ ਤਦਾਦ ਖੱਤਰੀ ਭਾਈਚਾਰੇ ਦੇ ਮੈਂਬਰਾਂ ਨੇ ਸ਼ਮੂਲੀਅਤ ਕਰਕੇ ਜਿਥੇ ਖੱਤਰੀ ਭਵਨ ਦੀ ਉਸਾਰੀ ਦੀ ਸਮੀਖਿਆ ਕੀਤੀ, ਉਥੇ ਪਿਛਲੇ ਦਿਨੀਂ ਹੋਏ ਪੰਜਾਬ ਪੱਧਰੀ ਸਮਾਰੋਹ ਦੀ ਸਮੀਖਿਆ ਕਰਦਿਆਂ ਸਮਾਗਮ ਦੀਆਂ ਝਲਕਾਂ ਨੂੰ ਫੋਟੋ ਦੇ ਰੂਪ ਵਿਚ ਬਣਾ ਕੇ ਆਪਸ ਵਿਚ ਸਾਂਝੀਆਂ ਕੀਤੀਆਂ। ਇਸ ਮੌਕੇ ਬੋਲਦਿਆਂ ਨਵ ਨਿਯੁਕਤ ਪ੍ਰਧਾਨ ਲਵਕੇਸ਼ ਕੱਕੜ ਨੇ ਸਪੱਸ਼ਟ ਕੀਤਾ ਕਿ ਉਹ ਖੱਤਰੀ ਭਵਨ ਦੀ ਉਸਾਰੀ ਅਤੇ ਖੱਤਰੀ ਬਰਾਦਰੀ ਦੀ ਚੜ੍ਹਦੀ ਕਲਾਂ ਲਈ ਹਰ ਵੇਲੇ ਤੱਤਪਰ ਹਨ। ਉਨ੍ਹਾਂ ਕਿਹਾ ਕਿ ਮੌਕੇ ਪਰ ਹੀ ਬਾਕੀ ਬਾਡੀ ਚੁਣ ਲਈ ਗਈ, ਜਿਸ ਵਿਚ ਸੀਨੀਅਰ ਆਗੂ ਕ੍ਰਿਸ਼ਨ ਟੰਡਨ ਨੂੰ ਹਾਈਕਮਾਂਡ ਨਿਯੁਕਤ ਕੀਤਾ ਗਿਆ, ਜਦੋਂ ਕਿ ਖੱਤਰੀ ਕੁਲਦੀਪ ਮੈਨੀ ਅਤੇ ਪ੍ਰਦੀਪ ਬਿੰਦਰਾ ਨੂੰ ਸੀਨੀਅਰ ਮੀਤ ਪ੍ਰਧਾਨ, ਖੱਤਰੀ ਸੁਭਾਸ਼ ਚੌਧਰੀ ਨੂੰ ਚੀਫ ਪੈਟਰਨ, ਖੱਤਰੀ ਦਵਿੰਦਰ ਧਵਨ ਮੀਤ ਪ੍ਰਧਾਨ, ਖੱਤਰੀ ਸੁਰਿੰਦਰ ਬੇਰੀ ਜਨਰਲ ਸਕੱਤਰ, ਖੱਤਰੀ ਡਾ: ਸੁਰਿੰਦਰ ਕਪੂਰ ਸਕੱਤਰ, ਖੱਤਰੀ ਰਾਜ ਕੁਮਾਰ ਦੁੱਗਲ ਕੈਸ਼ੀਅਰ, ਖੱਤਰੀ ਸਤੀਸ਼ ਪੁਰੀ ਜੁਆਇੰਟ ਖਜਾਨਚੀ, ਖੱਤਰੀ ਗੌਰਵ ਬਹਿਲ ਚੀਫ ਸਪੋਕਸਪਰਸਨ, ਖੱਤਰੀ ਪਵਨ ਭੰਡਾਰੀ ਚੇਅਰਮੈਨ, ਖੱਤਰੀ ਤਰਸੇਮ ਬੇਦੀ ਵਾਈਸ ਚੇਅਰਮੈਨ, ਖੱਤਰੀ ਸ਼ਿਵੰਦਰ ਮਲਹੋਤਰਾ ਆਫਿਸ ਇੰਚਾਰਜ, ਖੱਤਰੀ ਸੁਰਜੀਤ ਉਪਲ ਪੈਟਰਨ, ਖੱਤਰੀ ਪਰਵੀਨ ਤਲਵਾੜ ਪੈਟਰਨ ਚੁਣੇ ਗਏ। ਇਸ ਮੌਕੇ ਸਮੂਹ ਆਗੂਆਂ ਨੇ ਐਲਾਨ ਕੀਤਾ ਕਿ ਉਹ ਖੱਤਰੀ ਭਾਈਚਾਰੇ ਨੂੰ ਇਕ ਪਲੇਟਫਾਰਮ ਤੇ ਇਕੱਠਿਆਂ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨਗੇ ਅਤੇ ਸਮਾਜ ਭਲਾਈ ਦੇ ਕਾਰਜਾਂ ਵਿਚ ਅੱਗੇ ਵੱਧ ਕੇ ਕਾਰਜ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਪਬਲਿਕ ਸਕੂਲ ਫ਼ਿਰੋਜ਼ਪੁਰ ਚ ਵਾਰਸ਼ਿਕ ਐਥਲੈਟਿਕ ਮੀਟ 2024-25 ਦਾ ਸ਼ਾਨਦਾਰ ਆਯੋਜਨ







**ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :—** ਦਿੱਲੀ ਪਬਲਿਕ ਸਕੂਲ ਫ਼ਿਰੋਜ਼ਪੁਰ ਵਿੱਚ ਅੱਜ ਵਾਰਸ਼ਿਕ ਐਥਲੈਟਿਕ ਮੀਟ 2024—25 ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਐਸ.ਡੀ.ਐਮ. ਦਿਵਿਆ ਪੀ. ਮੈਡਮ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਉਤਕ੍ਰਿਸ਼ਟ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਸਕੂਲ ਦੀਆਂ ਪ੍ਰਾਪਤੀਆਂ ਅਤੇ ਉੱਚ ਪੱਧਰੀ ਇਨਫਰਾਸਟ੍ਰਕਚਰ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਤੇ ਵਿਸ਼ੇਸ਼ ਮਹਿਮਾਨ ਵਜੋਂ ਡੀ.ਐਮ.ਓ. ਅਕਸ਼ ਕੁਮਾਰ ਅਤੇ ਈ.ਟੀ.ਓ. ਰਾਕੇਸ਼ ਕੁਮਾਰ ਬੰਸਲ ਵੀ ਮੌਜੂਦ ਰਹੇ। ਉਨ੍ਹਾਂ ਨੇ ਵੀ ਇਸ ਆਯੋਜਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਮਹੱਤਵਪੂਰਨ ਹੈ। ਸਕੂਲ ਪ੍ਰਬੰਧਨ ਵੱਲੋਂ ਸੁਰਿੰਦਰ ਪਾਲ ਸੂਚ, ਕਰਨ ਸੂਚ ਅਤੇ ਪ੍ਰਿੰਸੀਪਲ ਲਤਾ ਤੇਜਪਾਲ ਮੈਡਮ ਨੇ ਵੀ ਕਾਰਜਕ੍ਰਮ ਚ ਸ਼ਾਮਲ ਹੋ ਕੇ ਇਸ ਦੀ ਸ਼ਾਨ ਵਧਾਈ। ਮਹਾਕਾਵੀ ਪ੍ਰਤੀਯੋਗਿਤਾ ਦੌਰਾਨ ਵਿਦਿਆਰਥੀਆਂ ਨੇ ਵੱਖ—ਵੱਖ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ ਵਿੱਚ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, ਸ਼ਾਟ ਪੁੱਟ ਅਤੇ ਲੰਮੀ ਕੂਦ ਸ਼ਾਮਲ ਸਨ। ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ, ਸਿਲਵਰ ਅਤੇ ਬ੍ਰੌਂਜ਼ ਮੈਡਲ ਜਿੱਤੇ। ਇਸ ਸਾਲ ਦੀ ਪ੍ਰਤੀਯੋਗਿਤਾ ਚ ਸਫਾਇਰ ਹਾਊਸ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਿਜੇਤਾ ਟਰਾਫੀ ਆਪਣੀ ਨਾਂ ਕੀਤੀ। ਸਕੂਲ ਪ੍ਰਬੰਧਨ ਨੇ ਸਾਰੇ ਵਿਜੇਤਿਆਂ ਅਤੇ ਭਾਗੀਦਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖ ਸੰਗਤ 12 ਫਰਵਰੀ ਨੂੰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਮੌਕੇ ਸ੍ਰੀ ਫਤਹਿਗੜ੍ਹ ਸਾਹਿਬ ਪਹੁੰਚੇ—ਜਗਜੀਤ ਸਿੰਘ ਸ਼ੂਸ਼ਕ



ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਆਉਣ ਵਾਲੀ 12 ਫਰਵਰੀ ਨੂੰ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਪਾਰਟੀ ਪ੍ਰਧਾਨ ਤੇ ਸਾਬਕਾ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਮਨਾਏ ਜਾ ਰਹੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਜਨਮ ਦਿਹਾੜੇ ਮੌਕੇ ਸਿੱਖ ਕੌਮ ਨੂੰ ਵੱਡੀ ਗਿਣਤੀ ਵਿਚ ਹੁੰਮ—ਹੁਮਾ ਕੇ ਪਹੁੰਚਣ ਦੀ ਅਪੀਲ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਥ ਵਿੰਗ ਦੇ ਤਾਲਮੇਲ ਸਕੱਤਰ ਜਗਜੀਤ ਸਿੰਘ ਸ਼ੂਸ਼ਕ ਨੇ ਕਿਹਾ ਕਿ ਸਿੱਖ ਕੌਮ ਦੀ ਮਹਾਨ ਸ਼ਖ਼ਸੀਅਤ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਜਨਮ ਦਿਹਾੜੇ ਮੌਕੇ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਇੱਕ ਵੱਡਾ ਅਤੇ ਇਤਿਹਾਸਿਕ ਇਕੱਠ ਹੋਵੇਗਾ, ਇਸ ਮੌਕੇ ਵੱਡੀ ਗਿਣਤੀ ਵਿੱਚ ਸਿੱਖ ਕੌਮ ਸ਼ਿਰਕਤ ਕਰੇਗੀ ਅਤੇ ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਖ਼ਾਤਰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਕੀਤੀ ਗਈ ਕੁਰਬਾਨੀ ਨੂੰ ਕਦੇ ਵੀ ਸਿੱਖ ਕੌਮ ਭੁਲਾ ਨਹੀਂ ਸਕਦੀ ਅਤੇ ਉਨ੍ਹਾਂ ਕਿਹਾ ਕਿ ਇਸ ਵਾਰ ਨੌਜਵਾਨ ਵੀ ਵੱਡੀ ਗਿਣਤੀ ਵਿਚ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸੰਤ ਜਰਨੈਲ ਜੱਸ ਖਾਲਸਾ ਭਿੰਡਰਾਂ ਵਾਲਿਆਂ ਦੇ 12 ਫਰਵਰੀ ਨੂੰ ਮਨਾਏ ਜਾ ਰਹੇ ਜ਼ਨਮ ਦਿਹਾੜੇ ਮੌਕੇ ਪਹੁੰਚਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਡੀ—ਵਾਰਮਿੰਗ ਡੇ ਮਨਾਇਆ ਗਿਆ



ਫ਼ਿਰੋਜ਼ਪੁਰ, 10 ਫਰਵਰੀ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ ਡੀ—ਵਾਰਮਿੰਗ ਡੇ ਮਨਾਇਆ ਗਿਆ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵੱਖ—ਵੱਖ ਚਾਰਟ ਬਣਾ ਕੇ ਪ੍ਰਦਰਸ਼ਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀਆਂ ਨੂੰ ਖਾਣਾ ਖਾਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ। ਆਪਣੇ ਸਰੀਰ ਦੀ ਸਾਫ ਸਫਾਈ ਰੱਖਣੀ ਚਾਹੀਦੀ ਹੈ ਆਪਣਾ ਆਲਾ ਦੁਆਲਾ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਅਤੇ ਇਸ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਵੱਲੋਂ ਅਤੇ ਸਿਹਤ ਵਿਭਾਗ ਵੱਲੋਂ ਸਕੂਲ ਵਿੱਚ ਵਿਦਿਆਰਥੀ ਦੀ ਸਿਹਤ ਸਬੰਧੀ ਜਾਂਚ ਅਤੇ ਸਕੂਲ ਵਿੱਚ ਵੰਡੀਆਂ ਜਾ ਰਹੀਆਂ ਦਵਾਈਆਂ ਬਾਰੇ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਮੂਹ ਵਿਦਿਆਰਥੀ ਅਤੇ ਅਧਿਆਪਕ ਸਾਹਿਬਾਨ ਸ਼ਾਮਿਲ ਹੋਏ।